ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 6 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੨ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਜਥੇਦਾਰ ਸਾਹਿਬ ਵੱਲੋਂ ਮੀਰੀ ਪੀਰੀ ਖ਼ਾਲਸਾ ਵਹੀਰ ਕੱਢਣ ਦਾ ਐਲਾਨ

**ਅੰਮ੍ਰਿਤਸਰ, 5 ਜੁਲਾਈ (ਆਵਾਜਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 24 ਤਾਰੀਖ਼ ਨੂੰ ਮੀਰੀ ਪੀਰੀ ਦਿਹਾੜੇ ਮੌਕੇ ਮੀਰੀ ਪੀਰੀ ਖ਼ਾਲਸਾ ਵਹੀਰ ਕੱਢਣ ਦਾ ਐਲਾਨ ਕੀਤਾ ਹੈ। ਇਹ ਵਹੀਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਕ ਕੱਢੀ ਜਾਵੇਗੀ। ਇਸ ਵਹੀਰ ਦਾ ਮੁੱਖ ਮੰਤਵ ਬੱਚਿਆਂ ਨੂੰ ਸਿੱਖੀ ਨਾਲ ਜੋੜਣਾ ਹੈ। ਜਥੇਦਾਰ ਗੜਗੱਜ ਨੇ ਇਹ ਐਲਾਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਥਕ ਇਕਤੱਰਤਾ ਦਾ ਦੌਰਾਨ ਕੀਤਾ। ਇਸ ਦੌਰਾਨ ਆਪਣੇ ਸੰਬੋਧਨ ਵਿਚ ਜਥੇਦਾਰ ਸਾਹਿਬ ਨੇ ਕਿਹਾ ਕਿ ਅੱਜਕੱਲ੍ਹ ਸੋਸ਼ਲ ਮੀਡੀਆ 'ਤੇ ਬਹੁਤ ਕੁਝ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਬਾਕਾਇਦਾ 2 ਸੈਂਟਰ ਚਲਾਏ ਜਾ ਰਹੇ ਹਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੇ ਚੰਡੀਗੜ੍ਹ ਵਿਚ ਦਿੱਲੀ ਦੇ ਬੰਦੇ ਬੈਠੇ ਹਨ, ਜੋ ਰੋਜ਼ ਹੀ ਪੰਥ ਦੀਆਂ ਮਾਣ-ਮਰਿਆਦਾ ਵਾਲੀਆਂ ਸੰਸਥਾਵਾਂ ਦੇ ਖ਼ਿਲਾਫ਼ ਬਿਰਤਾਂਤ ਚਲਾਉਂਦੇ ਹਨ।ਉਨ੍ਹਾਂ ਨੇ ਸਰਕਾਰ ਨੂੰ ਤਾੜਣਾ ਕੀਤੀ ਕਿ 10 ਦਿਨਾਂ ਦੇ ਅੰਦਰ ਇਨ੍ਹਾਂ ਡਾਟਾ ਸੈਂਟਰਾਂ 'ਤੇ ਬਿਠਾਏ ਆਪਣੇ ਬੰਦਿਆਂ ਨੂੰ ਇੱਥੋਂ ਉਠਾਇਆ ਜਾਵੇ, ਨਹੀਂ ਤਾਂ ਫ਼ਿਰ ਉਹ ਖ਼ੁਦ ਇਨ੍ਹਾਂ ਟਾਵਰਾਂ ਕੋਲ ਜਾ ਕੇ ਇਹ ਸਭ ਬੰਦ ਕਰਵਾਉਣਗੇ। ਇਸ ਮੌਕੇ ਜਥੇਦਾਰ ਸਾਹਿਬ ਨੇ ਕਿਹਾ ਕਿ ਪੰਜਾਬ ਦੇ ਪੁੱਤਰਾਂ ਨੂੰ ਨਾਜਾਇਜ਼ ਤੌਰ 'ਤੇ ਪੁਲਸ ਮੁਕਾਬਲੇ ਬਣਾ ਕੇ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਪਿਛਲੇ ਸਾਢੇ 4 ਸਾਲਾਂ ਦਾ ਰਿਕਾਰਡ ਮੌਜੂਦ ਹੈ। ਉਨ੍ਹਾਂ ਇਕ ਅਖਬਾਰੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਨਵਰੀ ਤੋਂ ਅਪ੍ਰੈਲ-ਮਈ ਤਕ ਹੀ 34 ਮੁਕਾਬਲੇ ਬਣੇ ਹਨ। ਉਨ੍ਹਾਂ ਹਕੂਮਤਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕੋਈ ਵੀ ਸਿੱਖ ਵਿਰੋਧੀ ਸਰਕਾਰ ਸਾਡੇ ਨੌਜਵਾਨਾਂ ਦਾ ਸ਼ਿਕਾਰ ਕਰਦੀ ਹੈ ਤਾਂ ਉਹ ਇਸ ਭੁਲੇਖੇ ਵਿਚ ਨਾ ਰਹੇ ਕਿ ਪੰਥ ਇਹ ਸਭ ਕੁਝ ਵੇਖ ਨਹੀਂ ਰਿਹਾ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੇ ਧੀਆਂ-ਪੁੱਤਾਂ ਨੂੰ ਨਸ਼ੇ ਤੋਂ ਬਚਾਉਣ ਲਈ ਉਪਰਾਲੇ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ 29 ਜੂਨ ਨੂੰ ਗੁਰੂ ਸਾਹਿਬ ਦੀ ਰਹਿਮਤ ਨਾਲ ਸਾਰਾ ਸੱਚ ਦੁਨੀਆ ਦਾ ਸਾਹਮਣੇ ਆ ਗਿਆ।

### ਖਮੇਨੀ ਦੇ ਅੰਤਿਮ ਸੰਸਕਾਰ 'ਚ ਪੇਸ਼ਕਾਰੀ ਦੇ ਰਹੇ ਕਵੀ ਨੇ ਕੀਤੀ ਮੰਗ

# 'ਟਰੰਪ ਨੂੰ ਮਾਰ ਦਿਓ..!'

**ਤੇਹਰਾਨ, 5 ਜੁਲਾਈ (ਆਵਾਜਿ ਕੌਮ ਬਿਊਰੋ)**-ਈਰਾਨ ਦੇ ਮਰਹੂਮ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਮੇਨੀ ਦੇ ਅੰਤਿਮ ਸੰਸਕਾਰ ਦੌਰਾਨ ਐਤਵਾਰ ਨੂੰ ਤਹਿਰਾਨ ਦੀਆਂ ਸੜਕਾਂ 'ਤੇ ਤਣਾਅਪੂਰਨ ਮਾਹੌਲ ਦੇਖਣ ਨੂੰ ਮਿਲਿਆ। ਲੱਖਾਂ ਦੀ ਭੀੜ ਦੇ ਸਾਹਮਣੇ ਪਹਿਲੀ ਵਾਰ ਮੰਚ ਤੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਮਾਰਨ ਦਾ ਸਿੱਧਾ ਸੱਦਾ ਦਿੱਤਾ ਗਿਆ। ਅੰਤਿਮ



ਸੰਸਕਾਰ ਦੇ ਪ੍ਰੋਗਰਾਮ ਦੌਰਾਨ ਪੇਸ਼ਕਾਰੀ ਦੇ ਰਹੇ ਕਵੀ ਮੁਹੰਮਦ ਰਸੂਲੀ ਨੇ ਲਾਊਡਸਪੀਕਰ ਰਾਹੀਂ ਭੀੜ ਨੂੰ ਸੰਬੋਧਨ ਕਰਦਿਆਂ ਟਰੰਪ ਦਾ ਜ਼ਿਕਰ ਕੀਤਾ ਅਤੇ ਸਵਾਲ ਪੁੱਛਿਆ, "ਦੁਨੀਆ ਦਾ ਸਭ ਤੋਂ ਦੁਸ਼ਟ ਵਿਅਕਤੀ ਅਜੇ ਤੱਕ ਜ਼ਿੰਦਾ ਕਿਉਂ ਹੈ?"। ਉਨ੍ਹਾਂ ਦੇ ਇਸ ਸਵਾਲ 'ਤੇ ਭੀੜ ਨੇ ਉਤਸ਼ਾਹ ਦਿਖਾਇਆ। ਜਦੋਂ ਉਨ੍ਹਾਂ ਨੇ ਕਿਹਾ ਕਿ ਹੁਣ ਇਸ ਦੁਨੀਆ ਵਿੱਚ ਟਰੰਪ ਲਈ ਕੋਈ ਥਾਂ ਨਹੀਂ ਹੈ ਤਾਂ ਭੀੜ ਨੇ ਉਨ੍ਹਾਂ ਦੀ ਗੱਲ ਦਾ ਸਮਰਥਨ ਕੀਤਾ। ਇਸ ਮੌਕੇ ਭੀੜ ਨੇ 'ਅਮਰੀਕਾ ਮੁਰਦਾਬਾਦ' ਅਤੇ 'ਇਜ਼ਰਾਈਲ ਮੁਰਦਾਬਾਦ' ਦੇ ਜ਼ੋਰਦਾਰ ਨਾਅਰੇ ਲਗਾਏ। ਪ੍ਰੋਗਰਾਮ ਵਾਲੀ ਥਾਂ 'ਤੇ ਟਰੰਪ ਅਤੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਮਾਰਨ ਦੀ ਮੰਗ ਵਾਲੇ ਪੋਸਟਰ ਅਤੇ ਬੈਨਰ ਵੀ ਲਗਾਏ ਗਏ ਸਨ। ਬਾਅਦ ਵਿੱਚ 97 ਸਾਲਾ ਸ਼ੀਆ ਧਰਮ ਗੁਰੂ ਅਯਾਤੁੱਲਾ ਜਾਫਰ ਸੋਭਾਨੀ ਨੇ ਤਹਿਰਾਨ ਦੇ ਗ੍ਰੈਂਡ ਮੋਸੱਲਾ ਵਿਖੇ ਖਮੇਨੀ ਅਤੇ ਉਨ੍ਹਾਂ ਦੇ ਵਿਛੜੇ ਪਰਿਵਾਰ ਲਈ ਨਮਾਜ਼ ਦੀ ਅਗਵਾਈ ਕੀਤੀ ਅਤੇ ਦੁਆ ਪੜ੍ਹੀ।ਖਮੇਨੀ ਦੇ ਪੁੱਤਰ, ਮਸੂਦ, ਮੇਸਮ ਅਤੇ ਮੁਸਤਫਾ ਤੋਂ ਇਲਾਵਾ ਪ੍ਰੋਗਰਾਮ ਵਿੱਚ ਈਰਾਨੀ ਰਾਸ਼ਟਰਪਤੀ ਮਸੂਦ ਪੇਜੇਸ਼ਕੀਅਨ ਅਤੇ ਰੈਵੋਲਿਊਸ਼ਨਰੀ ਗਾਰਡਜ਼ ਦੇ ਮੁਖੀ ਜਨਰਲ ਅਹਿਮਦ ਵਾਹਿਦੀ ਸਮੇਤ ਕਈ ਦਿੱਗਜ ਆਗੂ ਮੌਜੂਦ ਸਨ। ਹੈਰਾਨੀ ਦੀ ਗੱਲ ਇਹ ਰਹੀ ਕਿ ਈਰਾਨ ਦੇ ਨਵੇਂ ਸੁਪਰੀਮ ਲੀਡਰ ਅਤੇ ਖਮੇਨੀ ਦੇ ਬੇਟੇ ਅਯਾਤੁੱਲਾ ਮੁਜਤਬਾ ਖਮੇਨੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਨਹੀਂ ਹੋਏ। ਮੰਨਿਆ ਜਾ ਰਿਹਾ ਹੈ ਕਿ ਉਹ ਅਮਰੀਕਾ ਅਤੇ ਇਜ਼ਰਾਈਲ ਦੇ ਹਮਲੇ ਵਿੱਚ ਜ਼ਖਮੀ ਹੋਣ ਤੋਂ ਬਾਅਦ ਕਿਸੇ ਗੁਪਤ ਥਾਂ 'ਤੇ ਲੁਕੇ ਹੋਏ ਹਨ। ਇਸ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵਾਸ਼ਿੰਗਟਨ ਵਿੱਚ ਦੇਸ਼ ਦੀ 250ਵੀਂ ਵਰ੍ਹੇਗੰਢ ਮੌਕੇ ਬੋਲਦਿਆਂ ਕਿਹਾ ਕਿ ਸਾਨੂੰ ਜ਼ਬਰਦਸਤ ਸਫਲਤਾ ਮਿਲੀ ਹੈ। ਟਰੰਪ ਨੇ ਈਰਾਨ ਅਤੇ ਵੇਨੇਜ਼ੁਏਲਾ ਦਾ ਜ਼ਿਕਰ ਕਰਦਿਆਂ ਦਾਅਵਾ ਕੀਤਾ ਕਿ "ਅਸੀਂ ਉਨ੍ਹਾਂ ਨੂੰ ਮਿਟਾ ਦਿੱਤਾ ਅਤੇ ਉਨ੍ਹਾਂ ਦੀ ਸੈਨਾ ਨੂੰ ਖ਼ਤਮ ਕਰ ਦਿੱਤਾ।" ਜ਼ਿਕਰਯੋਗ ਹੈ ਕਿ ਅਯਾਤੁੱਲਾ ਅਲੀ ਖਮੇਨੀ 28 ਫਰਵਰੀ ਨੂੰ ਇੱਕ ਹਵਾਈ ਹਮਲੇ ਵਿੱਚ ਮਾਰੇ ਗਏ ਸਨ। ਵਰਤਮਾਨ ਵਿੱਚ ਈਰਾਨ ਹੋਰਮੁਜ਼ ਸਟ੍ਰੇਟ 'ਤੇ ਆਪਣੇ ਕੰਟਰੋਲ ਦੀ ਵਰਤੋਂ ਕਰਕੇ ਅਮਰੀਕਾ ਨਾਲ ਗੱਲਬਾਤ ਵਿੱਚ ਲਾਭ ਉਠਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਜੰਗ ਕਾਰਨ ਅੰਤਿਮ ਸੰਸਕਾਰ ਵਿੱਚ ਦੇਰੀ ਹੋਈ ਹੈ ਅਤੇ ਫਿਲਹਾਲ ਸਾਰੀਆਂ ਸ਼ਾਂਤੀ ਵਾਰਤਾਵਾਂ ਰੁਕੀਆਂ ਹੋਈਆਂ ਹਨ। ਅਜਿਹੇ ਵਿੱਚ ਇਜ਼ਰਾਈਲ ਵੱਲੋਂ ਮੁੜ ਹਮਲੇ ਦੀ ਸ਼ੰਕਾ ਨੇ ਖੇਤਰ ਵਿੱਚ ਦਹਿਸ਼ਤ ਬਣਾਈ ਹੋਈ ਹੈ।

## ਪੰਜਾਬ ਦੇ ਸਰਹੱਦੀ ਪਿੰਡ 'ਚ ਅਚਾਨਕ ਫੈਲੀ ਦਹਿਸ਼ਤ, ਖੇਤਾਂ 'ਚੋਂ ਮਿਲੀ ਬੰਬ ਵਰਗੀ ਚੀਜ਼, ਪੁਲਸ ਜਾਂਚ 'ਚ ਜੁੱਟੀ

**ਪਠਾਨਕੋਟ, 5 ਜੁਲਾਈ (ਆਵਾਜਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਪਿੰਡ ਰਾਏਪੁਰ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਦਰਅਸਲ ਪਿੰਡ ਦੇ ਨਾਲ ਲੱਗਦੇ ਖੇਤਾਂ 'ਚੋਂ ਇੱਕ ਬੰਬ ਵਰਗੀ ਚੀਜ਼ ਮਿਲੀ ਹੈ। ਬੰਬ ਵਰਗੀ ਚੀਜ਼ ਇੱਕ ਪੁਰਾਣਾ ਰਾਕੇਟ ਲਾਂਚਰ ਜਾਪਦਾ ਹੈ। ਇਸ ਦੌਰਾਨ ਮੌਕੇ 'ਤੇ ਪਹੁੰਚੀ ਪੁਲਸ ਵੱਲੋਂ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਜਦ ਖੇਤਾਂ ਵਿਚ ਪ੍ਰਵਾਸੀ ਕੰਮ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਇਕ ਪੁਰਾਣੇ ਬੰਬ ਨਮੂਨਾ ਚੀਜ਼ ਵੇਖਣ ਨੂੰ ਮਿਲੀ, ਜਿਨਾਂ ਵੱਲੋਂ ਤੁਰੰਤ ਆਪਣੇ ਮਾਲਕ ਨੂੰ ਸੂਚਿਤ ਕੀਤਾ। ਜਦੋਂ ਉਹ ਮੌਕੇ 'ਤੇ ਪਹੁੰਚਿਆ, ਤਾਂ ਉਸ ਨੇ ਪੁਲਸ ਨੂੰ ਸੂਚਿਤ ਕੀਤਾ। ਇਸ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚੀ ਅਤੇ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਬੰਬ ਵਰਗੀ ਚੀਜ਼ 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਵਰਤੀ ਗਈ ਜਾਪਦੀ ਹੈ ਅਤੇ ਇਹ ਇੱਕ ਪੁਰਾਣਾ ਰਾਕੇਟ ਲਾਂਚਰ ਜਾਪਦਾ ਹੈ, ਜਿਸਦੀ ਅਜੇ ਪੁਸ਼ਟੀ ਨਹੀਂ ਹੋਈ ਹੈ ਫੌਜ ਦੇ ਅਧਿਕਾਰੀਆਂ ਵੱਲੋਂ ਹੀ ਇਸ ਗੱਲ ਦੀ ਪੁਸ਼ਟੀ ਹੋਵੇਗੀ ਕਿ ਇਹ ਅਸਲ ਵਿੱਚ ਬੰਬ ਹੈ ਜਾਂ ਬੰਬ ਵਰਗੀ ਵਸਤੂ ਹੈ। ਦੂਜੇ ਪਾਸੇ ਪਿੰਡ ਦੇ ਸਰਪੰਚ ਨੇ ਕਿਹਾ ਕਿ ਖੇਤ ਦੇ ਮਾਲਕ ਨੇ ਖੇਤਾਂ ਨੂੰ ਸਾਫ਼ ਕਰਨ ਲਈ ਕੁਝ ਲੋਕਾਂ ਨੂੰ ਕੰਮ 'ਤੇ ਰੱਖਿਆ ਸੀ। ਬਾਅਦ ਵਿੱਚ, ਜਦੋਂ ਉਨ੍ਹਾਂ ਨੇ ਖੇਤ ਦੇ ਵਿਚਕਾਰ ਜ਼ਮੀਨ ਵਿੱਚ ਇੱਕ ਲੋਹੇ ਦੀ ਵਸਤੂ ਦੱਬੀ ਹੋਈ ਦੇਖੀ, ਤਾਂ ਉਨ੍ਹਾਂ ਨੇ ਇਸਨੂੰ ਪੁੱਟ ਦਿੱਤਾ, ਅਤੇ ਇਹ ਬੰਬ ਵਰਗੀ ਵਸਤੂ ਲੱਗ ਰਹੀ ਸੀ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਫਿਲਹਾਲ ਇਹ 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਵਰਤਿਆ ਗਿਆ ਇੱਕ ਪੁਰਾਣਾ ਰਾਕੇਟ ਲਾਂਚਰ ਜਾਪਦਾ ਹੈ, ਪੁਲਸ ਅਤੇ ਹੋਰ ਵੱਖ-ਵੱਖ ਟੀਮਾਂ ਵੱਲੋਂ ਮੌਕੇ 'ਤੇ ਪਹੁੰਚ ਕੇ ਇਸ ਸਾਰੇ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਜਾਂਚ ਤੋਂ ਬਾਅਦ ਹੀ ਸਾਫ ਹੋਵੇਗਾ ਕਿ ਇਹ ਕੋਈ ਬੰਬ ਵਰਗੀ ਚੀਜ਼ ਹੈ ਜਾਂ ਕੁਝ ਹੋਰ ਆ, ਇਹ ਜਾਂਚ ਦਾ ਵਿਸ਼ਾ ਹੈ।



## ਪੰਥਕ ਇਕੱਤਰਤਾ ਦੌਰਾਨ ਪਾਸ ਕੀਤਾ ਗਿਆ ਮਤਾ ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਵੱਲੋਂ ਪੇਸ਼

**ਅੰਮ੍ਰਿਤਸਰ, 5 ਜੁਲਾਈ (ਆਵਾਜਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ



ਸੱਦੇ 'ਤੇ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅੰਮ੍ਰਿਤਸਰ ਵਿਖੇ ਇੱਕ ਵਿਸ਼ਾਲ 'ਪੰਥਕ ਇਕੱਠ' ਹੋਇਆ। ਸਮਾਗਮ ਦੇ ਸ਼ੁਰੂਆਤੀ ਦੌਰ ਵਿੱਚ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਵਾਰਾਂ ਗਾਇਨ ਕਰਕੇ ਨਿਹਾਲ ਕੀਤਾ। ਇਸ ਮੌਕੇ ਦੀਵਾਨ ਹਾਲ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਰਹੀਆਂ। ਇਸ ਪੰਥਕ ਇਕੱਠ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ ਅਤੇ ਕਈ ਪ੍ਰਮੁੱਖ ਸਿੱਖ ਜਥੇਬੰਦੀਆਂ ਦੇ ਨੁਮਾਇੰਦੇ, ਸਿੰਘ ਸੰਸਥਾਵਾਂ ਨੇ ਸ਼ਮੂਲੀਅਤ ਕੀਤੀ। ਇਸ ਇਕੱਤਰਤਾ 'ਚ ਕਿਸਾਨ ਜਥੇਬੰਦੀਆਂ ਦੇ ਆਗੂ ਵੀ ਪਹੁੰਚੇ ਜਿਨ੍ਹਾਂ ਨੇ ਪੰਥਕ ਹਿੱਤਾਂ ਲਈ ਸੰਬੋਧਿਤ ਕਰਦੇ ਹੋਏ ਇਕਜੁੱਟਤਾ ਦਿਖਾਈ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਕੱਠ ਦੌਰਾਨ ਪੇਸ਼ ਕੀਤੇ ਗਏ ਗੁਰਮਤੇ 'ਚ ਸਪਸ਼ਟ ਕੀਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਵੱਲੋਂ ਸਥਾਪਿਤ ਸਿੱਖ ਕੌਮ ਦੀ ਸਰਬਉੱਚ ਪ੍ਰਭੂਸਤਾ ਸੰਪੰਨ ਸੰਸਥਾ ਹੈ। ਧਾਮੀ ਨੇ ਕਿਹਾ ਕਿ ਇਹ ਕੇਵਲ ਇੱਕ ਧਾਰਮਿਕ ਕੇਂਦਰ ਨਹੀਂ, ਸਗੋਂ ਕੌਮੀ ਅਣਖ, ਸਵੈਮਾਨ, ਨਿਆਂ ਅਤੇ ਮੀਰੀ-ਪੀਰੀ ਦੇ ਸਿਧਾਂਤ ਦੀ ਰਾਖੀ ਕਰਨ ਵਾਲਾ ਮਹਾਨ ਅਸਥਾਨ ਹੈ। ਇਤਿਹਾਸ ਗਵਾਹ ਹੈ ਕਿ ਇਸ ਪਵਿੱਤਰ ਤਖ਼ਤ ਤੋਂ ਜਾਰੀ ਹੋਏ ਹੁਕਮਨਾਮੇ ਤੇ ਆਦੇਸ਼ਾਂ ਨੇ ਸਿੱਖ ਕੌਮ ਨੂੰ ਏਕਤਾ, ਅਨੁਸ਼ਾਸਨ ਅਤੇ ਮਰਿਆਦਾ ਦੇ ਸੂਤਰ 'ਚ ਬਣ ਕੇ ਰੱਖਿਆ ਹੈ।ਸਿੱਖ ਕੌਮ ਨੇ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਤੋਂ ਸੇਧ ਲਈ ਹੈ ਅਤੇ ਇਸ ਦੇ ਫੈਸਲਿਆਂ ਨੂੰ ਪ੍ਰਵਾਨ ਕੀਤਾ ਹੈ। ਇਸ ਦੌਰਾਨ ਪ੍ਰਧਾਨ ਧਾਮੀ ਨੇ ਕਿਹਾ ਮੁੱਖ ਮੰਤਰੀ ਟਕਰਾਅ ਦਾ ਰਸਤਾ ਛੱਡ ਕੇ ਜਲਦ ਤੋਂ ਜਲਦ ਖਿਮਾ ਜਾਚਨਾ ਕਰਨ, ਕਿਉਂਕਿ ਵੱਡੇ-ਵੱਡੇ ਰਾਜਨੀਤਿਕ ਮਹਾਂਬਲੀਆਂ ਨੂੰ ਵੀ ਅੰਤ ਵਿੱਚ ਇਸ ਤਖ਼ਤ ਦੀ ਸ਼ਰਨ 'ਚ ਹੀ ਆਉਣਾ ਪਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਆਦਾ ਦਾ ਨਿਰਾਦਰ ਕਰਨਾ ਬਹੁਤ ਹੀ ਦੁਖਦਾਈ ਅਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਇਸ ਤੋਂ ਵੱਧ ਚਿੰਤਾ ਦਾ ਵਿਸ਼ਾ ਹੈ ਕਿ ਆਪਣੀ ਭੁੱਲ ਸਵਿਕਾਰ ਕਰਨ ਦੀ ਥਾਂ ਆਮ ਆਦਮੀ ਪਾਰਟੀ ਆਗੂਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬਉੱਚ ਪੰਥਕ ਅਥਾਰਟੀ ਨੂੰ ਚੁਣੌਤੀ ਦਿੱਤੀ। ਜੋ ਕਿ ਸ੍ਰੀ ਅਕਾਲ ਤਖਤ ਸਾਹਿਬ ਦੀਆਂ ਮਰਿਆਦਾ ਦੇ ਖਿਲਾਫ ਹੈ ਅਤੇ ਕੌਮ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ ਨਹੀਂ ਕਰਦੀ। ਪ੍ਰਧਾਨ ਧਾਮੀ ਗੁਰਮਤੇ ਨੂੰ ਪੜ੍ਹਦਿਆਂ ਅੱਗੇ ਕਿਹਾ ਕਿ ਪਿੰਡ ਪੱਧਰ 'ਤੇ ਗੁਰੂ ਸਿੱਖਾਂ ਦੀਆਂ ਕਮੇਟੀਆਂ ਗਠਤ ਕੀਤੀਆਂ ਜਾਣਗੀਆਂ। ਇਨ੍ਹਾਂ ਕਮੇਟੀਆਂ ਦਾ ਮੁੱਖ ਮਨੋਰਥ ਸਿੱਖੀ ਰਵਾਇਤਾਂ ਅਤੇ ਪ੍ਰੰਪਰਾਵਾਂ ਪ੍ਰਤੀ ਸੰਗਤ 'ਚ ਚੇਤਨਤਾ ਪੈਦਾ ਕਰਨਾ ਹੋਵੇਗਾ। ਇਹ ਕਮੇਟੀਆਂ ਸੰਘਰਸ਼ ਕਮੇਟੀਆਂ ਵਜੋਂ ਕੰਮ ਕਰਨਗੀਆਂ ਤਾਂ ਜੋ ਪੰਥ ਦੀ ਧਾਰਾ ਨੂੰ ਘਰ-ਘਰ ਤੱਕ ਲੈ ਕੇ ਜਾਇਆ ਜਾ ਸਕੇ। ਇਸ ਦੌਰਾਨ ਉਨ੍ਹਾਂ ਨੇ ਖਾਲਸਾ ਪੰਥ ਨੂੰ ਅਪੀਲ ਕੀਤੀ ਕਿ ਸੋਸ਼ਲ ਮੀਡੀਆ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਰਾਹੀਂ ਸਿੱਖ ਸੰਸਥਾਵਾਂ ਵਿਰੁੱਧ ਫੈਲਾਈ ਜਾ ਰਹੀ ਗਲਤ ਜਾਣਕਾਰੀ ਅਤੇ ਸਾਜ਼ਿਸ਼ੀ ਪ੍ਰਚਾਰ ਨੂੰ ਸਮਝਿਆ ਜਾਵੇ।

## ਕੌਮੀ ਇਨਸਾਫ ਮੋਰਚੇ ਵੱਲੋਂ ਪੰਥਕ ਅਤੇ ਕਿਸਾਨ ਜਥੇਬੰਦੀਆਂ ਨਾਲ ਮਿਲ ਕੇ ਆਰ-ਪਾਰ ਦੀ ਲੜਾਈ ਲੜਨ ਦਾ ਐਲਾਨ



**ਮੋਗਾ, 20 ਜੂਨ (ਆਵਾਜਿ ਕੌਮ ਬਿਊਰੋ)**-ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ ਅੱਜ ਲੁਧਿਆਣਾ ਵਿਖੇ ਪੰਥਕ ਅਤੇ ਕਿਸਾਨ ਜਥੇਬੰਦੀਆਂ ਦੀ ਇੱਕ ਵਿਸ਼ਾਲ ਅਤੇ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੰਜਾਬ ਦੇ ਮੌਜੂਦਾ ਮਸਲਿਆਂ ਦਾ ਹੱਲ ਹੁਣ ਕੇਵਲ ਇੱਕ ਵੱਡੇ ਲੋਕ ਅੰਦੋਲਨ ਰਾਹੀਂ ਹੀ ਸੰਭਵ ਹੈ,ਮੀਟਿੰਗ ਵਿੱਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਨੂੰ ਦਰਪੇਸ਼ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਚੁਣੌਤੀਆਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਵੱਡਾ ਜਨ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ ਦੇਸ਼ ਦੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਦੇ ਪੰਜਾਬ ਦੌਰਿਆਂ ਦੌਰਾਨ ਰੋਸ ਪ੍ਰਦਰਸ਼ਨ ਕੀਤੇ ਜਾਣਗੇ,ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 11 ਜੁਲਾਈ ਨੂੰ ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਰਿਹਾਇਸ਼ ਦੇ ਬਾਹਰ ਰੋਸ ਧਰਨਾ ਦਿੱਤਾ ਜਾਵੇਗਾ, ਜਦਕਿ 4 ਜੁਲਾਈ ਨੂੰ ਸਰਹਿੰਦ ਵਿਖੇ ਰੇਲ ਰੋਕੋ ਅੰਦੋਲਨ ਕੀਤਾ ਜਾਵੇਗਾ। ਇਸ ਤੋਂ ਇਲਾਵਾ 15 ਅਗਸਤ ਨੂੰ ਐਲਾਨੀ ਗਈ ਆਰ-ਪਾਰ ਦੀ ਲੜਾਈ ਲਈ ਤਿਆਰੀਆਂ ਸਬੰਧੀ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ,ਮੀਟਿੰਗ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ ਗਿਆ। ਇਸ ਸਬੰਧੀ ਫੈਸਲਾ ਕੀਤਾ ਗਿਆ ਕਿ ਦੁਨੀਆ ਭਰ ਦੀਆਂ ਅੰਬੈਸੀਆਂ, ਸੰਸਦ ਮੈਂਬਰਾਂ ਅਤੇ ਸੰਯੁਕਤ ਰਾਸ਼ਟਰ ਸੰਘ (ਯੂ.ਐੱਨ.ਓ.) ਨੂੰ ਪੱਤਰ ਲਿਖ ਕੇ ਇਸ ਮਾਮਲੇ ਵੱਲ ਧਿਆਨ ਦਿਵਾਇਆ ਜਾਵੇਗਾ,ਇਸ ਮੌਕੇ ਭਾਈ ਜਸਵੀਰ ਸਿੰਘ ਰੋਡੇ, ਭਾਈ ਮੋਕਮ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ, ਭਾਈ ਜਸਕਰਨ ਸਿੰਘ ਕਾਹਣ ਸਿੰਘ ਵਾਲਾ, ਜਥੇਦਾਰ ਗੁਰਦੀਪ ਸਿੰਘ ਬਠਿੰਡਾ, ਬਾਪੂ ਗੁਰਚਰਨ ਸਿੰਘ ਹਵਾਰਾ, ਗੁਰਜੰਤ ਸਿੰਘ ਕੱਟੂ, ਭਰਪੂਰ ਸਿੰਘ, ਭੁਪਿੰਦਰ ਸਿੰਘ ਗਦਲੀ, ਕੁਲਦੀਪ ਸਿੰਘ ਡੱਲਾ, ਸੰਤ ਚਰਨਜੀਤ ਸਿੰਘ ਜਸੋਵਾਲ, ਸਰਦੂਲ ਸਿੰਘ ਝਾੜ ਸਾਹਿਬ, ਜਥੇਦਾਰ ਬੂਟਾ ਸਿੰਘ ਰਣਸੀਹ, ਪਾਲ ਸਿੰਘ ਘਢੋਵਾਂ, ਬਲਵਿੰਦਰ ਸਿੰਘ ਝਾੜ ਸਾਹਿਬ, ਗੁਰਿੰਦਰ ਸਿੰਘ ਭੰਗੂ, ਡਾ. ਦਰਸ਼ਨ ਪਾਲ, ਸੁੱਖ ਗਿੱਲ ਮੋਗਾ, ਜੀਤ ਔਲਖ, ਬਲਵਿੰਦਰ ਸਿੰਘ ਪਿਆਰੇਆਣਾ, ਇੰਦਰਵੀਰ ਸਿੰਘ ਪਟਿਆਲਾ, ਭਾਈ ਪਾਲ ਸਿੰਘ ਫਰਾਂਸ, ਰੇਸ਼ਮ ਸਿੰਘ ਖਰੜ, ਲੀਡਰ ਨੰਬਰਦਾਰ ਧਰਮਕੋਟ, ਲਖਬੀਰ ਸਿੰਘ ਸੋਟੀ ਅਤੇ ਪ੍ਰੋ. ਬਲਿੰਦਰ ਸਿੰਘ ਸਮੇਤ ਵੱਖ-ਵੱਖ ਪੰਥਕ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ,ਮੀਟਿੰਗ ਵਿੱਚ ਵਾਰਸ ਪੰਜਾਬ, ਅਕਾਲੀ ਦਲ ਅੰਮ੍ਰਿਤਸਰ, ਯੂਨਾਇਟਡ ਅਕਾਲੀ ਦਲ, ਸ਼ੇਰੇ-ਏ-ਪੰਜਾਬ ਕਿਸਾਨ ਯੂਨੀਅਨ, ਕਰਾਂਤੀਕਾਰੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਅਤੇ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ,ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਹੱਕਾਂ, ਬੰਦੀ ਸਿੰਘਾਂ ਦੀ ਰਿਹਾਈ ਅਤੇ ਕਿਸਾਨੀ ਮਸਲਿਆਂ ਨੂੰ ਲੈ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

**☛ 4 ਜੁਲਾਈ ਨੂੰ ਸਰਹਿੰਦ ਵਿਖੇ ਰੋਕੀਆਂ ਜਾਣਗੀਆਂ ਰੇਲਾਂ। ☛ 11 ਜੁਲਾਈ ਨੂੰ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਘਰ ਦਾ ਕੀਤਾ ਜਾਵੇਗਾ ਘਿਰਾਓ**

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ

# ਵਿਸ਼ਾਲ ਪੰਥਕ ਇਕੱਠ ਹੋਇਆ

### ਐਡਵੋਕੇਟ ਧਾਮੀ ਵੱਲੋਂ ਪੇਸ਼ ਕੀਤੇ ਗੁਰਮਤੇ ਨੂੰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ 'ਚ ਦਿੱਤੀ ਪ੍ਰਵਾਨਗੀ




**ਨਵੀਂ ਦਿੱਲੀ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬਾਨ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਖ਼ਾਲਸਾ ਪੰਥ ਵਿਰੋਧੀ ਐਲਾਨਣ ਦੇ ਫੈਸਲੇ ਦੀ ਪ੍ਰੋੜ੍ਹਤਾ ਲਈ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਵੱਲੋਂ ਗਿਆਨੀ ਪਰਮਵੀਰ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਤਰਨਾ ਦਲ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਮੇਜਰ ਸਿੰਘ ਸੋਢੀ ਤਰਨਾ ਦਲ ਸਮੇਤ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਸਥਾਪਤ ਕੀਤਾ ਸੱਚਾ ਤਖ਼ਤ ਹੈ, ਜਿਸ ਦੀ ਸਰਵਉੱਚਤਾ ਨੂੰ ਕੋਈ ਵੀ ਚੁਣੌਤੀ ਨਹੀਂ ਦੇ ਸਕਦਾ। ਇਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਪਾਲਣਾ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਹੈ ਅਤੇ ਪੰਜ ਸਿੰਘ ਸਾਹਿਬਾਨ ਵੱਲੋਂ ਕੀਤੇ ਆਦੇਸ਼ ਦੀ ਪ੍ਰੋੜ੍ਹਤਾ ਲਈ ਸਮੁੱਚੇ ਪੰਥ ਦਾ ਇਕਜੁਟ ਹੋ ਕੇ ਖੜ੍ਹਨਾ ਉਨ੍ਹਾਂ ਲੋਕਾਂ ਨੂੰ ਜਵਾਬ ਹੈ, ਜੋ ਇਸ ਦੀ ਮਾਣ-ਮਰਯਾਦਾ ਤੇ ਪ੍ਰੰਪਰਾਵਾਂ ਨੂੰ ਢਾਹ ਲਗਾਉਣ ਦੇ ਯਤਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੋ ਜਿਸ ਨੇ ਵੀ ਆਪਣੀ ਹਉਮੈ ਛੱਡ ਕੇ ਇਸ ਤਖ਼ਤ 'ਤੇ ਆਪਣੇ ਨੂੰ ਸਮਰਪਣ ਕੀਤਾ ਹੈ, ਉਹ ਹਮੇਸ਼ਾ ਨਿਰਮਲ ਹੋ ਕੇ ਗਿਆ ਹੈ। ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸੱਦੇ 'ਤੇ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ, ਸੰਪ੍ਰਦਾਵਾਂ ਤੇ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਸਮੂਹ ਜਥੇਬੰਦੀਆਂ ਦੀ ਸਹਿਮਤੀ ਨਾਲ ਇਕ ਮਤਾ ਵੀ ਪੇਸ਼ ਕੀਤਾ ਗਿਆ, ਜਿਸ ਨੂੰ ਸਮੂਹ ਜਥੇਬੰਦੀਆਂ ਅਤੇ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਗੁਰੂ ਦਾ ਸਦੀਵੀ ਤਖ਼ਤ ਹੈ। ਸਮੇਂ ਦੀਆਂ ਹਕੂਮਤਾਂ ਵੱਲੋਂ ਕਈ ਵਾਰ ਇਸ ਤਖ਼ਤ 'ਤੇ ਹਮਲੇ ਹੋਏ, ਜਿਸ ਦਾ ਖ਼ਾਲਸੇ ਨੇ ਹਮੇਸ਼ਾ ਡੱਟ ਕੇ ਮੁਕਾਬਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਤਾਕਤਾਂ ਭਰਮ ਪਾਲ ਬੈਠੀਆਂ ਹਨ, ਉਨ੍ਹਾਂ ਨੂੰ ਇਤਿਹਾਸ ਨਹੀਂ ਭੁੱਲਣਾ ਚਾਹੀਦਾ ਕਿ ਵੱਡਿਆਂ-ਵੱਡਿਆਂ ਨੂੰ ਵੀ ਅਖ਼ੀਰ ਇਸ ਤਖ਼ਤ 'ਤੇ ਝੁਕਣਾ ਪਿਆ ਸੀ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਸਥਾਵਾਂ ਖ਼ਿਲਾਫ਼ ਕੀਤੇ ਜਾ ਰਹੇ ਭੰਡੀ ਪ੍ਰਚਾਰ ਦਾ ਸਖ਼ਤ ਨੋਟਿਸ ਲੈਂਦਿਆਂ ਸਰਕਾਰ ਨੂੰ ਤਾੜਨਾ ਕੀਤੀ ਕਿ ਚੰਡੀਗੜ੍ਹ ਤੇ ਮੋਹਾਲੀ ਵਿਚ ਬਾਹਰੋਂ ਆ ਕੇ ਜੋ ਲੋਕ ਸ਼ੋਸ਼ਲ ਮੀਡੀਆ 'ਤੇ ਅਜਿਹੀਆਂ ਹਰਕਤਾਂ ਕਰ ਰਹੇ ਹਨ, ਉਨ੍ਹਾਂ ਨੂੰ 10 ਦਿਨਾਂ ਦੇ ਅੰਦਰ-ਅੰਦਰ ਬੰਦ ਕੀਤਾ ਜਾਵੇ। ਇਹ ਵਰਤਾਰਾ ਬੰਦ ਨਾ ਹੋਇਆ ਤਾਂ ਖ਼ਾਲਸਾ ਪੰਥ ਆਪ ਐਕਸ਼ਨ ਲੈਣ ਲਈ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਨੌਜੁਆਨੀ ਅਤੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਮੀਰੀ ਪੀਰੀ ਦਿਵਸ ਮੌਕੇ 24 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਖ਼ਾਲਸਾ ਵਹੀਰ ਚਲਾਈ ਜਾਵੇਗੀ, ਜਿਸ ਦਾ ਮਕਸਦ ਧਰਮ ਦੇ ਪ੍ਰਚਾਰ ਪ੍ਰਸਾਰ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨਾ ਹੋਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਹਰ ਸਾਲ ਪੰਥਕ ਜਥੇਬੰਦੀਆਂ ਨੂੰ ਨਾਲ ਲੈ ਕੇ ਵੱਡੇ ਪੱਧਰ 'ਤੇ ਮਨਾਉਣ ਲਈ ਵੀ ਆਖਿਆ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਕਿਹਾ ਕਿ ਸਰਕਾਰਾਂ ਆਪ ਹੁਦਰੇਪਣ ਨਾਲ ਕਾਨੂੰਨ ਬਣਾ ਕੇ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦਾ ਯਤਨ ਕਰ ਰਹੀਆਂ ਹਨ। ਖ਼ਾਲਸਾ ਪੰਥ ਨੂੰ ਏਜੰਸੀਆਂ ਵੱਲੋਂ ਚਲਾਏ ਜਾ ਰਹੇ ਅਜਿਹੇ ਏਜੰਡਿਆਂ ਤੋਂ ਸੁਚੇਤ ਹੋ ਕੇ ਇਕਜੁਟਤਾ ਨਾਲ ਟਾਕਰਾ ਕਰਨ ਦੀ ਲੋੜ ਹੈ। ਨਿਹੰਗ ਸਿੰਘ ਦਲਾਂ ਵੱਲੋਂ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਤੇ ਬਾਬਾ ਮੇਜਰ ਸਿੰਘ ਸੋਢੀ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਸਮੂਹ ਨਿਹੰਗ ਸਿੰਘ ਦਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਤ ਹਨ ਅਤੇ ਹਰ ਆਦੇਸ਼ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਗੇ। ਇਸੇ ਦੌਰਾਨ ਬਾਬਾ

ਆਵਾਜ਼ਿ ਕੌਮ AWAZE QAUM International Newspaper & WEB TV

ਹਰਨਾਮ ਸਿੰਘ ਖ਼ਾਲਸਾ ਦਮਦਮੀ ਟਕਸਾਲ ਵੱਲੋਂ ਬਾਬਾ ਸੁਖਦੇਵ ਸਿੰਘ, ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਐਡਵੋਕੇਟ ਪੂਰਨ ਸਿੰਘ ਹੁੰਦਲ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਬਾਬਾ ਪ੍ਰੀਤਮ ਸਿੰਘ ਡੁਮੇਲੀ ਵਾਲੇ, ਬਾਬਾ ਤੇਜਾ ਸਿੰਘ ਖੁੱਡੇ ਵਾਲੇ, ਕਿਸਾਨ ਆਗੂ ਸ. ਹਰਿੰਦਰ ਸਿੰਘ ਲੱਖੋਵਾਲ, ਸ. ਬਲਬੀਰ ਸਿੰਘ ਰਾਜੇਵਾਲ, ਬਾਬਾ ਹਾਕਮ ਸਿੰਘ ਨਿਰਮਲੇ ਸੰਪ੍ਰਦਾ, ਸ. ਅਮਰੀਕ ਸਿੰਘ ਬੱਲੋਵਾਲ, ਕਥਾਵਾਚਕ ਭਾਈ ਜਸਵੰਤ ਸਿੰਘ, ਬਾਬਾ ਪ੍ਰੀਤਮ ਸਿੰਘ ਡੁਮੇਲੀਵਾਲੇ, ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਵੀ ਸੰਬੋਧਨ ਕੀਤਾ। ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਰਾਜਦੀਪ ਸਿੰਘ, ਗਿਆਨੀ ਕੇਵਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਗਿਆਨੀ ਨਿਸ਼ਾਨ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਰਨਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਜਮੇਰ ਸਿੰਘ ਖੇੜਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਗੁਰਮੀਤ ਸਿੰਘ ਬੂਹ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਗੁਰਨਾਮ ਸਿੰਘ ਜੱਸਲ, ਸ. ਕੇਵਲ ਸਿੰਘ ਬਾਦਲ, ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਭਾਈ ਮਨਜੀਤ ਸਿੰਘ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਜਸਮੇਰ ਸਿੰਘ ਲਾਛੜੂ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਨਤਵੇਜ ਸਿੰਘ ਕਾਉਣੀ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਪ੍ਰਿਤਪਾਲ ਸਿੰਘ ਪਾਲੀ, ਬੀਬੀ ਗੁਰਪ੍ਰੀਤ ਕੌਰ, ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਰਜਿੰਦਰ ਕੌਰ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਵਤਾਰ ਸਿੰਘ ਵਣਵਾਲਾ, ਬੀਬੀ ਦਵਿੰਦਰ ਕੌਰ ਕਾਲਰਾ, ਸ. ਰਾਮ ਸਿੰਘ ਮੁੰਬਈ, ਸੀਨੀਅਰ ਅਕਾਲੀ ਆਗੂ ਜਥੇਦਾਰ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ. ਜਸਵਿੰਦਰ ਸਿੰਘ ਜੱਸੀ, ਸ. ਬਿਜੈ ਸਿੰਘ, ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ ਤਲਵੰਡੀ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਸਨਤਾਮ ਸਿੰਘ ਰਿਆੜ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਸ. ਕੰਵਲਜੀਤ ਸਿੰਘ ਕਾਕੀ, ਸ. ਨਰਿੰਦਰ ਸਿੰਘ ਵਾੜਾ, ਸ. ਪਰਮਵੀਰ ਸਿੰਘ ਲਾਡੀ, ਜ਼ਿਲ੍ਹਾ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਸ. ਸੁਰਜੀਤ ਸਿੰਘ ਭਲਵਾਨ, ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਵੱਲੋਂ ਬਾਬਾ ਨਿਰਮਲ ਸਿੰਘ, ਬਾਬਾ ਜਗਤਾਰ ਸਿੰਘ ਕਾਰਸੇਵਾ ਤਰਨ ਤਾਰਨ ਵਾਲੇ, ਬਾਬਾ ਬਚਨ ਸਿੰਘ ਦਿੱਲੀ ਵਾਲੇ, ਬਾਬਾ ਸੁਖਵਿੰਦਰ ਸਿੰਘ ਕਾਰਸੇਵਾ ਭੂਰੀ ਵਾਲੇ, ਸੰਪ੍ਰਦਾ ਦਲ ਬਾਬਾ ਬਿੱਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਬਾਬਾ ਨਾਹਰ ਸਿੰਘ ਸਾਧ ਜੀ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਗੁਰਪ੍ਰੀਤ ਸਿੰਘ ਕਾਰਸੇਵਾ ਖਡੂਰ ਸਾਹਿਬ, ਬਾਬਾ ਪ੍ਰੀਤਮ ਸਿੰਘ ਡੁੰਮੇਲੀ ਵਾਲੇ, ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਸੁਆਮੀ ਜੀ ਹੁਸ਼ਿਆਰਪੁਰ ਵਾਲੇ, ਬਾਬਾ ਸਤਨਾਮ ਸਿੰਘ ਆਦਮਪੁਰ, ਬਾਬਾ ਗਿਆਨ ਸਿੰਘ ਮਨਿਹਾਲੇ ਵਾਲੇ, ਬਾਬਾ ਪਰਮੇਸ਼ਰ ਸਿੰਘ ਜੰਡਿਆਲੇ ਵਾਲੇ, ਬਾਬਾ ਅਮੀਰ ਸਿੰਘ ਰਾੜਾ ਸਾਹਿਬ, ਬਾਬਾ ਗੁਰਮੁੱਖ ਸਿੰਘ ਆਲੋਵਾਲ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਸੁੱਚਾ ਸਿੰਘ ਮਲੋਟ, ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਬਾਬਾ ਬਲਦੇਵ ਸਿੰਘ ਮੁਸਤਾਬਾਦ, ਬਾਬਾ ਬਲਬੀਰ ਸਿੰਘ ਖਾਪੜਖੇੜੀ, ਬਾਬਾ ਸ਼ਮਸ਼ੇਰ ਸਿੰਘ ਬਾਲੇਵਾਲ, ਬਾਬਾ ਦਿਲਬਾਗ ਸਿੰਘ ਬਾਲੇਵਾਲ, ਬਾਬਾ ਕਸ਼ਮੀਰ ਸਿੰਘ ਧਰਮਕੋਟ, ਬਾਬਾ ਰਸ਼ਪਾਲ ਸਿੰਘ ਮੁਕਤਸਰ ਸਾਹਿਬ, ਬਾਬਾ ਸਤਨਾਮ ਸਿੰਘ ਲੁਧਿਆਣਾ, ਬਾਬਾ ਖੜਕ ਸਿੰਘ, ਬਾਬਾ ਸ਼ਮਸ਼ੇਰ ਸਿੰਘ ਪੱਟੀ, ਬਾਬਾ ਮਾਨ ਸਿੰਘ, ਬਾਬਾ ਰਵੇਲ ਸਿੰਘ, ਬਾਬਾ ਦਲਬੀਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਗੁਰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਤਰਲੋਕ ਸਿੰਘ ਖਿਆਲੇ ਵਾਲੇ, ਬਾਬਾ ਨਰੈਣ ਸਿੰਘ, ਬਾਬਾ ਅਮਨਦੀਪ ਸਿੰਘ ਟਕਸਾਲ ਸ਼ਹੀਦ ਭਾਈ ਮਨੀ ਸਿੰਘ, ਬਾਬਾ ਪਰਮਾਨੰਦ ਜੀ ਉਦਾਸੀ, ਡਾ. ਦਵਿੰਦਰ ਸਿੰਘ ਬੜੂ ਸਾਹਿਬ, ਬਾਬਾ ਬਲਰਾਜ ਸਿੰਘ, ਬਾਬਾ ਸਰਵਨ ਸਿੰਘ ਜੱਸੜ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ, ਬਾਬਾ ਜਸਵੀਰ ਸਿੰਘ ਭੁੰਚੋ ਮੰਡੀ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲਿਆਂ ਵੱਲੋਂ ਪ੍ਰਧਾਨ ਕਸ਼ਮੀਰ ਸਿੰਘ, ਬਾਬਾ ਸੁਰਿੰਦਰ ਸਿੰਘ ਦਿੱਲੀ ਵਾਲੇ, ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਚਰਨ ਸਿੰਘ ਗੁਰੂ ਕੇ ਬਾਗ, ਬਾਬਾ ਸੁੱਖਾ ਸਿੰਘ ਖ਼ਿਆਲੇ ਵਾਲੇ, ਗਿਆਨੀ ਅਮੀਰ ਸਿੰਘ ਜਵੱਦੀ ਵੱਲੋਂ ਬਾਬਾ ਰਣਜੀਤ ਸਿੰਘ, ਬਾਬਾ ਅਮਰਾਓ ਸਿੰਘ ਸੰਪ੍ਰਦਾਏ ਮਸਤੂਆਣਾ ਸਾਹਿਬ, ਬਾਬਾ ਜਗਰੂਪ ਸਿੰਘ ਨਿਰਮਲੇ, ਬਾਬਾ ਨਾਥ ਸਿੰਘ ਹਮੀਦੀ, ਬਬਾ ਅਜੀਤ ਸਿੰਘ ਕਾਰਸੇਵਾ ਠੱਠਾ, ਬਾਬਾ ਅਨੂਪ ਸਿੰਘ, ਸ. ਸ਼ਮਸ਼ੇਰ ਸਿੰਘ ਚੀਮਾਂ, ਬਾਬਾ ਤੇਜਾ ਸਿੰਘ ਖੁਡੇ ਵਾਲੇ, ਬਾਬਾ ਦਿਲਬਾਗ ਸਿੰਘ, ਬਾਬਾ ਸੰਤੋਖ ਸਿੰਘ ਬੀੜ ਸਾਹਿਬ, ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਨਾਮ ਸਿੰਘ ਡਰੌਲੀ ਭਾਈ, ਬਾਬਾ ਅਮਰੀਕ ਸਿੰਘ ਕਾਰ ਸੇਵਾ, ਬਾਬਾ ਗੁਰਦੇਵ ਸਿੰਘ ਵਾੜਾ, ਬਾਬਾ ਗੁਰਚਰਨ ਸਿੰਘ ਪੰਡਵਾਂ, ਭਾਈ ਸਰਬਜੀਤ ਸਿੰਘ ਠੱਕਰਵਾਲ, ਬਾਬਾ ਕਰਮਜੀਤ ਸਿੰਘ ਹੁਸ਼ਿਆਰਪੁਰ, ਬਾਬਾ ਸੁਰਜਨ ਸਿੰਘ, ਗਿਆਨੀ ਨਤਵੇਜ ਸਿੰਘ, ਭਾਈ ਜਸਵੰਤ ਸਿੰਘ, ਬਾਬਾ ਸੁਖਦੀਪ ਸਿੰਘ ਨਿਹੰਗ ਸਿੰਘ ਦਸ਼ਮੇਸ਼ ਤਰਨਾ ਦਲ, ਸੰਪ੍ਰਦਾਇ ਸ਼ਹੀਦ ਬਾਬਾ ਬੀਰ ਸਿੰਘ ਨੌਰੰਗਾਬਾਦ ਵੱਲੋਂ ਬਾਬਾ ਕੁਲਦੀਪ ਸਿੰਘ ਨੌਰੰਗਾਬਾਦੀ, ਬਾਬਾ ਇੰਦਰਜੀਤ ਸਿੰਘ, ਬਾਬਾ ਸਵਰਨ ਸਿੰਘ ਨਿਰਮਲੇ ਪੰਜਗਰਾਂਈ ਕਲਾ, ਬਾਬਾ ਨਿਰਵੈਰ ਸਿੰਘ, ਬਾਬਾ ਬਲਜਿੰਦਰ ਸਿੰਘ ਕਾਉਂਕੇ ਕਲਾ, ਬਾਬਾ ਚਮਕੌਰ ਸਿੰਘ ਪੰਜਗਰਾਂਈ, ਬਾਬਾ ਗੁਰਮੁੱਖ ਸਿੰਘ ਲੋਪੋ, ਬਾਬਾ ਅਮਨਦੀਪ ਸਿੰਘ ਚੀਮਾ, ਬਾਬਾ ਸੁਖਪ੍ਰੀਤ ਸਿੰਘ ਰਾਜੇਆਣਾ, ਬਾਬਾ ਸਰਵਣ ਸਿੰਘ ਆਦਮਪੁਰ, ਬਾਬਾ ਮਹਿੰਦਰ ਸਿੰਘ ਦਾਸ, ਜਥੇਦਾਰ ਕਿਰਪਾਲ ਸਿੰਘ ਗੋਰਾ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਿਵਰਾਓ ਜੀ ਨਿਰਮਲੇ, ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਗੁਰੂ ਨਾਨਕ ਵੈਲਫੇਰ ਸੋਸਾਇਟੀ ਗੇਰ੍ਹਾਂ ਦੇ ਚੇਅਰਮੈਨ ਸ. ਕਿਰਪਾਲ ਸਿੰਘ ਗੇਰ੍ਹਾਂ ਤੇ ਸ. ਲਖਵਿੰਦਰ ਸਿੰਘ, ਬਾਬਾ ਸੁਖਦੀਪ ਸਿੰਘ ਦਸਮੇਸ਼ ਤਰਨਾ ਦਲ, ਸਿੱਖ ਵਿਦਵਾਨ ਸ. ਇੰਦਰਜੀਤ ਸਿੰਘ ਗੋਗੋਆਣੀ, ਭਾਈ ਤੇਜਿੰਦਰਪਾਲ ਸਿੰਘ ਟਿੰਮਾ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਅਮਰਬੀਰ ਸਿੰਘ ਢੋਟ, ਬਾਬਾ ਅਜੀਤ ਸਿੰਘ ਲੁਧਿਆਣਾ, ਸ. ਰਛਪਾਲ ਸਿੰਘ ਫ਼ੌਜੀ, ਸ. ਜਸਜੀਤ ਸਿੰਘ, ਬਾਬਾ ਜਗਦੀਸ਼ ਸਿੰਘ ਡਰੋਲੀ ਖ਼ੁਰਦ, ਬਾਬਾ ਮਹਿੰਦਰ ਸਿੰਘ ਉਦਾਸੀ ਮੇਘੋਵਾਲ, ਹਲਕਾ ਇੰਚਾਰਜ ਬੀਬੀ ਜਹਿਦਾਂ ਸੁਲੇਮਾਨ, ਬਾਬਾ ਹਾਕਮ ਸਿੰਘ ਸਰਹਾਲੀ ਸਾਹਿਬ ਵਾਲਿਆਂ ਵੱਲੋਂ ਬਾਬਾ ਪ੍ਰਗਟ ਸਿੰਘ ਚੌਹਲਾ ਸਾਹਿਬ, ਬੀਬੀ ਗੁਰਮੀਤ ਕੌਰ, ਬੀਬੀ ਜਸਪ੍ਰੀਤ ਕੌਰ, ਸੁਆਮੀ ਰਾਜੇਸਵਰਾ ਨੰਦ ਅੰਬਾਲਾ, ਬਾਬਾ ਹਰਨਾਮ ਸਿੰਘ ਮਹਿਲਪੁਰ, ਬਾਬਾ ਸੁਖਦੇਵ ਸਿੰਘ ਸਿਧਾਣਾ ਸਾਹਿਬ, ਬਾਬਾ ਹਰਬੇਅੰਤ ਸਿੰਘ ਮਸਤੂਆਣਾ, ਬਾਬਾ ਸੁਖਵਿੰਦਰ ਸਿੰਘ ਸੋਨੀ, ਬਾਬਾ ਦਵਿੰਦਰ ਸਿੰਘ ਦਿਆਲਪੁਰਾ ਮਿਰਜਾ, ਸ. ਰਣਜੀਤ ਸਿੰਘ ਟਿੱਬਾ, ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਗ੍ਰੰਥੀ ਸਭਾ ਦੇ ਜਨਰਲ ਸਕੱਤਰ ਸ. ਕੁਲਦੀਪ ਸਿੰਘ ਮੱਲ੍ਹੀ, ਸ. ਦੀਦਾਰ ਸਿੰਘ, ਬਾਬਾ ਸਰਬਜੀਤ ਸਿੰਘ, ਬਾਬਾ ਨਿਰਮਲ ਸਿੰਘ ਸੰਧੂ, ਬਾਬਾ ਸਤਨਾਮ ਸਿੰਘ, ਬਾਬਾ ਨਾਰਾਇਣ ਸਿੰਘ, ਬਾਬਾ ਹਾਕਮ ਸਿੰਘ ਕਾਰਸੇਵਾ ਸਰਹਾਲੀ ਵਾਲਿਆਂ, ਭਾਈ ਧਰਮਪਾਲ ਸਿੰਘ, ਭਾਈ ਇਕਬਾਲ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਵਤਾਰ ਸਿੰਘ, ਬਾਬਾ ਬਲਬੀਰ ਸਿੰਘ ਖਾਪੜਖੇੜੀ, ਭਾਈ ਗੁਰਇਕਬਾਲ ਸਿੰਘ ਟਰੱਸਟ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਭਾਈ ਸੁਖਵਿੰਦਰ ਸਿੰਘ ਤੇ ਭਾਈ ਮਨਦੀਪ ਸਿੰਘ, ਕਿਸਾਨ ਆਗੂ ਸ. ਹਰਮੀਤ ਸਿੰਘ ਕਾਦੀਆਂ, ਸ. ਜਸਵੰਤ ਸਿੰਘ ਚੌਹਾਨ, ਸ. ਬਲਵਿੰਦਰ ਸਿੰਘ, ਸ. ਅਵਤਾਰ ਸਿੰਘ, ਸ. ਬਲਵਿੰਦਰ ਸਿੰਘ ਮਾਛੀਨੰਗਲ, ਸ. ਸੁਖਦੇਵ ਸਿੰਘ, ਸ. ਗੁਰਚਰਨ ਸਿੰਘ ਕੌਮੀ ਕਿਸਾਨ ਯੂਨੀਅਨ, ਸ. ਅਜੈਪਾਲ ਸਿੰਘ ਬਰਾੜ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ, ਸ. ਦਵਿੰਦਰ ਸਿੰਘ, ਸ. ਮਨਜੀਤ ਸਿੰਘ ਚਾਹਲ, ਸ. ਜਗਦੀਸ਼ ਸਿੰਘ ਬਰਾੜ ਚੇਅਰਮੈਨ, ਜ਼ਿਲ੍ਹਾ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਧਲੇਰ ਕਲਾ, ਅਕਾਲੀ ਆਗੂ ਸ. ਹਰਜਿੰਦਰ ਸਿੰਘ ਕੁੱਪ ਖ਼ੁਰਦ, ਸ. ਸੁਰਿੰਦਰ ਸਿੰਘ ਕਿਸ਼ਨਪੁਰਾ ਚੰਡੀਗੜ੍ਹ, ਸ. ਜਿਲੇ ਸਿੰਘ ਪ੍ਰਧਾਨ ਸਿੱਖ ਸਿਕਲੀਗਰ ਸੈੱਲ ਪੰਜਾਬ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਸ. ਯੁਵਰਾਜ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ ਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛੱਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

# ਅਕਾਲੀ ਦਲ
# ਵਾਰਿਸ ਪੰਜਾਬ ਦੇ

## ਭਾਈ ਮਨਦੀਪ ਸਿੰਘ ਸਿੱਧੂ ਦੇ ਪ੍ਰੋਗਰਾਮ ਦਾ ਵੇਰਵਾ-


ਭਾਈ ਮਨਦੀਪ ਸਿੰਘ ਸਿੱਧੂ
(ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ)

| | |
|---|---|
| **4 ਜੁਲਾਈ** 6:00 PM - 8:00 PM | Guruduwara Guru Nanak Dev Ji Luton |
| **5 ਜੁਲਾਈ** 11:00 AM - 11:15 AM | Guruduwara Sikh Temple Leeds |
| **5 ਜੁਲਾਈ** 11:30 AM - 11:45 AM | Guruduwara Singh Sabha Bradford |
| **5 ਜੁਲਾਈ** 11:50 AM - 12:10 PM | Guruduwara Sri Guru Gobind Singh Ji Bradford |
| **5 ਜੁਲਾਈ** 12:20 PM - 12:40 PM | Guruduwara Sri Guru Nanak Dev Ji Bradford |
| **5 ਜੁਲਾਈ** 6:00 PM - 7:00 PM | Guruduwara Baba Deep Singh ji Birmingham (Soho Road) |
| **8 ਜੁਲਾਈ** 7:00 PM | Live on PBC Channel |
| **11 ਜੁਲਾਈ** 7:00 PM | 374 Cranbrook Road, Gants Hill, Ilford, IG2 6HW |
| **12 ਜੁਲਾਈ** 11:00 AM - 12:00 Noon | Guruduwara Singh Sabha Souhall |

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਵਿਕਾਸ ਕਾਰਜਾਂ ਦੇ ਆਧਾਰ 'ਤੇ 2027 ਵਿੱਚ ਮੁੜ ਸਰਕਾਰ ਬਣਾਏਗੀ ਆਮ ਆਦਮੀ ਪਾਰਟੀ

# ਪ੍ਰੋ. ਬਲਜਿੰਦਰ ਕੌਰ ਵਲੋਂ ਕੀਤੀ ਹੈ ਪਿੰਡ ਸੇਖੂ ਵਿਖੇ ਲੋਕ ਮਿਲਣੀ



**ਤਲਵੰਡੀ ਸਾਬੋ, 5 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਹਲਕਾ ਤਲਵੰਡੀ ਸਾਬੋ ਤੋਂ ਆਮ ਆਦਮੀ ਪਾਰਟੀ ਦੀ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਪ੍ਰੋ. ਬੀਬਾ ਬਲਜਿੰਦਰ ਕੌਰ ਨੇ ਅੱਜ ਪਿੰਡ ਸੇਖੂ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕ ਭਲਾਈ ਨੂੰ ਸਮਰਪਿਤ ਅਨੇਕਾਂ ਇਤਿਹਾਸਕ ਫ਼ੈਸਲੇ ਲਏ ਹਨ, ਜਿਨ੍ਹਾਂ ਦਾ ਲਾਭ ਸੂਬੇ ਦੇ ਹਰ ਵਰਗ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿੱਖਿਆ, ਸਿਹਤ, ਬਿਜਲੀ, ਸੜਕਾਂ, ਪਾਣੀ ਦੀ ਸਪਲਾਈ, ਕਿਸਾਨ ਭਲਾਈ ਅਤੇ ਆਮ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦਾ ਮਕਸਦ ਸੂਬੇ ਦੇ ਹਰ ਵਿਅਕਤੀ ਤੱਕ ਵਿਕਾਸ ਦੇ ਲਾਭ ਪਹੁੰਚਾਉਣਾ ਹੈ ਅਤੇ ਇਸੇ ਸੋਚ ਨਾਲ ਹਰ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮਾਵਾਂ ਧੀਆਂ ਸਤਿਕਾਰ ਯੋਜਨਾ' ਔਰਤਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨੀਅਤ ਲੋਕ ਭਲਾਈ ਦੀ ਹੈ ਅਤੇ ਹਰ ਵਾਅਦਾ ਪੜਾਅਵਾਰ ਢੰਗ ਨਾਲ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਰਵਾਇਤੀ ਰਾਜਨੀਤੀ ਤੋਂ ਹਟ ਕੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਇਮਾਨਦਾਰ ਅਤੇ ਪਾਰਦਰਸ਼ੀ ਸ਼ਾਸਨ ਦੇਣ ਦੀ ਕੋਸ਼ਿਸ਼ ਕੀਤੀ ਹੈ। ਸਰਕਾਰ ਦੇ ਵਿਕਾਸ ਕਾਰਜਾਂ ਅਤੇ ਲੋਕ ਪੱਖੀ ਨੀਤੀਆਂ ਕਰਕੇ ਲੋਕਾਂ ਦਾ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਪ੍ਰੋ. ਬਲਜਿੰਦਰ ਕੌਰ ਨੇ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਵਿਕਾਸ ਕਾਰਜਾਂ, ਲੋਕ ਭਲਾਈ ਦੀਆਂ ਯੋਜਨਾਵਾਂ ਅਤੇ ਸਰਕਾਰ ਦੀ ਕਾਰਗੁਜ਼ਾਰੀ ਦੇ ਆਧਾਰ 'ਤੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਸਰਕਾਰ ਬਣਾਉਣ ਦਾ ਮੌਕਾ ਦੇਣਗੇ। ਇਸ ਮੌਕੇ ਪਿੰਡ ਵਾਸੀਆਂ ਨੇ ਵੀ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਵਿਧਾਇਕਾ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ ਗਿਆ। ਲੋਕ ਮਿਲਣੀ ਵਿੱਚ ਪਾਰਟੀ ਦੇ ਆਗੂ, ਵਰਕਰ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।



18 ਸਾਲਾਂ ਤੋਂ ਸੱਠੀ ਮੂੰਗੀ ਦੀ ਫ਼ਸਲ ਬੀਜ ਕੇ

# ਆਪਣੀ ਆਮਦਨ 'ਚ ਵਾਧਾ ਕਰ ਰਿਹਾ ਹੈ ਕਿਸਾਨ ਨਿਰਮਲ ਸਿੰਘ





**ਤਲਵੰਡੀ ਸਾਬੋ, 5 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਦੇ ਪਿੰਡ ਗੋਲੇਵਾਲਾ ਦਾ ਕਿਸਾਨ ਨਿਰਮਲ ਸਿੰਘ ਕਣਕ ਦੀ ਕਟਾਈ ਕਰਨ ਤੋਂ ਬਾਅਦ ਸੱਠੀ ਮੂੰਗੀ ਬੀਜ ਕੇ ਆਪਣੀ ਆਮਦਨ 'ਚ ਮੁਨਾਫ਼ਾ ਕਰ ਰਿਹਾ ਹੈ। ਨਿਰਮਲ ਸਿੰਘ ਪਿਛਲੇ ਲਗਭਗ 18 ਸਾਲਾਂ ਤੋਂ ਮੂੰਗੀ ਦੀ ਕਾਸ਼ਤ ਕਰ ਰਿਹਾ ਹੈ। ਇਸ ਦੇ ਵਧੀਆ ਮੁਨਾਫ਼ੇ ਨੂੰ ਵੇਖਦੇ ਹੋਏ ਇਸ ਸਾਲ ਵੀ ਉਸ ਵਲੋਂ 12 ਏਕੜ ਮੂੰਗੀ ਦੀ ਫ਼ਸਲ ਬੀਜੀ ਹੈ। ਇਹ ਕਿਸਾਨ ਬਾਸਮਤੀ ਅਤੇ ਝੋਨੇ ਦੀ ਪਛੇਤੀ ਕਿਸਮ ਲਗਾਉਣ ਤੋਂ ਪਹਿਲਾਂ ਸੱਠੀ ਮੂੰਗੀ ਦੀ ਕਾਸ਼ਤ ਕਰਦਾ ਹੈ। ਇਸ ਨਾਲ ਜਿੱਥੇ ਇੱਕ ਵਾਧੂ ਫ਼ਸਲ ਰਾਹੀਂ ਇਸ ਨੂੰ ਵਾਧੂ ਆਮਦਨ ਹੁੰਦੀ ਹੈ ਉੱਥੇ ਹੀ ਮੂੰਗੀ ਦੀ ਫ਼ਸਲ ਆਪਣੀਆਂ ਜੜ੍ਹਾਂ ਦੇ ਕੁਦਰਤੀ ਗੁਣ ਕਾਰਨ ਜ਼ਮੀਨ ਵਿਚ ਨਾਈਟ੍ਰੋਜ਼ਨ ਫਿਕਸੇਸ਼ਨ ਰਾਹੀਂ ਜ਼ਮੀਨ ਵਿਚ ਨਾਈਟ੍ਰੋਜ਼ਨ ਖਾਦ ਦੀ ਮਾਤਰਾ ਵਧਾਉਂਦੀ ਹੈ। ਇਸ ਤਰ੍ਹਾਂ ਕਰਨ ਨਾਲ ਅਗਲੀ ਫ਼ਸਲ ਨੂੰ ਘੱਟ ਨਾਈਟ੍ਰੋਜ਼ਨ ਖਾਦ ਭਾਵ ਘੱਟ ਯੂਰੀਆ ਖਾਦ ਪਾਉਣ ਦੀ ਜ਼ਰੂਰਤ ਪੈਂਦੀ ਹੈ। ਇਸ ਨਾਲ ਘੱਟ ਲਾਗਤਾਂ ਨਾਲ ਜਿੱਥੇ ਕਿਸਾਨ ਚੰਗੀ ਫ਼ਸਲ ਪ੍ਰਾਪਤ ਕਰ ਸਕਦੇ ਹਨ, ਉੱਥੇ ਹੀ ਘੱਟ ਰਸਾਇਣਕ ਖਾਦਾਂ ਵਾਲੀ ਉਪਜ ਦਾ ਵੀ ਕਿਸਾਨ ਨੂੰ ਚੰਗਾ ਮੁੱਲ ਮਿਲ ਸਕਦਾ ਹੈ। ਉਦਮੀ ਕਿਸਾਨ ਨਿਰਮਲ ਸਿੰਘ ਦਾ ਕਹਿਣਾ ਹੈ ਕਿ ਉਸ ਵੱਲੋਂ ਦਾਲਾਂ ਨੂੰ ਫ਼ਸਲ ਚੱਕਰ ਦਾ ਹਿੱਸਾ ਬਣਾਉਣ ਨਾਲ ਉਸਦੀ ਜ਼ਮੀਨ ਦੀ ਸਿਹਤ ਵਿਚ ਸੁਧਾਰ ਹੋਇਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿਸ ਖੇਤ ਵਿਚ ਮੂੰਗੀ ਦੀ ਫ਼ਸਲ ਬੀਜੀ ਜਾਂਦੀ ਹੈ ਉਸ ਖੇਤ ਵਿਚ ਬਾਸਮਤੀ ਅਤੇ ਪਿਛੇਤੀ ਕਿਸਮ ਦਾ ਝੋਨਾ ਲਗਭਗ 20 ਜੁਲਾਈ ਤੋਂ ਬਾਅਦ ਹੀ ਲਗਾਇਆ ਜਾਂਦਾ ਹੈ। ਇਸ ਨਾਲ ਜਿੱਥੇ ਪਾਣੀ ਦੀ ਬੱਚਤ ਹੁੰਦੀ ਹੈ, ਉੱਥੇ ਬਿਜਲੀ ਦੀ ਵੀ ਖ਼ਪਤ ਘੱਟਦੀ ਹੈ ਅਤੇ ਇਹ ਝੋਨਾ ਪਰਮਲ ਝੋਨਾ ਜੋ ਕਿ ਜੂਨ ਮਹੀਨੇ ਲਗਾਇਆ ਜਾਂਦਾ ਹੈ ਦੇ ਬਰਾਬਰ ਸਮੇਂ ਵਿੱਚ ਹੀ ਪੱਕ ਕੇ ਤਿਆਰ ਹੋ ਜਾਂਦਾ ਹੈ। ਮਿਹਨਤਕਸ਼ ਕਿਸਾਨ ਨੇ ਦੱਸਿਆ ਕਿ ਸੱਠੀ ਮੂੰਗੀ ਹੇਠ ਰਕਬਾ ਵਧਾ ਕੇ ਉਸ ਨੂੰ ਹੋਰ ਉਪਜਾਊ ਬਣਾਉਣ ਦੇ ਉਪਰਾਲੇ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ 65 ਤੋਂ 70 ਦਿਨਾਂ ਤੱਕ ਦੀ ਫ਼ਸਲ ਹੈ, ਜਿਹੜੀ ਕਿ ਕਣਕ ਅਤੇ ਝੋਨੇ ਦੇ ਵਿਚਕਾਰਲੇ ਸਮੇਂ ਦੌਰਾਨ ਬੀਜੀ ਜਾਂਦੀ ਹੈ ਅਤੇ ਕਿਸਾਨਾਂ ਨੂੰ ਚੰਗਾ ਲਾਭ ਦਿੰਦੀ ਹੈ। ਇਸ ਕਿਸਮ ਦਾ ਔਸਤਨ ਝਾੜ 4 ਤੋਂ 5 ਕੁਇੰਟਲ ਤੱਕ ਪ੍ਰਤੀ ਏਕੜ ਹੈ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ ਦਾ ਬੀਜ ਕਰੀਬ 10 ਕਿਲੋ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਇਆ ਜਾਂਦਾ ਹੈ। ਕਣਕ ਵੱਢਣ ਉਪਰੰਤ ਗਰਮੀ ਰੁੱਤ ਦੀ ਮੂੰਗੀ ਬਿਨਾ ਖੇਤ ਵਾਹੇ ਵੀ ਬੀਜੀ ਜਾ ਸਕਦੀ ਹੈ। ਜੇਕਰ ਖੇਤ ਵਿਚ ਕਣਕ ਦਾ ਨਾੜ ਨਹੀਂ ਹੈ ਤਾਂ ਮੂੰਗੀ ਜ਼ੀਰੋ-ਟਿਲ ਡਰਿੱਲ ਰਾਹੀਂ ਬੀਜੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਹ ਫਲੀਦਾਰ ਫ਼ਸਲ ਨਾ ਸਿਰਫ ਪੌਸ਼ਟਿਕ ਆਹਾਰ ਦਿੰਦੀ ਹੈ, ਬਲਕਿ ਮਿੱਟੀ 'ਚ ਨਾਈਟਰੋਜਨ ਦੀ ਮਾਤਰਾ ਨੂੰ ਵਧਾਕੇ ਆਉਣ ਵਾਲੀ ਝੋਨੇ ਦੀ ਫ਼ਸਲ ਲਈ ਸਹਾਈ ਸਿੱਧ ਹੁੰਦੀ ਹੈ।

**ਝੋਨੇ ਦੀ ਬਾਸਮਤੀ ਤੇ ਪਛੇਤੀ ਕਿਸਮ ਲਗਾ ਕੇ ਪਾਣੀ ਤੇ ਬਿਜਲੀ ਦੀ ਬੱਚਤ ਦਾ ਕਿਸਾਨਾਂ ਨੂੰ ਦੇ ਰਿਹਾ ਸੁਨੇਹਾ**

# ਆੜ੍ਹਤੀਆ ਮੇਜਰ ਸਿੰਘ ਸਰਪੰਚ ਬੁਲਾਰਾ ਦਾ ਭੋਗ ਅਤੇ ਸ਼ਰਧਾਂਜਲੀ ਸਮਾਗਮ ਅੱਜ



**ਚੌਕ ਮਹਿਤਾ, 5 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੱਛਲੇ ਦਿਨੀ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਆੜਤੀਆਂ ਮੇਜਰ ਸਿੰਘ ਸਰਪੰਚ ਬੁਲਾਰਾ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ।ਉਨ੍ਹਾਂ ਨੇ ਨਮਿੱਤ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਅੱਜ 6 ਜੁਲਾਈ 2026 ਦਿਨ ਸੋਮਵਾਰ ਰੰਧਾਵਾ ਫ਼ਾਰਮ ਪਿੰਡ ਬੁਲਾਰਾ ਵਿੱਖੇ ਸਵੇਰੇ 11 ਵਜੇ ਨੂੰ ਪਾਏਂ ਜਾਣਗੇ ਉਪਰੰਤ ਗੁਰਦੁਆਰਾ ਬਾਬਾ ਸਾਵਨ ਮੱਲ ਸਾਹਿਬ ਬੁਲਾਰਾ ਵਿੱਖੇ 12 ਤੋਂ 1 ਕੀਰਤਨ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ ਇਸ ਮੌਕੇ ਜਾਣਕਾਰੀ ਦਿੰਦਿਆਂ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਦੇ ਨੇ ਦੱਸਿਆ ਕਿ ਇਸ ਦੁੱਖਦਾਈ ਮੌਕੇ ਤੇ ਐਨ ਆਰ ਆਈ ਅਤੇ ਇਲਾਕੇ ਦੀਆਂ ਨਾਮਵਰ, ਰਾਜਨੀਤਕ, ਧਾਰਮਿਕ ਅਤੇ ਸਮੂਹ ਰਿਸ਼ਤੇਦਾਰ ਆਤਿੰਮ ਅਰਦਾਸ ਵਿੱਚ ਸ਼ਾਮਲ ਹੋ ਕੇ ਸਰਧਾ ਦੇ ਫੁੱਲ ਭੇਟ ਕਰਨਗੀਆ।

# ਮਾਸਟਰ ਸ. ਕੁਲਬੀਰ ਸਿੰਘ ਰੰਧਾਵਾ ਮਲੱਕ ਨੰਗਲ ਦਾ ਹੋਇਆ ਦਿਹਾਂਤ



**ਚੌਕ ਮਹਿਤਾ, 5 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬਹੁਤ ਹੀ ਮਿੱਠ ਬੋਲੜੇ ਸਮਾਜ ਸੇਵੀ ਮਾਸਟਰ ਕੁਲਬੀਰ ਸਿੰਘ ਰੰਧਾਵਾ ਮਲੱਕ ਨੰਗਲ ਜਿੰਨੇ ਪਰਮਾਤਮਾ ਦਿੱਤੇ ਸੁਆਸ ਸਨ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਬੀਤੇ ਦਿੱਨੀ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਇਸ ਮੌਕੇ ਤੇ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕਰਨ ਲਈ ਇਲਾਕੇ ਦੇ ਮੋਹਤਬਰ, ਐਨ ਆਰ ਆਈ, ਧਾਰਮਿਕ, ਰਾਜਨੀਤਕਾ , ਸਮਾਜ ਸੇਵੀ ਅਤੇ ਸਮੂਹ ਰਿਸ਼ਤੇਦਾਰਾਂ ਨੇ ਦੁੱਖ ਸਾਂਝਾ ਕੀਤਾ। ਮਾਸਟਰ ਸ, ਕੁਲਬੀਰ ਸਿੰਘ ਰੰਧਾਵਾ ਬਹੁਤ ਮਿੱਠ ਬੋਲੜੇ , ਸਿਮਰਨ ਬੰਦਗੀ ਅਤੇ ਸੇਵਾ ਕਰਨ ਵਾਲੇ ਅਤੇ ਮਿਲ ਵਰਤਣ ਵਾਲੇ ਇਨਸਾਨ ਸਨ। ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਜਾਂਦੀ ਹੈ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਕਰਨ ਅਤੇ ਪਿਛਲੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਕਰਨ ਜੀ

# ਲਾਲ ਸਿੰਘ ਢਢੋਗਲ ਨੂੰ ਵੱਖ ਵੱਖ ਆਗੂਆਂ ਨੇ ਕੀਤੀ ਸਰਧਾਂਜਲੀ ਭੇਂਟ, ਬੂਟਿਆਂ ਦਾ ਲਾਇਆ ਲੰਗਰ



**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਦੇ ਬਲਾਕ ਸੰਮਤੀ ਦੇ ਵਾਈਸ ਚੇਅਰਮੈਨ ਸਤਨਾਮ ਸਿੰਘ ਸੱਤਾ ਢਢੋਗਲ ਦੇ ਸਤਿਕਾਰਯੋਗ ਪਿਤਾ ਸ੍ਰ ਲਾਲ ਸਿੰਘ ਪਿਛਲੇ ਦਿਨੀ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ । ਪਰਿਵਾਰ ਵੱਲੋਂ ਉਨਾਂ ਦੇ ਨਮਿੱਤ ਆਪਣੇ ਗ੍ਰਹਿ ਵਿਖੇ ਸ੍ਰੀ ਸਹਜ ਪਾਠ ਆਰੰਭ ਕਰਵਾਏ ਗਏ ਜਿਨਾਂ ਦੇ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ ਅਤੇ ਸ ਲਾਲ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਦਲਵੀਰ ਸਿੰਘ ਢਿੱਲੋ , ਸਮਾਜ ਸੇਵੀ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਕਾਗਰਸ ਪਾਰਟੀ ਵੱਲੋਂ ਦਲਵੀਰ ਸਿੰਘ ਗੋਲਡੀ ਖੰਗੂੜਾ ਸਾਬਕਾ ਵਿਧਾਇਕ, ਕਾਗਰਸ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ, ਨਰਿੰਦਰ ਸਿੰਘ ਕਾਲਾਬੂਲਾ ਅਕਾਲੀ ਦਲ ਅੰਮ੍ਰਿਤਸਰ, ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ, ਚੇਅਰਮੈਨ ਰਸਪਾਲ ਸਿੰਘ ਭੁੱਲਰ ,ਟਰੱਕ ਯੂਨੀਅਨ ਦੇ ਪ੍ਰਧਾਨ ਗਗਨ ਜਵੰਦਾ ,ਅਮਰਦੀਪ ਸਿੰਘ ਧਾਦਰਾਂ ਮੈਂਬਰ ਬਲਾਕ ਸੰਮਤੀ ,ਆਪ ਆਗੂ ਕੁਲਵਿੰਦਰ ਸਿੰਘ ਹਸਨਪੁਰ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਸਰਪੰਚ ਗੁਰਪ੍ਰੀਤ ਸਿੰਘ ਗੋਪੀ ਮੀਮਸਾ, ਸਾਬਕਾ ਸਰਪੰਚ ਸੁਖਦੀਪ ਸਿੰਘ ਚੀਮਾ, ਸਰਪੰਚ ਗੁਰਜੰਟ ਸਿੰਘ ਭੜੀ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਜਸਵੀਰ ਦਾਸ, ਸਕੱਤਰ ਅਵਤਾਰ ਖਾਨ ਢਢੋਗਲ, ਭਰਭੂਰ ਸਿੰਘ, ਆਤਮਾ ਸਿੰਘ ਢਢੋਗਲ,ਸਰਪੰਚ ਗੁਰਪ੍ਰੀਤ ਸਿੰਘ ਬੁਰਜ ਗੌਹਰਾ, ਪੱਤਰਕਾਰ ਰਣਜੀਤ ਸਿੰਘ ਪੇਧਨੀ ਨੇ ਭੋਗ ਤੇ ਹਾਜ਼ਰੀ ਲਵਾ ਕੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ।

# ਸ. ਮੇਜਰ ਸਿੰਘ ਰੰਧਾਵਾ ਬੁਲਾਰਾ ਦੇ ਵਿਸ਼ੇਸ਼ ਭੋਗ 'ਤੇ ਵਿਸ਼ੇਸ਼



ਸ੍ਰ. ਮੇਜਰ ਸਿੰਘ ਰੰਧਾਵਾ ਸਾਬਕਾ ਸਰਪੰਚ ਪਿੰਡ ਬੁਲਾਰਾ ਦਾ ਜਨਮ ਸ੍ਰ ਸੁੱਚਾ ਸਿੰਘ ਰੰਧਾਵਾ ਦੇ ਗ੍ਰਹਿ ਵਿਖੇ ਮਾਤਾ ਸ੍ਰੀਮਤੀ ਜਗੀਰ ਕੌਰ ਦੀ ਕੁੱਖੋਂ ਮਿਤੀ 22-4-1954 ਨੂੰ ਹੋਇਆ। ਸ੍ਰ. ਮੇਜਰ ਸਿੰਘ ਰੰਧਾਵਾ ਨੇ ਦੱਸਵੀ ਜਮਾਤ ਦੀ ਪੜ੍ਹਾਈ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਤੋ ਕੀਤੀ ਅਤੇ ਆਪ ਜੀ ਦਾ ਵਿਆਹ ਸ੍ਰੀਮਤੀ ਸਵਰਗੀ ਸਵਿੰਦਰ ਕੌਰ ਜੀ ਨਾਲ ਹੋਇਆ। ਤੁਹਾਡੇ ਘਰ ਦੋ ਬੇਟੀਆਂ, ਅਤੇ ਦੋ ਬੇਟੇਆਂ ਦਾ ਜਨਮ ਹੋਇਆ। ਸ੍ਰ. ਮੇਜਰ ਸਿੰਘ ਬੁਲਾਰਾ ਪਿੰਡ ਦੇ ਸਰਪੰਚ ਰਹੇ ਅਤੇ ਨਾਲ ਹੀ ਆੜਤ ਦਾ ਕੰਮ ਕਰਦੇ ਸਨ । ਉਹਨਾਂ ਦੀ ਜੰਡਿਆਲਾ ਗੁਰੂ ਮੰਡੀ ਵਿਖੇ ਰੰਧਾਵਾ ਟਰੇਡਰਜ ਕੰਪਨੀ, ਤੇ ਤਰਸਿੱਕਾ ਵਿੱਚ ਵੀ ਆੜਤ ਦੇ ਕੰਮ ਸਨ । ਉਹਨਾਂ ਦਾ ਬੇਟਾ ਮਨਜਿੰਦਰ ਸਿੰਘ ਅਤੇ ਬੇਟੀ ਰਾਜਵਿੰਦਰ ਕੌਰ ਆਸਟ੍ਰੇਲੀਆ ਵਿਖੇ ਰਹਿ ਰਹੇ ਹਨ। ਅਤੇ ਵੱਡਾ ਬੇਟਾ ਗੁਰਨੇਟ ਸਿੰਘ ਖੇਤੀਬਾੜੀ ਦਾ ਕੰਮ ਕਰਦਾ ਹੈ। ਅਤੇ ਛੋਟੀ ਬੇਟੀ ਸਰਬਜੀਤ ਕੌਰ ਵਿਖੇ, ਗੁਰਮੀਤ ਸਿੰਘ ਨਾਲ ਤਰਸਿੱਕਾ ਵਿਖੇ ਵਿਆਹੀ ਹੋਈ ਹੈ। ਸ੍ਰ. ਮੇਜਰ ਸਿੰਘ ਰੰਧਾਵਾ ਮਿੱਠ ਬੋਲੜੇ ਅਤੇ ਮਿਲਣਸਾਰ ਇਨਸਾਨ ਸਨ। ਉਹਨਾਂ ਦੀ ਬੇਵਕਤੀ ਮੌਤ ਨਾਲ ਸਾਰੇ ਪਰਿਵਾਰ ਅਤੇ ਇਲਾਕੇ ਵਿੱਚ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ। **-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

ਨਸ਼ਾ ਮੁਕਤੀ ਦੀ ਨਵੀਂ ਉਮੀਦ: ਸੋਲਵੇਵ ਟਰਸਟ ਰੀਹੈਬਿਲੀਟੇਸ਼ਨ ਸੈਂਟਰ ਪੰਜੌਰ ਵਿਖੇ

# ਨਸ਼ਾ ਛੱਡ ਚੁੱਕੇ ਨੌਜਵਾਨਾਂ ਨੇ ਮਨਾਈ ਨਵੀਂ ਜ਼ਿੰਦਗੀ ਦੀ ਖੁਸ਼ੀ



**ਕੱਲ੍ਹ ਸੋਲਵੇਵ** ਟਰਸਟ ਰੀਹੈਬਿਲੀਟੇਸ਼ਨ ਸੈਂਟਰ, ਪੰਜੌਰ ਵਿਖੇ ਇੱਕ ਪ੍ਰੇਰਣਾਦਾਇਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਉਹ ਨੌਜਵਾਨ ਸ਼ਾਮਲ ਹੋਏ ਜਿਨ੍ਹਾਂ ਨੂੰ ਨਸ਼ਾ ਛੱਡੇ 8 ਤੋਂ 10 ਸਾਲ ਤੱਕ ਦਾ ਸਮਾਂ ਹੋ ਚੁੱਕਾ ਹੈ। ਇਸ ਮੌਕੇ ਉਨ੍ਹਾਂ ਨੇ ਨਵੀਂ ਜ਼ਿੰਦਗੀ ਦੀ ਖੁਸ਼ੀ ਵਜੋਂ ਕੇਕ ਕੱਟ ਕੇ ਆਪਣੀ ਸਫਲਤਾ ਦਾ ਜਸ਼ਨ ਮਨਾਇਆ। ਸੈਂਟਰ ਦੀ ਇਹ ਇੱਕ ਵਿਸ਼ੇਸ਼ ਪਰੰਪਰਾ ਹੈ ਕਿ ਨਸ਼ਾ ਛੱਡ ਚੁੱਕੇ ਪੁਰਾਣੇ ਸਾਥੀ ਨਵੇਂ ਦਾਖਲ ਹੋਏ ਨੌਜਵਾਨਾਂ ਤੋਂ ਕੇਕ ਕਟਵਾਉਂਦੇ ਹਨ, ਤਾਂ ਜੋ ਉਨ੍ਹਾਂ ਦੇ ਮਨ ਵਿੱਚ ਵੀ ਇਹ ਵਿਸ਼ਵਾਸ ਅਤੇ ਹੌਸਲਾ ਪੈਦਾ ਹੋਵੇ ਕਿ ਉਹ ਵੀ ਨਸ਼ੇ ਦੀ ਦਲਦਲ ਤੋਂ ਬਾਹਰ ਨਿਕਲ ਕੇ ਇੱਕ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰ ਸਕਦੇ ਹਨ। ਇਸ ਮੌਕੇ ਰੁਸਤਮ ਮਰਿੰਡਾ ਨੇ ਕਿਹਾ ਕਿ ਅੱਜਕੱਲ੍ਹ ਕਈ ਨੌਜਵਾਨ ਚਿੱਟਾ ਛੱਡਣ ਦੇ ਨਾਮ ’ਤੇ ਐਡਨੋਕ ਵਰਗੀਆਂ ਗੋਲੀਆਂ ਦੀ ਆਦਤ ਪਾ ਲੈਂਦੇ ਹਨ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੀਆਂ ਗੋਲੀਆਂ ਵੀ ਗੰਭੀਰ ਨੁਕਸਾਨ ਪਹੁੰਚਾ ਸਕਦੀਆਂ ਹਨ ਅਤੇ ਮਾਪਿਆਂ ਨੂੰ ਇਸ ਭਰਮ ਵਿੱਚ ਨਹੀਂ ਰਹਿਣਾ ਚਾਹੀਦਾ ਕਿ ਉਨ੍ਹਾਂ ਦਾ ਬੱਚਾ ਹੁਣ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਦਵਾਈ ਨੂੰ ਬਿਨਾਂ ਯੋਗ ਡਾਕਟਰੀ ਸਲਾਹ ਦੇ ਨਸ਼ੇ ਦਾ ਹੱਲ ਸਮਝਣਾ ਠੀਕ ਨਹੀਂ। ਨਸ਼ੇ ਤੋਂ ਮੁਕਤੀ ਲਈ ਸਭ ਤੋਂ ਵੱਧ ਲੋੜ ਇੱਕ ਚੰਗੇ ਮਾਹੌਲ, ਚੰਗੀ ਸੰਗਤ, ਪਰਿਵਾਰ ਦੇ ਸਹਿਯੋਗ ਅਤੇ ਮਾਹਿਰਾਂ ਦੀ ਸਹੀ ਰਹਿਨੁਮਾਈ ਦੀ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਸੈਂਟਰ ਵਿੱਚ ਨੌਜਵਾਨਾਂ ਨੂੰ ਖੇਡਾਂ, ਯੋਗਾ, ਕਬੱਡੀ, ਵਾਲੀਬਾਲ ਅਤੇ ਹੋਰ ਸਕਾਰਾਤਮਕ ਗਤੀਵਿਧੀਆਂ ਨਾਲ ਜੋੜਿਆ ਜਾਂਦਾ ਹੈ, ਤਾਂ ਜੋ ਉਨ੍ਹਾਂ ਦਾ ਧਿਆਨ ਨਸ਼ੇ ਤੋਂ ਹਟ ਕੇ ਸਿਹਤਮੰਦ ਜੀਵਨ ਵੱਲ ਵਧੇ। ਇਹ ਉਪਰਾਲੇ ਨੌਜਵਾਨਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਦੁਬਾਰਾ ਜੋੜਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਸੈਂਟਰ ਵਿੱਚ ਮੌਜੂਦ ਕਈ ਨੌਜਵਾਨਾਂ ਨੇ ਦੱਸਿਆ ਕਿ ਉਹ ਕੈਮਰੇ ਸਾਹਮਣੇ ਆਪਣੀ ਕਹਾਣੀ ਨਹੀਂ ਬਿਆਨ ਕਰਨਾ ਚਾਹੁੰਦੇ, ਪਰ ਉਨ੍ਹਾਂ ਦੇ ਤਜ਼ਰਬੇ ਇੱਕੋ ਗੱਲ ਦੱਸਦੇ ਹਨ ਕਿ ਨਸ਼ੇ ਦੀ ਸ਼ੁਰੂਆਤ ਅਕਸਰ ਸਿਰਫ਼ ਸ਼ੌਕ, ਦੋਸਤਾਂ ਦੀ ਸੰਗਤ ਜਾਂ ਸਿਗਰਟ ਅਤੇ ਸ਼ਰਾਬ ਵਰਗੀਆਂ ਆਦਤਾਂ ਤੋਂ ਹੁੰਦੀ ਹੈ, ਜੋ ਹੌਲੀ-ਹੌਲੀ ਉਨ੍ਹਾਂ ਨੂੰ ਗੰਭੀਰ ਨਸ਼ਿਆਂ ਵੱਲ ਧੱਕ ਦਿੰਦੀ ਹੈ। ਸਮਾਗਮ ਦੌਰਾਨ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਗਈ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਚੰਗੇ ਸੰਸਕਾਰਾਂ ਨਾਲ ਜੁੜਨ, ਤਾਂ ਜੋ ਇੱਕ ਸਿਹਤਮੰਦ, ਖੁਸ਼ਹਾਲ ਅਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਸੋਨੀ ਖਾਨ ਪੰਜੌਰ, ਰੁਸਤਮ ਮਰਿੰਡਾ, ਸੰਦੀਪ ਸ਼ਰਮਾ ਪੰਜੌਰ, ਰੋਹਿਤ ਪੰਜੌਰ, ਸਿਕੰਦਰ ਅਲੀ ਜ਼ੀਰਕਪੁਰ, ਰਾਸ਼ਿਦ ਮਰਿੰਡਾ, ਹੈਰੀ ਭਾਗੋਮਾਜਰਾ, ਬਾਜ਼ ਸਮਰਾਲਾ ਸਮੇਤ ਕਈ ਹੋਰ ਨੌਜਵਾਨ ਹਾਜ਼ਰ ਸਨ। ਸਭ ਨੇ ਇੱਕ ਸੁਰ ਵਿੱਚ ਇਹ ਸੰਦੇਸ਼ ਦਿੱਤਾ ਕਿ ਸਾਂਝੇ ਯਤਨਾਂ, ਜਾਗਰੂਕਤਾ ਅਤੇ ਸਮਾਜਿਕ ਸਹਿਯੋਗ ਨਾਲ ਹੀ ਨਸ਼ਾ-ਮੁਕਤ ਅਤੇ ਮੁੜ ਹੱਸਦਾ-ਵੱਸਦਾ ਪੰਜਾਬ ਬਣਾਇਆ ਜਾ ਸਕਦਾ ਹੈ।

**-ਪਰਗਟ ਸਿੰਘ ਬਲਬੇੜਾ, 9022000070**

“ਇੱਕ ਰੁੱਖ ਮਾਂ ਦੇ ਨਾਮ” ਮੁਹਿੰਮ ਅਤੇ

# ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਜੀ ਦੀ ਜਯੰਤੀ ਮੌਕੇ ਬੂਟੇ ਲਗਾਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ,ਧੂਰੀ ਵੱਲੋਂ ਸਰਵਹਿਤਕਾਰੀ ਵਿਦਿਆ ਮੰਦਿਰ ਸਕੂਲ ,ਧੂਰਾ ਵਿਖੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਪ੍ਰੇਰਣਾ ਸਦਕਾ ਚੱਲ ਰਹੀ “ਇੱਕ ਰੁੱਖ ਮਾਂ ਦੇ ਨਾਮ” ਮੁਹਿੰਮ ਅਤੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਜੀ ਦੀ 125ਵੀਂ ਜਯੰਤੀ ਦੇ ਮੌਕੇ ਬੂਟੇ ਲਗਾਏ ਗਏ। ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ, ਬੀਜੇਪੀ ਦੇ ਸੀਨੀਅਰ ਆਗੂ, ਹਲਕਾ ਧੂਰੀ ਦੇ ਉੱਘੇ ਸਮਾਜ ਸੇਵੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ, ਬੀਜੇਪੀ ਦੇ ਸੀਨੀਅਰ ਸਤਵੰਤ ਸਿੰਘ ਪੂਨੀਆ ਵਿਸ਼ੇਸ਼ ਤੌਰ ’ਤੇ ਪਹੁੰਚੇ । ਇਸ ਮੌਕੇ ਪਹੁੰਚੇ ਆਗੂਆਂ ਨੇ ਕਿਹਾ ਕਿ ਹਰ ਮਨੁੱਖ ਨੂੰ ਆਪਣੇ ਜੀਵਨ ਵਿਚ ਇਕ ਰੁੱਖ ਲਾਉਣਾ ਸਭ ਤੋਂ ਜਰੂਰੀ ਹੈ ਕਿਉਂਕਿ ਇਕ ਦਰਖ਼ਤ ਹੀ ਮਨੁੱਖ ਨੂੰ ਆਕਸੀਜਨ ਸਭ ਤੋ ਵੱਧ ਦਿੰਦਾ ਹੈ। ਹਰ ਵਿਆਕਤੀ ਨੂੰ ਰੁੱਖ ਲਗਾਕੇ ਉਸ ਦੀ ਸਾਭ ਸੰਭਾਲ ਕਰਨੀ ਵੀ ਬਹੁਤ ਜਰੂਰੀ ਹੈ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ, ਪ੍ਰਦੀਪ ਗਰਗ ਭੁਪੇਸ਼ ਜਿੰਦਲ ਤੋਂ ਇਲਾਵਾ ਭਾਜਪਾ ਦੇ ਸਮੂਹ ਅਹੁਦੇਦਾਰਾਂ ਅਤੇ ਵਰਕਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ।

# ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਨੂੰ ਮਿਲਿਆ ਗੋਡਿਆਂ ਦੇ ਆਪ੍ਰੇਸ਼ਨਾਂ ਦਾ ਮਾਹਿਰ ਡਾਕਟਰ



ਤਲਵੰਡੀ ਸਾਬੋ, 5 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਥੋੜ੍ਹੇ ਹੀ ਸਮੇਂ ਵਿੱਚ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਲਗਾਤਾਰ ਨਵੀਆਂ ਉਚਾਈਆਂ ਛੂਹ ਰਿਹਾ ਹੈ। ਹਸਪਤਾਲ ਵਿੱਚ ਪਹਿਲਾਂ ਹੀ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਨਿਯੁਕਤੀ ਹੋ ਚੁੱਕੀ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸੇਵਾਵਾਂ ਆਪਣੇ ਨੇੜੇ ਹੀ ਉਪਲਬਧ ਹੋ ਰਹੀਆਂ ਹਨ ।ਹੁਣ ਇਸ ਕੜੀ ਨੂੰ ਹੋਰ ਮਜ਼ਬੂਤ ਕਰਦਿਆਂ ਹਸਪਤਾਲ ਵਿੱਚ ਗੋਡਿਆਂ ਦੇ ਇਲਾਜ ਅਤੇ ਗੋਡੇ ਬਦਲੀ (ਨੀ ਰਿਪਲੇਸਮੈਂਟ) ਦੇ ਮਾਹਿਰ ਐਮ.ਐਸ. ਆਰਥੋਪੀਡਿਕ ਸਰਜਨ ਡਾ. ਧੀਰਜ ਗੋਇਲ ਦੀ ਨਿਯੁਕਤੀ ਕਰ ਦਿੱਤੀ ਗਈ ਹੈ। ਉਨ੍ਹਾਂ ਦੇ ਆਉਣ ਨਾਲ ਗੋਡਿਆਂ ਦੇ ਦਰਦ, ਜੋੜਾਂ ਦੀਆਂ ਸਮੱਸਿਆਵਾਂ ਅਤੇ ਗੋਡੇ ਬਦਲੀ ਵਰਗੇ ਜਟਿਲ ਆਪ੍ਰੇਸ਼ਨਾਂ ਦੀ ਸਹੂਲਤ ਹੁਣ ਤਲਵੰਡੀ ਸਾਬੋ ਵਿੱਚ ਹੀ ਉਪਲਬਧ ਹੋਵੇਗੀ, ਜਿਸ ਨਾਲ ਮਰੀਜ਼ਾਂ ਨੂੰ ਵੱਡੇ ਸ਼ਹਿਰਾਂ ਦੇ ਹਸਪਤਾਲਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ। ਇਸ ਮੌਕੇ ਐਸ.ਐਮ.ਓ. ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਹਸਪਤਾਲ ਵਿੱਚ ਲਗਾਤਾਰ ਮਾਹਿਰ ਡਾਕਟਰਾਂ ਦੀ ਨਿਯੁਕਤੀ ਕੀਤੀ ਜਾ ਰਹੀ ਹੈ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਮਿਆਰੀ ਸਿਹਤ ਸੇਵਾਵਾਂ ਇੱਕੋ ਛੱਤ ਹੇਠ ਮਿਲ ਸਕਣ। ਉਨ੍ਹਾਂ ਕਿਹਾ ਕਿ ਡਾ. ਧੀਰਜ ਗੋਇਲ ਦੀ ਨਿਯੁਕਤੀ ਨਾਲ ਗੋਡਿਆਂ ਦੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਹੁਣ ਨੀ ਰਿਪਲੇਸਮੈਂਟ ਸਮੇਤ ਆਰਥੋਪੀਡਿਕ ਸਰਜਰੀਆਂ ਦੀ ਬਿਹਤਰ ਸਹੂਲਤ ਸਥਾਨਕ ਪੱਧਰ ’ਤੇ ਹੀ ਮਿਲੇਗੀ। ਇਸ ਮੌਕੇ ਐਸ.ਐਮ.ਓ. ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਹਸਪਤਾਲ ਵਿੱਚ ਲਗਾਤਾਰ ਮਾਹਿਰ ਡਾਕਟਰਾਂ ਦੀ ਨਿਯੁਕਤੀ ਕੀਤੀ ਜਾ ਰਹੀ ਹੈ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਮਿਆਰੀ ਸਿਹਤ ਸੇਵਾਵਾਂ ਇੱਕੋ ਛੱਤ ਹੇਠ ਮਿਲ ਸਕਣ। ਉਨ੍ਹਾਂ ਕਿਹਾ ਕਿ ਡਾ. ਧੀਰਜ ਗੋਇਲ ਦੀ ਨਿਯੁਕਤੀ ਨਾਲ ਗੋਡਿਆਂ ਦੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਹੁਣ ਨੀ ਰਿਪਲੇਸਮੈਂਟ ਸਮੇਤ ਆਰਥੋਪੀਡਿਕ ਸਰਜਰੀਆਂ ਦੀ ਬਿਹਤਰ ਸਹੂਲਤ ਸਥਾਨਕ ਪੱਧਰ ’ਤੇ ਹੀ ਮਿਲੇਗੀ। ਡਾ. ਰਵੀ ਕਾਂਤ ਗੁਪਤਾ ਨੇ ਅੱਗੇ ਦੱਸਿਆ ਕਿ ਹਸਪਤਾਲ ਵਿੱਚ ਸਿਹਤ ਸੇਵਾਵਾਂ ਦਾ ਹੋਰ ਵਿਸਥਾਰ ਕੀਤਾ ਜਾ ਰਿਹਾ ਹੈ ਅਤੇ ਜਲਦੀ ਹੀ ਅੱਖਾਂ ਦੇ ਆਪ੍ਰੇਸ਼ਨਾਂ ਦੀ ਸਹੂਲਤ ਵੀ ਸ਼ੁਰੂ ਕਰ ਦਿੱਤੀ ਜਾਵੇਗੀ। ਇਸ ਸਬੰਧੀ ਲੋੜੀਂਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਅੱਖਾਂ ਦੇ ਆਪ੍ਰੇਸ਼ਨਾਂ ਲਈ ਵੀ ਬਾਹਰਲੇ ਸ਼ਹਿਰਾਂ ਵਿੱਚ ਨਾ ਜਾਣਾ ਪਵੇ ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਨੂੰ ਮਾਲਵਾ ਖੇਤਰ ਦਾ ਇੱਕ ਭਰੋਸੇਯੋਗ ਅਤੇ ਆਧੁਨਿਕ ਸਿਹਤ ਕੇਂਦਰ ਬਣਾਉਣਾ ਹੈ, ਜਿੱਥੇ ਮਰੀਜ਼ਾਂ ਨੂੰ ਉੱਚ ਪੱਧਰੀ ਇਲਾਜ, ਤਜਰਬੇਕਾਰ ਡਾਕਟਰ ਅਤੇ ਲੋੜੀਂਦੀਆਂ ਸਾਰੀਆਂ ਸਹੂਲਤਾਂ ਇੱਕੋ ਛੱਤ ਹੇਠ ਉਪਲਬਧ ਹੋਣ। ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਨੂੰ ਮਾਲਵਾ ਖੇਤਰ ਦਾ ਇੱਕ ਭਰੋਸੇਯੋਗ ਅਤੇ ਆਧੁਨਿਕ ਸਿਹਤ ਕੇਂਦਰ ਬਣਾਉਣਾ ਹੈ, ਜਿੱਥੇ ਮਰੀਜ਼ਾਂ ਨੂੰ ਉੱਚ ਪੱਧਰੀ ਇਲਾਜ, ਤਜਰਬੇਕਾਰ ਡਾਕਟਰ ਅਤੇ ਲੋੜੀਂਦੀਆਂ ਸਾਰੀਆਂ ਸਹੂਲਤਾਂ ਉਪਲਬਧ ਹੋਣ।

# ਮੁੱਖ ਮੰਤਰੀ ਨੇ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਨਾਲ ਪੰਜਾਬੀਆਂ ਦਾ ਦਿਲ ਜਿੱਤਿਆ-ਚੀਨੂ ਧੀਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਹਰ ਬਜੁਰਗ ਬੀਬੀ, ਮਾਤਾਵਾਂ ਭੈਣਾ ਦੇ ਖਾਤਿਆਂ ਵਿੱਚ ਪਾਈ ਸਨਮਾਨ ਰਾਸੀ ਨਾਲ ਮੁੱਖ ਮੰਤਰੀ ਨੇ ਪੰਜਾਬੀਆਂ ਦਆ ਦਿਲ ਜਿੱਤਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਚੀਨੂ ਧੀਰ ਨੇ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨਪਹਿਲੇ ਮੁੱਖ ਮੰਤਰੀ ਹਨ ਜਿਨਾਂ ਨੇ ਪੰਜਾਬ ਦੇ ਲੋਕਾਂ ਨੂੰ ਮੁਹੱਲਾ ਕਲੀਨਕ, 600 ਯੂਨਿਟ ਬਿਜਲੀ ਮਾਫ, ਖੇਤਾਂ ਨੂੰ ਨਹਿਰੀ ਪਾਣੀ, ਵੱਡੇ ਵੱਡੇ ਹਸਪਤਾਲ, ਸਿੱਖਿਆ ਕ੍ਰਾਂਤੀ, 65 ਹਜਾਰ ਲੋਕਾਂ ਨੂੰ ਨੌਕਰੀਆਂ, ਮਾਵਾਂ ਧੀਆਂ ਸਤਿਕਾਰਯੋਗ ਯੋਜਨਾ, ਗਰੀਬਾਂ ਨੂੰ ਰਾਸ਼ਨ ਕਿੱਟਾਂ ਦੇਣ ਵਰਗੀਆਂ ਸਹੂਲਤਾਂ ਦੇ ਕੇ ਪੰਜਾਬ ਦੇ ਲੋਕਾਂ ਦਿਲ ਜਿੱਤਿਆ ਹੈ। ਪਰ ਪੰਜਾਬ ਦੀਆਂ ਅਖੌਤੀ ਪਾਰਟੀਆਂ ਕਾਂਗਰਸ, ਅਕਾਲੀ ਦਲ ਬਾਦਲ, ਭਾਰਤੀ ਜਨਤਾ ਪਾਰਟੀ ਦੇ ਗਲੇ ਦੀ ਹੱਡੀ ਬਣੀਆਂ ਮੁੱਖ ਮੰਤਰੀ ਦੀਆਂ ਯੋਜਨਾਵਾਂ ਰਾਤ ਨੂੰ ਸੌਣ ਨਹੀਂ ਦਿੰਦੀਆਂ ਕਿਉਂਕਿ ਪੰਜਾਬੀ ਦੁਬਾਰਾ ਫੇਰ ਭਗਵੰਤ ਸਿੰਘ ਮਾਨ ਨੂੰ ਸੂਬੇ ਦਾ ਮੁੱਖ ਮੰਤਰੀ ਬਣਾਉਣ ਲਈ ਉਤਾਵਲੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਵਿੱਚ ਕਰਵਾਇਆ ਗਿਆਵਿਕਾਸ ਕਾਰਜ ਪੂਰੇ ਪੰਜਾਬ ਵਿੱਚ ਪਹਿਲੇ ਨੰਬਰ ਤੇ ਆ ਰਿਹਾ ਹੈ।

# ਦਿਵਿਆਂਗਾਂ ਦੀਆਂ ਹੱਕੀ ਮੰਗਾਂ ਲਈ 10 ਜੁਲਾਈ ਨੂੰ ਡੀ.ਸੀ. ਦਫ਼ਤਰ ਬਠਿੰਡਾ ਅੱਗੇ ਰੋਸ ਧਰਨਾ

**ਤਲਵੰਡੀ ਸਾਬੋ, 5 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਵੱਲੋਂ ਦਿਵਿਆਂਗ ਵਿਅਕਤੀਆਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ 10 ਜੁਲਾਈ 2026 ਨੂੰ ਡਾ. ਬੀ. ਆਰ. ਅੰਬੇਦਕਰ ਪਾਰਕ ਸਾਹਮਣੇ, ਡੀ.ਸੀ. ਦਫ਼ਤਰ ਬਠਿੰਡਾ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਇਸ ਸਬੰਧੀ ਜਥੇਬੰਦੀ ਦੇ ਸੂਬਾ ਸਕੱਤਰ ਰਣਧੀਰ ਸਿੰਘ ਜਗਾ ਰਾਮ ਤੀਰਥ ਵੱਲੋਂ ਜਾਰੀ ਪ੍ਰੈਸ ਰਿਲੀਜ਼ ਵਿੱਚ ਦੱਸਿਆ ਕਿ ਸਰਕਾਰ ਵੱਲੋਂ ਦਿਵਿਆਂਗ ਵਰਗ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ, ਜਿਸ ਕਾਰਨ ਇਹ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਿਆ ਹੈ। ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਬਾਬਾ ਹਜ਼ੂਰੀ ਦਾਸ ਨੇ ਪੰਜਾਬ ਭਰ ਦੀਆਂ ਦਿਵਿਆਂਗ ਜਥੇਬੰਦੀਆਂ, ਭਰਾਤਰੀ ਜਥੇਬੰਦੀਆਂ ਅਤੇ ਸਮੂਹ ਦਿਵਿਆਂਗ ਭਾਈਚਾਰੇ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਧਰਨੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦਿਵਿਆਂਗਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨਾ ਸਮੇਂ ਦੀ ਲੋੜ ਹੈ। ਰਣਧੀਰ ਸਿੰਘ ਜਗਾ ਰਾਮ ਤੀਰਥ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦਿਵਿਆਂਗਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਜਲਦ ਪੂਰਾ ਕੀਤਾ ਜਾਵੇ। ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ 10 ਜੁਲਾਈ ਨੂੰ ਦਿਵਿਆਂਗ ਭਾਈਚਾਰੇ ਦੇ ਇਸ ਸੰਘਰਸ਼ ਵਿੱਚ ਆਪਣਾ ਸਹਿਯੋਗ ਦੇਣ ਅਤੇ ਉਨ੍ਹਾਂ ਦੇ ਹੱਕਾਂ ਲਈ ਆਵਾਜ਼ ਬਣਨ। ਇਸ ਮੌਕੇ ਮੋਰਚੇ ਦੇ ਲੀਗਲ ਐਡਵਾਈਜ਼ਰ ਹਰਜਿੰਦਰ ਸਿੰਘ ਭੰਮੇ ਨੇ ਆਮ ਲੋਕਾਂ ਨੂੰ ਬੇਨਤੀ ਕੀਤੀ ਕਿ ਧਰਨੇ ਵਾਲੇ ਦਿਨ ਡੀ. ਸੀ ਦਫ਼ਤਰ ਨੇੜੇ ਸੰਭਾਵਿਤ ਟਰੈਫਿਕ ਜਾਮ ਅਤੇ ਆਵਾਜਾਈ ਵਿੱਚ ਰੁਕਾਵਟ ਤੋਂ ਬਚਣ ਲਈ ਬਦਲਵੇਂ ਰੂਟਾਂ ਦੀ ਵਰਤੋਂ ਕਰਨ ਤਾਂ ਜੋ ਕਿਸੇ ਨੂੰ ਬੇਲੋੜੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ **ਸਰਦਾਰ ਮੇਜਰ ਸਿੰਘ ਜੀ ਰੰਧਾਵਾ (ਸਾਬਕਾ ਸਰਪੰਚ) ਮਿਤੀ 27-06-2026 ਨੂੰ ਸਦੀਵੀ ਵਿਛੋੜਾ ਦੇ ਗਏ ਹਨ,** ਉਨ੍ਹਾਂ ਦੇ ਨਮਿਤ **ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਮਿਤੀ 06-07-2026 ਦਿਨ ਸੋਮਵਾਰ ਨੂੰ ਉਹਨਾਂ ਦੇ ਗ੍ਰਹਿ ਰੰਧਾਵਾ ਫਾਰਮ ਹਾਊਸ, ਪਿੰਡ ਬੁਲਾਰਾ ਵਿਖੇ ਪਾਏ ਜਾਣਗੇ,** ਉਪਰੰਤ ਕੀਰਤਨ ਅਤੇ ਸ਼ਰਧਾਂਜਲੀ ਸਮਾਰੋਹ ਬਾਬਾ ਸਾਵਣ ਮੱਲ ਜੀ ਦੇ ਗੁਰਦੁਆਰਾ ਸਾਹਿਬ, ਪਿੰਡ ਬੁਲਾਰਾ ਵਿਖੇ 12.00 ਤੋਂ 1.00 ਵਜੇ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਦੁਖੀ ਹਿਰਦੇ

ਸ. ਚੈਂਚਲ ਸਿੰਘ ਰੰਧਾਵਾ (ਭਰਾ)
ਮਾਸਟਰ ਸਾਹਿਬ ਸਿੰਘ (ਭਤੀਜਾ)
ਹੇਮੰਤ ਸਿੰਘ ਆੜ੍ਹਤੀਆ (ਭਤੀਜਾ)
ਦਲੇਰ ਸਿੰਘ (ਭਤੀਜਾ)

ਗੁਰਨੇਕ ਸਿੰਘ-ਵਰਿੰਦਰਜੀਤ ਕੌਰ (ਪੁੱਤਰ-ਨੂੰਹ)
ਮਨਜਿੰਦਰ ਸਿੰਘ-ਸੰਦੀਪ ਕੌਰ (ਅਸਟ੍ਰੇਲੀਆ) (ਪੁੱਤਰ-ਨੂੰਹ)
ਰਾਜਵਿੰਦਰ ਕੌਰ-ਬਰਿੰਦਰ ਸਿੰਘ (ਆਸਟ੍ਰੇਲੀਆ) ਧੀ-ਜਵਾਈ
ਸਰਬਜੀਤ ਕੌਰ, ਗੁਰਮੀਤ ਸਿੰਘ (ਧੀ-ਜਵਾਈ)

**ਸੰਪਰਕ : 98162-01029, 99146-51100, 78889-32195**

ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ

# ਜਲਦ ਸ਼ੁਰੂ ਹੋਣਗੇ ਅੱਖਾਂ ਦੇ ਅਪਰੇਸ਼ਨ- ਐਸ ਐਮ ਓ ਤਲਵੰਡੀ ਸਾਬੋ








**ਤਲਵੰਡੀ ਸਾਬੋ, 05 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੀ ਦੂਰਅੰਦੇਸ਼ ਅਗਵਾਈ, ਹਲਕਾ ਤਲਵੰਡੀ ਸਾਬੋ ਦੀ ਵਿਧਾਇਕ ਅਤੇ ਪੰਜਾਬ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਦੇ ਵਿਸ਼ੇਸ਼ ਉਪਰਾਲਿਆਂ, ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀ ਰਹਿਨੁਮਾਈ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੇ ਅਣਥੱਕ ਯਤਨਾਂ ਸਦਕਾ ਸ਼ਹੀਦ ਬਾਬਾ ਦੀਪ ਸਿੰਘ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਜਲਦ ਹੀ ਅੱਖਾਂ ਦੀਆਂ ਸਰਜਰੀਆਂ ਦੀ ਸਹੂਲਤ ਸ਼ੁਰੂ ਕਰਕੇ ਆਪਣੀਆਂ ਸਿਹਤ ਸੇਵਾਵਾਂ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜਨ ਜਾ ਰਿਹਾ ਹੈ। ਹਾਲ ਹੀ ਵਿੱਚ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਖਾਂ ਦੇ ਰੋਗਾਂ ਦੇ ਮਾਹਿਰ ਡਾ. ਨਿਰਣੈ ਸਿੰਘ ਵੱਲੋਂ ਸੇਵਾਵਾਂ ਸੰਭਾਲਣ ਉਪਰੰਤ ਅੱਖਾਂ ਦੀ ਓ.ਪੀ.ਡੀ. ਸ਼ੁਰੂ ਕਰ ਦਿੱਤੀ ਗਈ ਹੈ। ਇਸ ਓ.ਪੀ.ਡੀ. ਵਿੱਚ ਮੋਤੀਆਬਿੰਦ, ਕਾਲਾ ਮੋਤੀਆ ਅਤੇ ਅੱਖਾਂ ਨਾਲ ਸੰਬੰਧਿਤ ਹੋਰ ਬਿਮਾਰੀਆਂ ਦਾ ਮਾਹਿਰ ਪੱਧਰ 'ਤੇ ਇਲਾਜ ਅਤੇ ਸਲਾਹ ਮੁਹੱਈਆ ਕਰਵਾਈ ਜਾ ਰਹੀ ਹੈ। ਹਸਪਤਾਲ ਵਿੱਚ ਅੱਖਾਂ ਦੀਆਂ ਮਾਈਕ੍ਰੋਸਕੋਪਿਕ ਸਰਜਰੀਆਂ ਲਈ ਲੋੜੀਂਦਾ ਅਤਿ-ਆਧੁਨਿਕ ਆਪਰੇਟਿੰਗ ਮਾਈਕ੍ਰੋਸਕੋਪ ਪਹਿਲਾਂ ਹੀ ਸਥਾਪਤ ਕੀਤਾ ਜਾ ਚੁੱਕਾ ਹੈ। ਬਾਕੀ ਲੋੜੀਂਦੇ ਸਰਜੀਕਲ ਯੰਤਰ ਅਤੇ ਅਡਵਾਂਸ ਉਪਕਰਨ ਵੀ ਬਹੁਤ ਜਲਦ ਖਰੀਦੇ ਜਾਣਗੇ, ਜਿਸ ਤੋਂ ਬਾਅਦ ਮਾਈਕ੍ਰੋਸਕੋਪਿਕ ਅੱਖਾਂ ਦੀਆਂ ਸਰਜਰੀਆਂ ਨਿਯਮਤ ਤੌਰ 'ਤੇ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਇਸ ਨਵੀਂ ਸਹੂਲਤ ਦੇ ਸ਼ੁਰੂ ਹੋਣ ਨਾਲ ਤਲਵੰਡੀ ਸਾਬੋ ਅਤੇ ਆਸ-ਪਾਸ ਦੇ ਲਗਭਗ 70 ਪਿੰਡਾਂ ਦੇ ਲੋਕਾਂ ਨੂੰ ਅੱਖਾਂ ਦੀਆਂ ਉੱਚ ਪੱਧਰੀ ਸਰਜਰੀਆਂ ਲਈ ਦੂਰ-ਦੁਰਾਡੇ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਰਹੇਗੀ। ਮਰੀਜ਼ਾਂ ਨੂੰ ਆਪਣੇ ਇਲਾਕੇ ਵਿੱਚ ਹੀ ਮਿਆਰੀ, ਆਧੁਨਿਕ ਅਤੇ ਮਾਹਿਰ ਸਿਹਤ ਸੇਵਾਵਾਂ ਉਪਲਬਧ ਹੋਣਗੀਆਂ, ਜਿਸ ਨਾਲ ਸਮੇਂ ਅਤੇ ਖ਼ਰਚ ਦੋਵਾਂ ਦੀ ਬਚਤ ਹੋਵੇਗੀ। ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ ਅਤੇ ਹਸਪਤਾਲ ਵਿਖੇ ਅੱਖਾਂ ਦੀਆਂ ਸਰਜਰੀਆਂ ਦੀ ਸ਼ੁਰੂਆਤ ਇਸੇ ਵਚਨਬੱਧਤਾ ਦਾ ਇੱਕ ਹੋਰ ਮਹੱਤਵਪੂਰਨ ਸਬੂਤ ਹੈ।

ਕਮਾਲਪੁਰ ਤੇ ਆਸ-ਪਾਸ ਦੇ ਪਿੰਡਾਂ ਦੀਆਂ ਸੜਕਾਂ ਦੇ ਨਿਰਮਾਣ 'ਤੇ ਖਰਚੇ ਜਾ ਰਹੇ ਨੇ ਕਰੀਬ 20 ਕਰੋੜ: ਹਰਪਾਲ ਸਿੰਘ ਚੀਮਾ

# ਪੰਜਾਬ ਭਰ ਵਿੱਚ 45,000 ਕਿਲੋਮੀਟਰ ਸੜਕਾਂ ਦਾ ਹੋ ਰਿਹਾ ਹੈ ਕਾਇਆ-ਕਲਪ




**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਦਿੜ੍ਹਬਾ ਤੋਂ ਕਮਾਲਪੁਰ ਤਕ ਕਰੀਬ 05 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ 06.7 ਕਿਲੋਮੀਟਰ ਸੜਕ 'ਤੇ ਲੁੱਕ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਅਤੇ ਨਿਰਮਾਣ ਸਮੱਗਰੀ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਦੱਸਿਆ ਕਿ ਕਮਾਲਪੁਰ ਅਤੇ ਇਸ ਦੇ ਆਲੇ-ਦੁਆਲੇ ਦੇ ਪਿੰਡਾਂ ਨੂੰ ਜੋੜਨ ਵਾਲੀਆਂ ਪ੍ਰਮੁੱਖ ਸੜਕਾਂ ਦੇ ਨਿਰਮਾਣ ਅਤੇ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਜਾ ਚੁੱਕੀ ਹੈ, ਜਿਸ ਨਾਲ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਹੋਈਆਂ ਹਨ। ਲਗਭਗ 12 ਕਿਲੋਮੀਟਰ ਨਵੀਆਂ ਸੜਕਾਂ (ਜੋ ਪਹਿਲਾਂ ਕੱਚੇ ਰਸਤੇ ਸਨ) ਬਣਾਈਆਂ ਜਾ ਰਹੀਆਂ ਹਨ ਅਤੇ ਲਗਭਗ 20 ਕਿਲੋਮੀਟਰ, ਮੌਜੂਦਾ ਸੜਕਾਂ ਨੂੰ ਚੌੜਾ ਕੀਤਾ ਜਾ ਰਿਹਾ ਹੈ। ਇਹਨਾਂ ਸਾਰੇ ਸੜਕੀ ਪ੍ਰੋਜੈਕਟਾਂ 'ਤੇ ਲਗਭਗ 20 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾ ਰਹੀ ਹੈ। ਇਹਨਾਂ ਵਿਕਾਸ ਪ੍ਰੋਜੈਕਟਾਂ ਤਹਿਤ ਕਮਾਲਪੁਰ ਤੋਂ ਸਫੀਪੁਰ, ਕਮਾਲਪੁਰ ਤੋਂ ਸਮੂਰਾਂ, ਕਮਾਲਪੁਰ ਤੋਂ ਸਫੀਪੁਰ ਖੁਰਦ, ਖਨਾਲ ਕਲਾਂ ਤੋਂ ਕਮਾਲਪੁਰ, ਕਮਾਲਪੁਰ ਤੋਂ ਬਘਰੌਲ, ਕਮਾਲਪੁਰ ਤੋਂ ਦਿਆਲਗੜ੍ਹ ਜੇਜੀਆਂ, ਕਮਾਲਪੁਰ ਤੋਂ ਦਿੜ੍ਹਬਾ, ਅਤੇ ਕਮਾਲਪੁਰ ਤੋਂ ਘਨੌੜ ਰਾਜਪੂਤਾਂ ਤਕ ਦੀਆਂ ਸੜਕਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ। ਪੂਰੇ ਪੰਜਾਬ ਵਿੱਚ ਇਸ ਸਮੇਂ ਲਗਭਗ 45,000 ਕਿਲੋਮੀਟਰ ਸੜਕਾਂ ਦਾ ਨਵਾਂ ਨਿਰਮਾਣ ਜਾਂ ਉਹਨਾਂ ਨੂੰ ਚੌੜਾ ਕਰਨ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ। ਅਜੋਕੇ ਸਮੇਂ ਵਿੱਚ ਕਾਰਾਂ, ਮੋਟਰਸਾਈਕਲਾਂ ਅਤੇ ਹੋਰ ਵਾਹਨਾਂ ਦੀ ਗਿਣਤੀ ਬਹੁਤ ਵਧ ਗਈ ਹੈ, ਜਿਸ ਕਾਰਨ ਪੁਰਾਣੀਆਂ ਸੜਕਾਂ ਤੰਗ ਮਹਿਸੂਸ ਹੋਣ ਲੱਗ ਪਈਆਂ ਸਨ। ਸੜਕਾਂ ਦੇ ਚੌੜੇ ਹੋਣ ਨਾਲ ਜਿੱਥੇ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਹੀ ਸੜਕੀ ਹਾਦਸਿਆਂ 'ਤੇ ਵੀ ਪੂਰੀ ਤਰ੍ਹਾਂ ਲਗਾਮ ਲੱਗੇਗੀ ਅਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਣਗੀਆਂ।ਸੜਕਾਂ ਦੀ ਸਾਂਭ-ਸੰਭਾਲ ਲਈ ਉਨ੍ਹਾਂ ਨੇ ਲੋਕਾਂ ਨੂੰ ਇੱਕ ਅਹਿਮ ਅਪੀਲ ਕੀਤੀ ਕਿ ਸੜਕਾਂ 'ਤੇ ਪਾਣੀ ਬਿਲਕੁਲ ਨਾ ਖੜ੍ਹਨ ਦਿੱਤਾ ਜਾਵੇ। ਜਿਸ ਵੀ ਜਗ੍ਹਾ 'ਤੇ ਪਾਣੀ ਖੜ੍ਹਦਾ ਹੈ, ਉੱਥੋਂ ਸੜਕ ਟੁੱਟਣੀ ਸ਼ੁਰੂ ਹੋ ਜਾਂਦੀ ਹੈ।

ਚੱਲ ਰਹੇ ਕੰਮ ਦੇ ਮਟੀਰੀਅਲ ਦੀ ਖੁਦ ਜਾਂਚ ਕਰਦਿਆਂ ਉਨ੍ਹਾਂ ਦੱਸਿਆ ਕਿ ਸੜਕ ਦੇ ਨਿਰਮਾਣ ਵਿੱਚ ਹੇਠਾਂ ਪੱਥਰ (ਵੱਟਾ) ਪਾਉਣ ਤੋਂ ਬਾਅਦ 40 ਐਮ.ਐਮ. ਦਾ ਮਟੀਰੀਅਲ ਪਾਇਆ ਜਾ ਰਿਹਾ ਹੈ, ਜੋ ਕਿ ਪੂਰੀ ਤਰ੍ਹਾਂ ਤਸੱਲੀਬਖਸ਼ ਹੈ।

ਇਸ ਦੇ ਨਾਲ ਹੀ ਉਨ੍ਹਾਂ ਨੇ ਮੌਕੇ 'ਤੇ ਮੌਜੂਦ ਵਿਭਾਗ ਦੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਕੰਮ ਦੀ ਗੁਣਵੱਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰਾ ਕੰਮ ਪਾਰਦਰਸ਼ੀ ਤੇ ਮਿਆਰੀ ਤਰੀਕੇ ਨਾਲ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖ-ਵੱਖ ਅਹੁਦੇਦਾਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਐਂਗਰੀ ਮੈਨ ਪਰਮਜੀਤ ਸਿੰਘ 'ਪੰਮਾ' 'ਤੇ ਆਧਾਰਿਤ 10ਵਾਂ ਗੀਤ "ਪੰਮਾ ਬਿਨਾਂ ਧਰਨਾ ਸਫਲ ਨਹੀਂ" ਕੀਤਾ ਗਿਆ ਰਿਲੀਜ਼



**ਨਵੀਂ ਦਿੱਲੀ 5 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ "ਪੰਮਾ" ਦੇ ਜਨ ਸੰਘਰਸ਼ਾਂ ਅਤੇ ਸਮਾਜ ਸੇਵਾ ਨੂੰ ਸਮਰਪਿਤ 10ਵਾਂ ਗੀਤ "ਪੰਮਾ ਬਿਨਾਂ ਧਰਨਾ ਸਫਲ ਨਹੀਂ" ਇੱਕ ਸਮਾਗਮ ਦੌਰਾਨ ਰਿਲੀਜ਼ ਕੀਤਾ ਗਿਆ। ਇਹ ਗੀਤ ਉਨ੍ਹਾਂ ਦੇ ਲੰਬੇ ਸਮੇਂ ਤੋਂ ਚੱਲ ਰਹੇ ਲੋਕ-ਹਿੱਤ ਸੰਘਰਸ਼ਾਂ ਅਤੇ ਜਨਸੇਵਾ ਨੂੰ ਸੰਗੀਤ ਰਾਹੀਂ ਪੇਸ਼ ਕਰਦਾ ਹੈ। ਇਸ ਗੀਤ ਦੇ ਬੋਲ ਪ੍ਰਸਿੱਧ ਲੇਖਕ ਬਲਵਿੰਦਰ ਸਿੰਘ ਸੋਢੀ ਨੇ ਲਿਖੇ ਹਨ, ਜਦਕਿ ਇਸ ਨੂੰ ਗਾਇਕਾ ਰੈਸ਼ ਕੌਰ ਨੇ ਆਪਣੀ ਆਵਾਜ਼ ਦਿੱਤੀ ਹੈ। ਰਿਲੀਜ਼ ਸਮਾਗਮ ਵਿੱਚ ਪਰਮਜੀਤ ਸਿੰਘ "ਪੰਮਾ÷, ਬਲਵਿੰਦਰ ਸਿੰਘ ਸੋਢੀ, ਰੈਸ਼ ਕੌਰ, ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਸਕੱਤਰ ਵਿਕਰਾਂਤ ਮੋਹਨ, ਮਹਿਲਾ ਵਿੰਗ ਦੀ ਰਾਸ਼ਟਰੀ ਪ੍ਰਧਾਨ ਭਾਵਨਾ ਧਵਨ, ਦਿੱਲੀ ਪ੍ਰਦੇਸ਼ ਪ੍ਰਧਾਨ ਕੁਲਦੀਪ ਸਿੰਘ ਮਾਰਵਾਹ, ਸੋਸ਼ਲ ਵਿੰਗ ਦੀ ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰ, ਵਰਕਰ ਅਤੇ ਪਤਵੰਤੇ ਹਾਜ਼ਰ ਸਨ। ਇਸ ਮੌਕੇ ਬਲਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਪਰਮਜੀਤ ਸਿੰਘ "ਪੰਮਾ" ਪਿਛਲੇ ਕਰੀਬ 32 ਸਾਲਾਂ ਤੋਂ ਮਹਿੰਗਾਈ, ਸਿੱਖਿਆ, ਵਪਾਰੀਆਂ ਦੀਆਂ ਸਮੱਸਿਆਵਾਂ, ਮਹਿਲਾਵਾਂ ਦੇ ਹੱਕਾਂ ਅਤੇ ਹੋਰ ਜਨ-ਹਿੱਤ ਦੇ ਮੁੱਦਿਆਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਇਨ੍ਹਾਂ ਹੀ ਸੰਘਰਸ਼ਾਂ ਤੋਂ ਪ੍ਰੇਰਿਤ ਹੋ ਕੇ ਇਹ 10ਵਾਂ ਗੀਤ ਤਿਆਰ ਕੀਤਾ ਗਿਆ ਹੈ। ਗੀਤ ਦੇ ਰਿਲੀਜ਼ ਹੋਣ ਉਪਰੰਤ ਨੈਸ਼ਨਲ ਅਕਾਲੀ ਦਲ ਦੇ ਵਰਕਰਾਂ ਅਤੇ ਸਮਰਥਕਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।

# ਸੂਬਾ ਪੱਧਰੀ ਟੀਮ ਵੱਲੋਂ ਧੂਰੀ ਵਿਖੇ ਕੀਟਨਾਸ਼ਕ ਅਤੇ ਖਾਦ ਵਿਕਰੇਤਾਵਾਂ ਦੀ ਵਿਸ਼ੇਸ਼ ਚੈਕਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸੰਯੁਕਤ ਡਾਇਰੈਕਟਰ ਜੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਦੀ ਅਗਵਾਈ ਵਿੱਚ ਧੂਰੀ ਵਿਖੇ ਸੂਬਾ ਪੱਧਰੀ ਅਤੇ ਜਿਲਾ ਪੱਧਰੀ ਟੀਮਾਂ ਵੱਲੋਂ ਕੀਟਨਾਸ਼ਕ ਅਤੇ ਖਾਦ ਵਿਕਰੇਤਾ ਦੁਕਾਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਮੌਕੇ ਵੱਖ-ਵੱਖ ਕੀਟਨਾਸਕ ਅਤੇ ਖਾਦ ਵਿਕਰੇਤਾ ਦੁਕਾਨਾਂ ਦੀ ਜਾਂਚ ਕਰਕੇ ਉਨਾਂ ਦੇ ਲਾਈਸੈਂਸ, ਸਟਾਕ ਰਜਿਸਟਰ ਬਿਲਾ ਅਤੇ ਬਿਕਰੀ ਨਾਲ ਸੰਬੰਧਿਤ ਰਿਕਾਰਡ ਦੀ ਪੜਤਾਲ ਕੀਤੀ ਗਈ। ਦੁਕਾਨਦਾਰਾਂ ਵੱਲੋਂ ਕੀਟਨਾਸ਼ਕ ਐਕਟ ਖਾਦ (ਨਿਯੰਤਰਣ )ਆਦੇਸ਼ ਅਤੇ ਹੋਰ ਸਬੰਧਤ ਨਿਯਮਾਂ ਦੀ ਪਾਲਣਾ ਕਰਨ ਦੀ ਹਦਾਇਤ ਦਿੱਤੀ ਗਈ। ਜਾਂਚ ਦੌਰਾਨ ਖਾਦਾਂ ਅਤੇ ਕੀਟਨਾਸ਼ਕਾਂ ਦੀ ਗੁਣਵੰਤਾ ਦੀ ਜਾਂਚ ਲਈ ਲੋੜ ਅਨੁਸਾਰ ਨਮੂਨੇ ਇਕੱਠੇ ਕੀਤੇ ਗਏ ਅਤੇ ਉਕਤ ਨਮੂਨਿਆਂ ਨੂੰ ਵਿਸ਼ਲੇਸ਼ਣ ਲਈ ਮਾਨਤਾ ਪ੍ਰਾਪਤ ਟੈਸਟਿੰਗ ਲੈਬਾਰਟਰੀਆਂ ਵਿੱਚ ਭੇਜਿਆ ਗਿਆ ਹੈ। ਇਹ ਵੀ ਭਰੋਸਾ ਦਵਾਇਆ ਗਿਆ ਹੈ ਕਿ ਜੇਕਰ ਕੋਈ ਵੀ ਨਮੂਨਾ ਗੈਰ ਮਿਆਰੀ ਪਾਇਆ ਜਾਂਦਾ ਹੈ ਤਾਂ ਸਬੰਧਤ ਦੁਕਾਨਦਾਰ ਵਿਰੁੱਧ ਐਕਟ ਦੇ ਅਨੁਸਾਰ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਹਾ ਗਿਆ ਹੈ ਕਿ ਕਿਸਾਨਾਂ ਦੇ ਹਿੱਤ ਦੀ ਰੱਖਿਆ ਲਈ ਅਜਿਹੀਆਂ ਚੈਕਿੰਗ ਮੁਹਿੰਮਾ ਭਵਿੱਖ ਵਿੱਚ ਨਿਰੰਤਰ ਜਾਰੀ ਰਹਿਣਗੀਆਂ।

# 15 ਜੁਲਾਈ ਨੂੰ ਯੂਕੇ ਸੰਸਦ ਵਿੱਚ ਹੋਵੇਗੀ ਸਿੱਖ ਵਕਾਲਤੀ ਮੁਹਿੰਮ; ਸਿੱਖ ਵਿਰੋਧੀ ਨ.ਫਰਤੀ ਅਪਰਾਧਾਂ ਅਤੇ ਸ੍ਰੀ ਸਾਹਿਬ ਸਬੰਧੀ ਭੇਦਭਾਵ ਦਾ ਉਠੇਗਾ ਮੁੱਦਾ



ਨਵੀਂ ਦਿੱਲੀ, 5 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਯੂਕੇ ਵਿੱਚ ਮਈ ਦੇ ਮੱਧ ਤੋਂ ਬਾਅਦ ਸਿੱਖਾਂ ਵਿਰੁੱਧ ਵਧੇ ਨਫ਼ਰਤੀ ਅਪਰਾਧਾਂ ਅਤੇ ਸੱਜੇਪੰਥੀ ਗਰੁੱਪਾਂ ਵੱਲੋਂ ਫੈਲਾਈ ਜਾ ਰਹੀ ਸਿੱਖ ਵਿਰੋਧੀ ਨਫ਼ਰਤ ਦੇ ਮੱਦੇਨਜ਼ਰ 15 ਜੁਲਾਈ ਨੂੰ ਯੂਕੇ ਸੰਸਦ ਦੀ ਸੈਂਟਰਲ ਲੌਬੀ ਵਿੱਚ ਸਿੱਖ ਵਕਾਲਤੀ ਮੁਹਿੰਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਵੇਰੇ 11:30 ਵਜੇ ਤੋਂ ਦੁਪਹਿਰ 1:00 ਵਜੇ ਤੱਕ ਚੱਲਣ ਵਾਲੀ ਇਸ ਵਕਾਲਤੀ ਮੁਹਿੰਮ ਰਾਹੀਂ ਸੰਸਦ ਮੈਂਬਰਾਂ ਦਾ ਧਿਆਨ ਸਿੱਖ ਭਾਈਚਾਰੇ ਨਾਲ ਸਬੰਧਤ ਗੰਭੀਰ ਮੁੱਦਿਆਂ ਵੱਲ ਖਿੱਚਿਆ ਜਾਵੇਗਾ। ਸਿੱਖ ਫੈਡਰੇਸ਼ਨ (ਯੂਕੇ) ਦੇ ਬੀਪੀਓ ਭਾਈ ਦਬਿੰਦਰਜੀਤ ਸਿੰਘ ਵੱਲੋਂ ਭੇਜੀ ਗਈ ਜਾਣਕਾਰੀ ਅਨੁਸਾਰ, ਵਕਾਲਤੀ ਮੁਹਿੰਮ ਦੌਰਾਨ ਸਰਕਾਰੀ ਅਦਾਰਿਆਂ ਵਿੱਚ ਸ੍ਰੀ ਸਾਹਿਬ (ਕਿਰਪਾਨ) ਸਬੰਧੀ ਮੌਜੂਦ ਅਗਿਆਨਤਾ, ਗਲਤਫ਼ਹਿਮੀਆਂ ਅਤੇ ਸਿੱਖਾਂ ਨਾਲ ਹੋ ਰਹੇ ਭੇਦਭਾਵ ਦੇ ਮਾਮਲਿਆਂ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ ਜਾਵੇਗਾ। ਇਸ ਉਪਰੰਤ ਦੁਪਹਿਰ 1:00 ਵਜੇ ਤੋਂ 3:00 ਵਜੇ ਤੱਕ ਸੰਸਦ ਦੇ ਇੱਕ ਕਮੇਟੀ ਕਮਰੇ ਵਿੱਚ ਹੋਣ ਵਾਲੀ ਬ੍ਰੀਫਿੰਗ ਦੌਰਾਨ ਸਿੱਖ ਨੈੱਟਵਰਕ ਵੱਲੋਂ ਮਈ ਦੇ ਮੱਧ ਤੋਂ ਬਾਅਦ ਵਾਪਰੇ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਬਾਰੇ ਕਰਵਾਏ ਗਏ ਸਰਵੇਖਣ ਦੇ ਨਤੀਜੇ ਅਤੇ ਬ੍ਰਿਟਿਸ਼ ਸਿੱਖ ਪਰਿਵਾਰਾਂ ਉੱਤੇ ਪਏ ਸਮਾਜਿਕ ਅਤੇ ਮਾਨਸਿਕ ਪ੍ਰਭਾਵਾਂ ਤੋਂ ਕਾਨੂੰਨ ਨਿਰਮਾਤਾਵਾਂ ਨੂੰ ਜਾਣੂ ਕਰਵਾਇਆ ਜਾਵੇਗਾ। ਭਾਈ ਦਬਿੰਦਰਜੀਤ ਸਿੰਘ ਨੇ ਕਿਹਾ ਕਿ ਹਾਲੀਆ ਘਟਨਾਵਾਂ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਸਿੱਖਾਂ ਦੇ ਧਾਰਮਿਕ ਵਿਸ਼ਵਾਸਾਂ ਅਤੇ ਆਸਥਾ ਦੇ ਪ੍ਰਤੀਕਾਂ, ਖ਼ਾਸ ਕਰਕੇ ਸ੍ਰੀ ਸਾਹਿਬ, ਸਬੰਧੀ ਇੱਕ ਕਾਨੂੰਨੀ ਆਚਾਰ ਸੰਹਿਤਾ (ਸਟੇਟਟਰੀ ਕੋਡ ਆਫ ਪ੍ਰੈਕਟਿਸ) ਲਾਗੂ ਕਰਨਾ ਸਮੇਂ ਦੀ ਮੁੱਖ ਲੋੜ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸਰਕਾਰੀ ਅਦਾਰਿਆਂ ਵਿੱਚ ਕਾਨੂੰਨ ਦੀ ਸਹੀ ਸਮਝ ਵਿਕਸਿਤ ਹੋਵੇਗੀ ਅਤੇ ਸਿੱਖਾਂ ਨਾਲ ਹੋਣ ਵਾਲੇ ਬੇਲੋੜੇ ਭੇਦਭਾਵ ਨੂੰ ਰੋਕਣ ਵਿੱਚ ਮਦਦ ਮਿਲੇਗੀ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ ਸਿੱਖ ਵਕਾਲਤੀ ਮੁਹਿੰਮ ਵਿੱਚ ਸ਼ਮੂਲੀਅਤ ਕਰਕੇ ਸਿੱਖ ਕੌਮ ਦੀ ਸਾਂਝੀ ਆਵਾਜ਼ ਨੂੰ ਯੂਕੇ ਸੰਸਦ ਤੱਕ ਪਹੁੰਚਾਇਆ ਜਾਵੇ। ਇਸ ਦੇ ਨਾਲ ਹੀ ਗੁਰਦੁਆਰਾ ਸਾਹਿਬਾਂ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਸੰਗਤ ਨੂੰ ਜਾਗਰੂਕ ਕਰਨ ਅਤੇ ਆਪਣੇ-ਆਪਣੇ ਖੇਤਰਾਂ ਦੇ ਸੰਸਦ ਮੈਂਬਰਾਂ (ਐਮਪੀਜ਼) ਨੂੰ ਸਿੱਖ ਭਾਈਚਾਰੇ ਦੀਆਂ ਮੰਗਾਂ ਦੇ ਸਮਰਥਨ ਵਿੱਚ ਲਿਖਣ ਲਈ ਵੀ ਪ੍ਰੇਰਿਤ ਕਰਨ ਦੀ ਅਪੀਲ ਕੀਤੀ ਗਈ ਹੈ।

## ਜਥੇਦਾਰ ਗੜਗੱਜ ਤੇ ਸ਼੍ਰੋਮਣੀ ਕਮੇਟੀ ਦੱਸੇ ਕਿ ਐਕਟ 1956 ਦੀ ਖੁੱਲ੍ਹੀ ਹਮਾਇਤ ਪਿੱਛੇ


# ਕਿਹੜੀ ਮਜਬੂਰੀ ਤੇ ਰਾਜਨੀਤੀ ਕੰਮ ਕਰ ਰਹੀ ਹੈ ? : ਪ੍ਰੋ. ਸਰਚਾਂਦ ਸਿੰਘ ਖਿਆਲਾ

☛ ਸ਼੍ਰੋਮਣੀ ਕਮੇਟੀ ਨੇ 27 ਅਕਤੂਬਰ 1968 ਦੇ ਸਾਲਾਨਾ ਇਜਲਾਸ ਵਿੱਚ 'ਤਖ਼ਤ ਹਜ਼ੂਰ ਸਾਹਿਬ ਐਕਟ 1956' ਨੂੰ ਸਿੱਖੀ ਸਪਿਰਟ ਤੇ ਭਾਵਨਾ ਦੇ ਪ੍ਰਤੀਕੂਲ ਕਰਾਰ ਦਿੰਦਿਆਂ ਮਤਾ ਕੀਤਾ ਸੀ ਪਾਸ ☛ ਸ਼੍ਰੋਮਣੀ ਕਮੇਟੀ ਦੱਸੇ—ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਸਿਰਫ਼ ਆਮ ਸੰਗਤ ਲਈ ਹਨ ਜਾਂ ਸੱਤਾ ਦੇ ਭਾਈਵਾਲਾਂ ਲਈ ਵੀ ? : ਪ੍ਰੋ. ਸਰਚਾਂਦ ਸਿੰਘ ਖਿਆਲਾ

### ਸ਼੍ਰੋਮਣੀ ਕਮੇਟੀ ਆਪਣੇ ਸਥਿਤੀ ਸਪਸ਼ਟ ਕਰੇ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਚਾਹੀਦਾ ਹੈ ਕਿ ਉਹ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਦੇ 1956 ਦੇ ਐਕਟ ਸਬੰਧੀ 27 ਅਕਤੂਬਰ 1968 ਨੂੰ ਆਪਣੇ ਸਾਲਾਨਾ ਜਨਰਲ ਇਜਲਾਸ ਵਿੱਚ ਸਰਬਸੰਮਤੀ ਨਾਲ ਪਾਸ ਕੀਤੇ ਗਏ ਮਤੇ ਬਾਰੇ ਆਪਣੀ ਮੌਜੂਦਾ ਸਥਿਤੀ ਸਪੱਸ਼ਟ ਕਰੇ। ਕੀ ਉਸ ਮਤੇ ਵਿੱਚ ਦਰਜ ਇਤਰਾਜ਼ ਅਤੇ ਸੁਝਾਅ ਅੱਜ ਵੀ ਸ਼੍ਰੋਮਣੀ ਕਮੇਟੀ ਦੀ ਅਧਿਕਾਰਤ ਨੀਤੀ ਹਨ ਜਾਂ ਸਮੇਂ ਦੇ ਨਾਲ ਉਸ ਵਿੱਚ ਕੋਈ ਤਬਦੀਲੀ ਆਈ ਹੈ? ਇਸ ਸੰਬੰਧੀ ਸੰਗਤ ਸਾਹਮਣੇ ਸਪੱਸ਼ਟ ਅਤੇ ਅਧਿਕਾਰਤ ਰੁਖ ਰੱਖਿਆ ਜਾਣਾ ਚਾਹੀਦਾ ਹੈ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 27 ਅਕਤੂਬਰ 1968 ਨੂੰ ਸਾਲਾਨਾ ਜਨਰਲ ਇਜਲਾਸ ਦੌਰਾਨ ਮਤਾ ਪਾਸ ਕਰਦਿਆਂ ਤਤਕਾਲੀ ਹੈਦਰਾਬਾਦ ਰਾਜ ਵੱਲੋਂ ਬਣਾਏ ਗਏ 1956 ਦੇ ਕਾਨੂੰਨ ਨੂੰ ਸਿੱਖ ਧਰਮ ਦੇ ਮਾਣ-ਮਰਯਾਦਾ ਦੇ ਪ੍ਰਤੀਕੂਲ ਦੱਸਿਆ। ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿੱਖ ਇਤਿਹਾਸ ਰਿਸਰਚ ਬੋਰਡ ਵੱਲੋਂ ਪ੍ਰਕਾਸ਼ਤ ਸ਼੍ਰੋਮਣੀ ਕਮੇਟੀ ਦਾ 50 ਸਾਲਾ ਇਤਿਹਾਸ ਦੇ ਪੇਜ ਨੰਬਰ 383 ਉੱਤੇ ਇੰਜ ਅੰਕਿਤ ਹੈ ਕਿ...

ਸ੍ਰੀ ਅਬਿਚਲ ਨਗਰ ਹਜ਼ੂਰ ਸਾਹਿਬ (ਨੰਦੇੜ-ਦੱਖਣ) ਦੀ ਸਿੱਖੀ ਮਰਯਾਦਾ ਕਾਇਮ ਰੱਖਣ ਬਾਰੇ ਮਤਾ SGPC, 27-10-1968

ਫੇਰ ਸਰਦਾਰ ਇੰਦਰ ਸਿੰਘ ਜੀ ਚੀਮਾ ਦੀ ਤਜਵੀਜ਼ ਤੇ ਸਰਦਾਰ ਕਰਤਾਰ ਸਿੰਘ ਜੋਸ਼ੀਲਾ ਦੀ ਤਾਈਦ ਨਾਲ ਸ੍ਰੀ ਅਬਿਚਲ ਨਗਰ ਹਜ਼ੂਰ ਸਾਹਿਬ (ਨੰਦੇੜ-ਦੱਖਣ) ਦੀ ਰਹਿਤ ਮਰਯਾਦਾ ਕਾਇਮ ਰੱਖਣ ਬਾਰੇ ਹੇਠ ਲਿਖਿਆ ਮਤਾ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ :

"ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਸਮਾਗਮ ਅਨੁਭਵ ਕਰਦਾ ਹੈ ਕਿ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਦਾ ਐਕਟ ੧੯੫੬, ਜਿਸ ਦੁਆਰਾ ਸ੍ਰੀ ਹਜ਼ੂਰ ਸਾਹਿਬ ਅਤੇ ਹੋਰ ਸਬੰਧਿਤ ਗੁਰਦੁਆਰਿਆਂ ਦਾ ਪ੍ਰਬੰਧਕ ਬੋਰਡ ਸਥਾਪਤ ਕੀਤਾ ਗਿਆ ਹੈ, ਵਿੱਚ ਕੁਝ ਅਜਿਹੀਆਂ ਤਰੁੱਟੀਆਂ ਹਨ, ਜੋ ਸਿੱਖ ਧਰਮ ਤੇ ਮਾਨ ਮਰਯਾਦਾ ਦੇ ਪੂਰਨ ਭਾਂਤਿ ਅਨੁਕੂਲ ਨਹੀਂ। ਇਸ ਬੋਰਡ ਦੀ ਬਣਤਰ ਵਿੱਚ ਮੈਂਬਰਾਂ ਦੀ ਨਾਮਜ਼ਦਗੀ, ਸਿੱਖੀ ਸਪਿਰਟ ਤੇ ਭਾਵਨਾ ਦੇ ਅਨੁਕੂਲ ਨਹੀਂ, ਜਿਹਾ ਕਿ ਪੰਜਾਬ ਦੇ ਗੁਰਦੁਆਰਾ ਐਕਟ ਵਿੱਚ ਅੰਕਿਤ ਹੈ, ਇਸ ਲਈ ਇਹ ਸਮਾਗਮ ਮੰਗ ਕਰਦਾ ਹੈ ਕਿ :

੧. ਇਸ ਐਕਟ ਅਨੁਸਾਰ ਨਾਮਜ਼ਦ ਅਤੇ ਹੋਰ ਮੈਂਬਰਾਂ ਲਈ ਅੰਮ੍ਰਿਤਧਾਰੀ ਹੋਣਾ ਜ਼ਰੂਰੀ ਹੋਵੇ ਅਤੇ ਸ਼ਰਾਬ ਪੀਣਾ ਸਪੱਸ਼ਟ ਅੱਖਰਾਂ ਵਿੱਚ ਵਰਜਿਤ ਹੋਵੇ।

੨. ਇਸ ਬੋਰਡ ਵਿੱਚ ਪਾਰਲੀਮੈਂਟ ਦੇ ਦੋ ਸਿੱਖ ਮੈਂਬਰਾਂ ਦੀ ਨਾਮਜ਼ਦਗੀ ਦੀ ਬਜਾਇ, ਨਾਮਜ਼ਦਗੀ ਦਾ ਅਧਿਕਾਰ ਵੀ ਸ਼੍ਰੋਮਣੀ ਗੁ: ਪ੍ਰ: ਕਮੇਟੀ ਨੂੰ ਦਿੱਤਾ ਜਾਵੇ, ਕਿਉਂਕਿ ਪਾਰਲੀਮੈਂਟ ਦੇ ਦੋ ਸਿੱਖ ਮੈਂਬਰ ਨਿਰੋਲ ਸਿੱਖ ਵੋਟਰਾਂ ਦੇ ਪ੍ਰਤੀਨਿਧ ਨਹੀਂ।

ਇਹ ਇਜਲਾਸ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ: ਪ੍ਰ: ਕਮੇਟੀ ਨੂੰ ਅਧਿਕਾਰ ਦਿੰਦਾ ਹੈ ਕਿ ਉਹ ਸ਼ੀਘਰ ਹੀ ਇਸ ਐਕਟ ਵਿੱਚ ਲੋੜੀਂਦੀਆਂ ਤਰਮੀਮਾਂ ਕਰਵਾਉਣ ਹਿਤ ਮਹਾਰਾਸ਼ਟਰ ਸਰਕਾਰ ਨਾਲ ਗੱਲਬਾਤ ਆਰੰਭ ਕਰਨ।"



**ਅੰਮ੍ਰਿਤਸਰ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਵੱਲੋਂ 'ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਐਕਟ, 1956' ਨੂੰ ਮਹਾਰਾਸ਼ਟਰ ਸਰਕਾਰ ਵੱਲੋਂ ਰੱਦ ਕੀਤੇ ਜਾਣ ਦੇ ਮਾਮਲੇ ਨੂੰ ਲੈ ਕੇ ਕੀਤੀ ਜਾ ਰਹੀ ਬਿਆਨਬਾਜ਼ੀ 'ਤੇ ਹੈਰਾਨੀ ਪ੍ਰਗਟ ਕਰਦਿਆਂ ਸਵਾਲ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿਸ ਐਕਟ ਨੂੰ ਸਿੱਖੀ ਸਪਿਰਟ ਤੇ ਭਾਵਨਾ ਦੇ ਅਨੁਕੂਲ ਨਾ ਮੰਨਦਿਆਂ 58 ਸਾਲ ਪਹਿਲਾਂ ਮਤਾ ਕੀਤਾ ਗਿਆ ਸੀ, ਉਸ ਦੀ ਅੱਜ ਇਨ੍ਹਾਂ ਵੱਲੋਂ ਖੁੱਲ੍ਹ ਕੇ ਕੀਤੀ ਜਾ ਰਹੀ ਹਮਾਇਤ ਪਿੱਛੇ ਕਿਹੜੀ ਮਜਬੂਰੀ ਅਤੇ ਕਿਹੜੀ ਰਾਜਨੀਤੀ ਕੰਮ ਕਰ ਰਹੀ ਹੈ ?

ਪ੍ਰੋ. ਖਿਆਲਾ ਨੇ ਆਪਣੇ ਦਾਅਵੇ ਅਤੇ ਦਲੀਲ ਨੂੰ ਪੁਖ਼ਤਾ ਕਰਦਿਆਂ ਸ਼੍ਰੋਮਣੀ ਕਮੇਟੀ ਨੂੰ ਅਤੀਤ ਦੌਰਾਨ ਪਾਸ ਕੀਤੇ ਗਏ ਮਤਿਆਂ ਅਤੇ ਚੁੱਕੇ ਗਏ ਕਦਮਾਂ 'ਤੇ ਝਾਤ ਮਾਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ 27 ਅਕਤੂਬਰ 1968 ਨੂੰ ਸਾਲਾਨਾ ਜਨਰਲ ਇਜਲਾਸ ਦੌਰਾਨ 'ਤਖ਼ਤ ਹਜ਼ੂਰ ਸਾਹਿਬ ਐਕਟ 1956' ਸੰਬੰਧੀ ਪਾਸ ਕੀਤੇ ਗਏ ਮਤੇ 'ਚ ਕਿਹਾ ਕਿ ਇਸ ਐਕਟ ਵਿੱਚ "ਕੁਝ ਅਜਿਹੀਆਂ ਤਰੁੱਟੀਆਂ ਹਨ, ਜੋ ਸਿੱਖ ਧਰਮ ਤੇ ਮਾਨ-ਮਰਯਾਦਾ ਦੇ ਪੂਰਨ ਭਾਂਤਿ ਅਨੁਕੂਲ ਨਹੀਂ। ਇਸ ਬੋਰਡ ਦੀ ਬਣਤਰ ਵਿੱਚ ਮੈਂਬਰਾਂ ਦੀ ਨਾਮਜ਼ਦਗੀ ਸਿੱਖੀ ਸਪਿਰਟ ਤੇ ਭਾਵਨਾ ਦੇ ਅਨੁਕੂਲ ਨਹੀਂ, ਜਿਹਾ ਕਿ ਪੰਜਾਬ ਦੇ ਗੁਰਦੁਆਰਾ ਐਕਟ ਵਿੱਚ ਅੰਕਿਤ ਹੈ। ਇਸ ਲਈ ਇਹ ਸਮਾਗਮ ਮੰਗ ਕਰਦਾ ਹੈ ਕਿ ਇਸ ਐਕਟ ਅਨੁਸਾਰ ਨਾਮਜ਼ਦ ਅਤੇ ਹੋਰ ਮੈਂਬਰਾਂ ਲਈ ਅੰਮ੍ਰਿਤਧਾਰੀ ਹੋਣਾ ਜ਼ਰੂਰੀ ਹੋਵੇ ਅਤੇ ਸ਼ਰਾਬ ਪੀਣਾ ਸਪੱਸ਼ਟ ਅੱਖਰਾਂ ਵਿੱਚ ਵਰਜਿਤ ਹੋਵੇ।" ਇਸ ਦੇ ਨਾਲ ਹੀ ਇਜਲਾਸ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਉਕਤ ਐਕਟ ਵਿੱਚ ਲੋੜੀਂਦੀਆਂ ਤਰਮੀਮਾਂ ਕਰਵਾਉਣ ਲਈ ਮਹਾਰਾਸ਼ਟਰ ਸਰਕਾਰ ਨਾਲ ਸ਼ੀਘਰ ਗੱਲਬਾਤ ਆਰੰਭ ਕਰਨ ਦਾ ਅਧਿਕਾਰ ਵੀ ਦਿੱਤਾ ਸੀ।

### ਵਿਚਾਰ ਆਪੋ-ਆਪਣਾ

ਉਨ੍ਹਾਂ ਕਿਹਾ ਕਿ ਇਸ ਤੱਥ ਸੰਬੰਧੀ ਹੋਰ ਜਾਣਕਾਰੀ ਸਿੱਖ ਇਤਿਹਾਸ ਰੀਸਰਚ ਬੋਰਡ (ਸ਼੍ਰੋਮਣੀ ਕਮੇਟੀ) ਵੱਲੋਂ ਪ੍ਰਕਾਸ਼ਿਤ ਅਤੇ ਸ. ਸ਼ਮਸ਼ੇਰ ਸਿੰਘ ਅਸ਼ੋਕ ਦੁਆਰਾ ਪ੍ਰਸਤੁਤ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ 50 ਸਾਲਾ ਇਤਿਹਾਸ' ਵਿੱਚ 27 ਅਕਤੂਬਰ 1968 ਦੇ ਸਾਲਾਨਾ ਜਨਰਲ ਇਜਲਾਸ ਅਧੀਨ 'ਸ੍ਰੀ ਅਬਿਚਲ ਨਗਰ ਹਜ਼ੂਰ ਸਾਹਿਬ (ਨਾਂਦੇੜ-ਦੱਖਣ) ਦੀ ਸਿੱਖੀ ਮਰਯਾਦਾ ਕਾਇਮ ਰੱਖਣ ਬਾਰੇ ਮਤਾ' ਸਿਰਲੇਖ ਹੇਠ ਦੇਖੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਜੋ ਐਕਟ 58 ਸਾਲ ਪਹਿਲਾਂ ਸਿੱਖੀ ਦੇ ਅਨੁਕੂਲ ਨਹੀਂ ਸੀ, ਉਹ ਅੱਜ ਸਿੱਖੀ ਸਿਧਾਂਤਾਂ ਦੇ ਅਨੁਕੂਲ ਕਿਵੇਂ ਹੋ ਗਿਆ ? ਕੀ ਸ਼੍ਰੋਮਣੀ ਕਮੇਟੀ ਅਤੇ ਜਥੇਦਾਰ ਸਾਹਿਬ ਨੂੰ ਹੁਣ ਉਕਤ ਐਕਟ ਵਿੱਚ ਬੋਰਡ ਮੈਂਬਰਾਂ ਦਾ ਗੈਰ-ਅੰਮ੍ਰਿਤਧਾਰੀ ਹੋਣਾ ਅਤੇ ਸ਼ਰਾਬ ਪੀਣ ਜਾਂ ਸਿਗਰਟਨੋਸ਼ੀ ਕਰਨ 'ਤੇ ਕੋਈ ਇਤਰਾਜ਼ ਨਹੀਂ ਰਿਹਾ ?

ਉਨ੍ਹਾਂ ਸਪੱਸ਼ਟ ਕੀਤਾ ਕਿ ਮਹਾਰਾਸ਼ਟਰ ਦੀ ਭਾਜਪਾ ਸਰਕਾਰ ਸਿੱਖ ਸੰਸਥਾਵਾਂ ਅਤੇ ਸਮੁੱਚੇ ਸਿੱਖ ਭਾਈਚਾਰੇ ਦੀ ਸਹਿਮਤੀ ਤੋਂ ਬਿਨਾਂ ਨਵਾਂ ਐਕਟ, 2026 ਲਾਗੂ ਨਹੀਂ ਕਰੇਗੀ। ਇਸ ਸਬੰਧੀ ਸਹਿਮਤੀ ਦਾ ਮਾਹੌਲ ਬਣਾਉਣ ਅਤੇ ਸਾਰੇ ਸੰਬੰਧਤ ਪੱਖਾਂ ਦੇ ਵਿਚਾਰ ਪ੍ਰਾਪਤ ਕਰਨ ਲਈ ਵਿਆਪਕ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਸ ਤੋਂ ਬਾਅਦ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ।

ਇਸ ਦੇ ਨਾਲ ਹੀ ਆਪਣੇ ਬਿਆਨ 'ਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਇੱਕ ਪਾਸੇ ਭਗਵੰਤ ਮਾਨ ਦੀ ਸਰਕਾਰ ਨੂੰ ਸਮਰਥਨ ਦੇ ਕੇ ਸੱਤਾ ਵਿੱਚ ਬਣਾਈ ਰੱਖਣ ਵਾਲੇ ਵਿਧਾਇਕਾਂ ਅਤੇ ਆਗੂਆਂ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਆਓ-ਭਗਤ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਨਾਲ ਲੰਗਰ ਵੀ ਛਕਿਆ ਜਾਂਦਾ ਹੈ, ਪਰ ਦੂਜੇ ਪਾਸੇ ਬੀਤੇ ਦਿਨ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਆਏ ਨਿਰਦੋਸ਼ ਸ਼ਰਧਾਲੂਆਂ ਨੂੰ ਸਿਰਫ਼ ਇਸ ਲਈ ਰੋਕਿਆ ਗਿਆ ਕਿ ਉਨ੍ਹਾਂ ਦੇ ਗਲਾਂ ਵਿੱਚ ਮੁੱਖ ਮੰਤਰੀ ਦੀ ਤਸਵੀਰ ਵਾਲੇ ਸ਼ਨਾਖ਼ਤੀ ਕਾਰਡ ਸਨ। ਉਨ੍ਹਾਂ ਦੀ ਇੱਛਾ ਦੇ ਵਿਰੁੱਧ ਉਹ ਕਾਰਡ ਜ਼ਬਰਦਸਤੀ ਉਤਾਰ ਕੇ ਉਨ੍ਹਾਂ ਵਿੱਚ ਬੇਚੈਨੀ ਅਤੇ ਅਸਹਿਜਤਾ ਪੈਦਾ ਕਰਨਾ ਬਹੁਤ ਹੀ ਅਪਮਾਨਜਨਕ ਸੀ। ਸਵਾਲ ਖੜ੍ਹਾ ਹੁੰਦਾ ਹੈ ਕਿ ਆਮ ਸ਼ਰਧਾਲੂਆਂ ਨਾਲ ਵੱਖਰਾ ਸਲੂਕ ਕਿਉਂ ? ਕੀ ਉਕਤ ਨੌਜਵਾਨਾਂ ਦਾ ਜ਼ੋਰ ਵੀ ਕੇਵਲ ਨਿਰਦੋਸ਼ ਸ਼ਰਧਾਲੂਆਂ 'ਤੇ ਹੀ ਚਲਦਾ ਹੈ ?

ਪ੍ਰੋ. ਖਿਆਲਾ ਨੇ ਸ਼੍ਰੋਮਣੀ ਕਮੇਟੀ ਨੂੰ ਸਵਾਲ ਕੀਤਾ ਕਿ ਕੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਤੇ ਪੰਥਕ ਮਰਯਾਦਾ ਦੀ ਵਿਆਖਿਆ ਹੁਣ ਰਾਜਨੀਤਿਕ ਸੁਵਿਧਾ ਅਨੁਸਾਰ ਕੀਤੀ ਜਾ ਰਹੀ ਹੈ ? ਜੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ 'ਗੁਰੂ-ਦੋਖੀ' ਅਤੇ 'ਪੰਥ ਵਿਰੋਧੀ' ਕਰਾਰ ਦਿੰਦਿਆਂ ਸਿੱਖ ਸੰਗਤ ਨੂੰ ਉਨ੍ਹਾਂ ਦਾ ਕਿਸੇ ਵੀ ਤਰ੍ਹਾਂ ਦਾ ਸਹਿਯੋਗ ਨਾ ਕਰਨ ਲਈ ਆਦੇਸ਼ ਜਾਰੀ ਕੀਤਾ ਗਿਆ ਸੀ ਅਤੇ ਸ਼੍ਰੋਮਣੀ ਕਮੇਟੀ ਨੇ ਇਸ ਦਾ ਜ਼ੋਰਦਾਰ ਪ੍ਰਚਾਰ ਵੀ ਕੀਤਾ ਅਤੇ ਪੰਥਕ ਇਕੱਠ ਬੁਲਾ ਕੇ ਇਸ 'ਆਦੇਸ਼' 'ਤੇ ਸਖ਼ਤੀ ਨਾਲ ਅਮਲ ਕਰਨ 'ਤੇ ਵੀ ਜ਼ੋਰ ਦਿੱਤਾ, ਤਾਂ ਫਿਰ ਇਸ ਦੀ ਪਾਲਣਾ ਵਿੱਚ ਦੋਹਰੇ ਮਾਪਦੰਡ ਕਿਉਂ ਅਪਣਾਏ ਜਾ ਰਹੇ ਹਨ ?

ਪ੍ਰੋ. ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਪੱਸ਼ਟ ਕਰੇ ਕਿ ਇਹ ਕਾਰਵਾਈ ਕਰਨ ਵਾਲੇ ਨੌਜਵਾਨ ਕੌਣ ਸਨ ? ਕੀ ਉਹ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਸਨ ? ਕੀ ਉਨ੍ਹਾਂ ਨੂੰ ਕਿਸੇ ਅਧਿਕਾਰੀ ਜਾਂ ਪ੍ਰਬੰਧਕ ਦੀ ਹਮਾਇਤ ਪ੍ਰਾਪਤ ਸੀ ? ਜੇ ਨਹੀਂ, ਤਾਂ ਪਵਿੱਤਰ ਕੰਪਲੈਕਸ ਵਿੱਚ ਸ਼ਰਧਾਲੂਆਂ ਨੂੰ ਅਪਮਾਨਿਤ ਕਰਨ ਦੀ ਇਜਾਜ਼ਤ ਕਿਸ ਨੇ ਦਿੱਤੀ ? ਅਤੇ ਜੇ ਇਹ ਸਭ ਕੁਝ ਸ਼੍ਰੋਮਣੀ ਕਮੇਟੀ ਦੀ ਜਾਣਕਾਰੀ ਵਿੱਚ ਹੋਇਆ, ਤਾਂ ਕੀ ਇਸ ਨੂੰ ਉਸ ਦੀ ਮੌਨ ਸਹਿਮਤੀ ਮੰਨਿਆ ਜਾਵੇ ?

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਪੰਥ ਲਈ ਸਰਵਉੱਚ ਹਨ। ਉਨ੍ਹਾਂ ਦੀ ਪਾਲਣਾ ਚੋਣਵੇਂ ਢੰਗ ਨਾਲ ਨਹੀਂ ਹੋ ਸਕਦੀ। ਜੇ ਇੱਕ ਪਾਸੇ ਆਮ ਸ਼ਰਧਾਲੂਆਂ ਨੂੰ ਮੁੱਖ ਮੰਤਰੀ ਨਾਲ ਜੋੜ ਕੇ ਨਿਸ਼ਾਨਾ ਬਣਾਇਆ ਜਾਂਦਾ ਹੈ, ਤਾਂ ਦੂਜੇ ਪਾਸੇ ਉਸੇ ਮੁੱਖ ਮੰਤਰੀ ਦੀ ਸਰਕਾਰ ਦੇ ਰਾਜਨੀਤਿਕ ਭਾਈਵਾਲਾਂ ਦੇ ਹੱਕ 'ਚ ਨਿਭਾਈ ਗਈ ਭੂਮਿਕਾ ਕਿਵੇਂ ਜਾਇਜ਼ ਠਹਿਰਾਈ ਜਾ ਸਕਦੀ ਹੈ ? ਪੰਥਕ ਸੰਸਥਾਵਾਂ ਦੀ ਭਰੋਸੇਯੋਗਤਾ ਇੱਕੋ ਜਿਹੇ ਸਿਧਾਂਤਾਂ ਅਤੇ ਇੱਕੋ ਜਿਹੇ ਮਾਪਦੰਡਾਂ ਨਾਲ ਹੀ ਕਾਇਮ ਰਹਿ ਸਕਦੀ ਹੈ। ਸ਼੍ਰੋਮਣੀ ਕਮੇਟੀ ਇਹ ਯਕੀਨੀ ਬਣਾਏ ਕਿ ਭਵਿੱਖ ਵਿੱਚ ਕਿਸੇ ਵੀ ਸ਼ਰਧਾਲੂ ਨਾਲ ਉਸ ਦੀ ਰਾਜਨੀਤਿਕ ਪਛਾਣ ਦੇ ਆਧਾਰ 'ਤੇ ਭੇਦਭਾਵ ਜਾਂ ਅਪਮਾਨਜਨਕ ਵਿਹਾਰ ਨਾ ਹੋਵੇ। ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਕਿਸੇ ਰਾਜਨੀਤਿਕ ਪਾਰਟੀ ਦਾ ਮੰਚ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਰੂਹਾਨੀਅਤ ਦਾ ਕੇਂਦਰ ਹੈ। ਇੱਥੇ ਆਉਣ ਵਾਲਾ ਹਰ ਸ਼ਰਧਾਲੂ ਸਤਿਕਾਰ, ਸੁਰੱਖਿਆ ਅਤੇ ਬਰਾਬਰੀ ਦਾ ਹੱਕਦਾਰ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਰਬ ਅਮੀਰਾਤ ਵਿੱਚ ਵੱਸਦੇ ਪੰਜਾਬੀਆਂ ਦੀ ਆਵਾਜ਼ ਬਣੇਗਾ ਅਕਾਲੀ ਦਲ ਵਾਰਿਸ ਪੰਜਾਬ ਦੇ : ਜੋਧਬੀਰ ਸਿੰਘ ਜੱਲੂਪੁਰ

## ਪਰਵਾਸੀ ਪੰਜਾਬੀਆਂ ਨਾਲ ਹਰ ਮੁਸ਼ਕਿਲ ਵਿੱਚ ਪਾਰਟੀ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ




**ਡੁਬੱਈ 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅਰਬ ਅਮੀਰਾਤ ਦੇ ਨਵ-ਨਿਯੁਕਤ ਤਾਲਮੇਲ ਸਕੱਤਰ ਭਾਈ ਜੋਧਬੀਰ ਸਿੰਘ ਜੱਲੂਪੁਰ ਖੇੜਾ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਵੱਡੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਪੰਥਕ ਜਜ਼ਬੇ ਨਾਲ ਨਿਭਾਉਣਗੇ। ਉਨ੍ਹਾਂ ਸਭ ਤੋਂ ਪਹਿਲਾਂ ਪਾਰਟੀ ਦੇ ਮੁੱਖ ਸੇਵਾਦਾਰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ, ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਭਾਈ ਗੁਰਮੇਜ ਸਿੰਘ ਜਾਤੀਉਮਰਾ, ਭਾਈ ਸਵਰਨਜੀਤ ਸਿੰਘ ਤਾਰਾਗੜ੍ਹ, ਭਾਈ ਅੰਗਰੇਜ਼ ਸਿੰਘ ਸੰਘਾ, ਭਾਈ ਰਣਜੀਤ ਸਿੰਘ ਸਰ੍ਹਾ, ਭਾਈ ਗੁਰਪ੍ਰੀਤ ਸਿੰਘ ਭਿੰਡਰ, ਭਾਈ ਬਲਕਾਰ ਸਿੰਘ ਕੋਟਲਾ ਸੁਲਤਾਨ, ਭਾਈ ਕਾਰਜ ਸਿੰਘ ਦੇਊਬਾਠ, ਭਾਈ ਕਸ਼ਮੀਰ ਸਿੰਘ ਬੱਲ, ਭਾਈ ਤਰਸੇਮ ਸਿੰਘ ਕਿੜੀਆ, ਭਾਈ ਸਰਵਣ ਸਿੰਘ ਟੌਂਗ, ਭਾਈ ਤਰਸੇਮ ਸਿੰਘ ਮੱਤੇਵਾਲ, ਭਾਈ ਦਰਸਨ ਸਿੰਘ ਮੋਰਿੰਡਾ, ਭਾਈ ਹਰਜੀਤ ਸਿੰਘ ਵਡਾਲਾ ਅਤੇ ਭਾਈ ਇੰਦਰਜੀਤ ਸਿੰਘ ਮੁੱਲਾਂਪੁਰ ਨੂੰ ਉਹਨਾਂ ਦੇ ਨਾਲ ਹੀ ਅਰਬ ਅਮੀਰਾਤ ਵਿੱਚ ਪਾਰਟੀ ਵੱਲੋਂ ਤਾਲਮੇਲ ਸਕੱਤਰ ਨਿਯੁਕਤ ਕਰਨ ਤੇ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟ ਕਰਦਿਆਂ ਅਰਬ ਅਮੀਰਾਤ ਵਿੱਚ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ। ਭਾਈ ਜੋਧਬੀਰ ਸਿੰਘ ਨੇ ਕਿਹਾ ਕਿ ਅਰਬ ਦੇਸ਼ਾਂ ਵਿੱਚ ਲੱਖਾਂ ਪੰਜਾਬੀ ਰੋਜ਼ਗਾਰ ਲਈ ਆਪਣਾਂ ਘਰ-ਪਰਿਵਾਰ ਛੱਡ ਕੇ ਰਹਿ ਰਹੇ ਹਨ ਅਤੇ ਉਨ੍ਹਾਂ ਨੂੰ ਕਈ ਵਾਰ ਕਾਨੂੰਨੀ, ਰੁਜ਼ਗਾਰ, ਸਮਾਜਿਕ ਅਤੇ ਹੋਰ ਅਨੇਕਾਂ ਸਮੱਸਿਆਵਾਂ ਦਾ ਸਾਹਮਣਾ ਕਰਨਾਂ ਪੈਂਦਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਅਜਿਹੇ ਹਰ ਪੰਜਾਬੀ ਦੇ ਹੱਕ ਵਿੱਚ ਡੱਟ ਕੇ ਖੜ੍ਹੇਗਾ ਅਤੇ ਉਨ੍ਹਾਂ ਦੀਆਂ ਜਾਇਜ਼ ਮੁਸ਼ਕਿਲਾਂ ਨੂੰ ਸੰਬੰਧਿਤ ਅਦਾਰਿਆਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕਰੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮਕਸਦ ਸਿਰਫ਼ ਰਾਜਨੀਤੀ ਕਰਨਾ ਨਹੀਂ, ਸਗੋਂ ਪੰਜਾਬ, ਪੰਜਾਬੀਅਤ ਅਤੇ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਦੇ ਹੱਕਾਂ ਦੀ ਰਾਖੀ ਕਰਨਾ ਹੈ। ਅਰਬ ਅਮੀਰਾਤ ਵਿੱਚ ਰਹਿੰਦੇ ਪੰਜਾਬੀਆਂ ਨੂੰ ਇੱਕ ਮਜ਼ਬੂਤ ਤਾਲਮੇਲ ਮੰਚ ਮੁਹੱਈਆ ਕਰਵਾਇਆ ਜਾਵੇਗਾ, ਤਾਂ ਜੋ ਉਨ੍ਹਾਂ ਦੀ ਹਰ ਜਾਇਜ਼ ਆਵਾਜ਼ ਨੂੰ ਬੁਲੰਦ ਕੀਤਾ ਜਾ ਸਕੇ। ਉਨ੍ਹਾਂ ਸਮੂਹ ਪਰਵਾਸੀ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਏਕਤਾ, ਭਾਈਚਾਰੇ ਅਤੇ ਗੁਰੂ ਸਾਹਿਬਾਨ ਦੀ ਬਖ਼ਸ਼ੀ ਮਰਿਆਦਾ ਨੂੰ ਕਾਇਮ ਰੱਖਦੇ ਹੋਏ ਆਪਣੇ ਹੱਕਾਂ ਅਤੇ ਪੰਜਾਬ ਦੇ ਭਲੇ ਲਈ ਇੱਕਜੁੱਟ ਹੋਣ। ਉਨ੍ਹਾਂ ਭਰੋਸਾ ਦਿੱਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾ ਪਰਵਾਸੀ ਪੰਜਾਬੀਆਂ ਦੇ ਦੁੱਖ-ਸੁੱਖ ਵਿੱਚ ਮੋਢੇ ਨਾਲ ਮੋਢਾ ਲਗਾ ਕੇ ਖੜ੍ਹਾ ਰਹੇਗਾ ਅਤੇ ਉਨ੍ਹਾਂ ਦੀ ਭਲਾਈ ਲਈ ਹਰ ਸੰਭਵ ਯਤਨ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਮਾਤਾ ਦੀ ਚੁੰਨੀ ਅਤੇ ਬਜੁਰਗ ਦੀ ਦਾੜੀ ਨੂੰ ਹੱਥ ਪਾਉਣਾ ਅਤਿ ਨਿੰਦਣਯੋਗ ਹੈ : ਕਰਮਜੀਤ ਸਿੰਘ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਬਜ਼ੁਰਗਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਦੀ ਸ਼ੁਰੂਆਤ ਕੀਤੀ ਗਈ ਹੈ। ਪਰ ਪੰਜਾਬ ਦੇ ਕੁੱਝ ਅਖੌਤੀ ਸਿੱਖ ਬੰਦਿਆਂ ਨੂੰ ਇਹ ਗੱਲ ਹਾਜਮ ਨਹੀਂ ਆ ਰਹੀ। ਕੱਲ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁੱਖ ਮੰਤਰੀ ਤੀਰਥ ਯਾਤਰਾ ਤੇ ਗਏ ਬਜ਼ੁਰਗਾਂ ਅਤੇ ਮਾਵਾਂ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੇ ਜੋ ਹਰਕਤ ਕੀਤੀ ਹੈ, ਉਹ ਅਤਿ ਨਿੰਦਣਯੋਗ ਹੈ। ਅਸੀਂ ਇਸ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਸੇਵੀ ਆਪ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕਾਂਝਲਾ ਨੇ ਕੀਤਾ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਨੇ ਆਪ ਤੋਂ ਵੱਡੀ ਉਮਰ ਦੇ ਬਜ਼ੁਰਗ ਦੀ ਦਾੜੀ ਨੂੰ ਹੱਥ ਪਾਇਆ ਆਪਦੀ ਮਾਤਾ ਤੋਂ ਵੱਡੀ ਉਮਰ ਦੀ ਮਾਤਾ ਦੇ ਗਲ ਚੋਂ ਚੁੰਨੀ ਲਾਂਹ ਕੇ ਮੁੱਖ ਮੰਤਰੀ ਦਾ ਕਾਰਡ ਲਹਾਉਣ ਦੀ ਕੋਸ਼ਿਸ਼ ਕੀਤੀ ਗਈ। ਪੂਰਾ ਸਿੱਖ ਜਗਤ ਇਸ ਤਰ੍ਹਾਂ ਦੇ ਬੰਦਿਆਂ ਨੂੰ ਕਦੇ ਵੀ ਮਾਫ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨਪਹਿਲੇ ਮੁੱਖ ਮੰਤਰੀ ਹਨ ਜਿਨਾਂ ਨੇ ਪੰਜਾਬ ਦੇ ਲੋਕਾਂ ਨੂੰ ਮੁਹੱਲਾ ਕਲੀਨਕ, 600 ਯੂਨਿਟ ਬਿਜਲੀ ਮਾਫ, ਖੇਤਾਂ ਨੂੰ ਨਹਿਰੀ ਪਾਣੀ, ਵੱਡੇ ਵੱਡੇ ਹਸਪਤਾਲ, ਸਿੱਖਿਆ ਕ੍ਰਾਂਤੀ, 65 ਹਜਾਰ ਲੋਕਾਂ ਨੂੰ ਨੌਕਰੀਆਂ, ਮਾਵਾਂ ਧੀਆਂ ਸਤਿਕਾਰਯੋਗ ਯੋਜਨਾ, ਗਰੀਬਾਂ ਨੂੰ ਰਾਸ਼ਨ ਕਿੱਟਾਂ ਦੇਣ ਵਰਗੀਆਂ ਸਹੂਲਤਾਂ ਦੇ ਕੇ ਪੰਜਾਬ ਦੇ ਲੋਕਾਂ ਦਿਲ ਜਿੱਤਿਆ ਹੈ। ਪਰ ਪੰਜਾਬ ਦੀਆਂ ਅਖੌਤੀ ਪਾਰਟੀਆਂ ਕਾਂਗਰਸ, ਅਕਾਲੀ ਦਲ ਬਾਦਲ, ਭਾਰਤੀ ਜਨਤਾ ਪਾਰਟੀ ਦੇ ਗਲੇ ਦੀ ਹੱਡੀ ਬਣੀਆਂ ਮੁੱਖ ਮੰਤਰੀ ਦੀਆਂ ਯੋਜਨਾਵਾਂ ਰਾਤ ਨੂੰ ਸੌਣ ਨਹੀਂ ਦਿੰਦੀਆਂ ਕਿਉਂਕਿ ਪੰਜਾਬੀ ਦੁਬਾਰਾ ਫੇਰ ਭਗਵੰਤ ਸਿੰਘ ਮਾਨ ਨੂੰ ਸੂਬੇ ਦਾ ਮੁੱਖ ਮੰਤਰੀ ਬਣਾਉਣ ਲਈ ਉਤਾਵਲੇ ਹੋ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਹਲਕਾ ਇੰਚਾਰਜ ਆਸ਼ੂ ਬੰਗੜ ਨੇ ਮਾਤਾ ਬਗਲਾਮੁਖੀ ਜੀ ਦੇ ਦਰਬਾਰ ਚ ਭਰੀ ਹਾਜ਼ਰੀ—ਫਿਰੋਜ਼ਪੁਰ ਦਿਹਾਤੀ ਦੀ ਸੰਗਤ ਦੀ ਤੰਦਰੁਸਤੀ ਲਈ ਅਰਦਾਸ ਕੀਤੀ

ਫ਼ਿਰੋਜ਼ਪੁਰ, 05 ਜੁਲਾਈ (ਮਨੋਹਰ ਲਾਲ) :— ਆਸ਼ੂ ਬੰਗੜ ਅੱਜ ਪਰਿਵਾਰ ਅਤੇ ਸਾਥੀਆਂ ਸਮੇਤ ਮਸ਼ਹੂਰ ਧਾਰਮਿਕ ਅਸਥਾਨ ਮਾਤਾ ਬਗਲਾਮੁਖੀ ਜੀ ਦੇ ਦਰਬਾਰ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਮਾਤਾ ਰਾਣੀ ਦੇ ਚਰਨਾਂ ਵਿੱਚ ਸੀਸ ਝੁਕਾ ਕੇ ਫਿਰੋਜ਼ਪੁਰ ਦਿਹਾਤੀ ਹਲਕੇ ਦੀ ਸਮੂਹ ਸੰਗਤ ਦੀ ਖੁਸ਼ਹਾਲੀ, ਤੰਦਰੁਸਤੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।



ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਨੇ ਕਿਹਾ ਕਿ ਮਾਤਾ ਰਾਣੀ ਸਭ ਤੇ ਮਿਹਰ ਕਰਨ। ਮੇਰੀ ਅਰਦਾਸ ਹੈ ਕਿ ਮੇਰੇ ਹਲਕੇ ਦਾ ਹਰ ਨੌਜਵਾਨ, ਬਜ਼ੁਰਗ, ਮਾਂ ਭੈਣ ਅਤੇ ਬੱਚਾ ਨਿਰੋਗ ਰਹੇ, ਕਿਸੇ ਵੀ ਘਰ ਵਿੱਚ ਕੋਈ ਦੁੱਖ ਤਕਲੀਫ ਨਾ ਆਵੇ, ਹਲਕੇ ਵਿੱਚ ਅਮਨ ਸ਼ਾਂਤੀ ਅਤੇ ਭਾਈਚਾਰਾ ਬਣਿਆ ਰਹੇ। ਉਨ੍ਹਾਂ ਕਿਹਾ ਕਿ ਸੰਕਟ ਦੇ ਸਮੇਂ ਮਾਤਾ ਬਗਲਾਮੁਖੀ ਜੀ ਦਾ ਆਸ਼ੀਰਵਾਦ ਹਮੇਸ਼ਾ ਮਾਰਗ ਦਰਸ਼ਕ ਬਣਦਾ ਹੈ। ਹਲਕੇ ਦੀ ਤਰੱਕੀ ਅਤੇ ਲੋਕਾਂ ਦੀ ਸੇਵਾ ਲਈ ਉਨ੍ਹਾਂ ਨੂੰ ਮਾਤਾ ਰਾਣੀ ਤੋਂ ਬਲ ਬਖਸ਼ਿਆ ਜਾਵੇ। ਦਰਬਾਰ ਵਿੱਚ ਪੁੱਜਣ ਤੇ ਮੰਦਰ ਕਮੇਟੀ ਨੇ ਆਸ਼ੂ ਬੰਗੜ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰੋਪਾਓ ਅਤੇ ਪ੍ਰਸ਼ਾਦ ਦੇ ਕੇ ਸਨਮਾਨਿਤ ਕੀਤਾ।

### 4 ਜੁਲਾਈ 1955 ਦੀ ਯਾਦ ਵਿੱਚ

# ਦੁਨੀਆ ਭਰ ਵਿੱਚ ਗੂੰਜਿਆ ਸਿੱਖ ਰੋਸ




## ਵੈਨਕੂਵਰ, ਅਮਰੀਕਾ, ਬਰਤਾਨੀਆ, ਆਸਟ੍ਰੇਲੀਆ, ਨਿਊਜ਼ੀਲੈਂਡ ਸਮੇਤ ਕਈ ਦੇਸ਼ਾਂ ਅੰਦਰ ਭਾਰਤੀ ਕੌਂਸਲੇਟ ਮੂਹਰੇ ਭਾਰੀ ਰੋਸ ਪ੍ਰਦਰਸ਼ਨ

ਨਵੀਂ ਦਿੱਲੀ 5 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- 4 ਜੁਲਾਈ 1955 ਨੂੰ ਸ੍ਰੀ ਦਰਬਾਰ ਸਾਹਿਬ ਉਪਰ ਭਾਰਤੀ ਫੌਜ ਵਲੋਂ ਪਹਿਲੇ ਹਮਲੇ ਕੀਤੇ ਜਾਣ ਦੀ ਇਤਿਹਾਸਕ ਘਟਨਾਵਾਂ ਦੀ ਯਾਦ ਵਿੱਚ ਕੈਨੇਡਾ, ਅਮਰੀਕਾ, ਬਰਤਾਨੀਆ, ਆਸਟ੍ਰੇਲੀਆ, ਨਿਊਜ਼ੀਲੈਂਡ ਸਮੇਤ ਕਈ ਦੇਸ਼ਾਂ ਵਿੱਚ ਭਾਰਤੀ ਦੂਤਾਵਾਸਾਂ ਅਤੇ ਕੌਂਸਲੇਟਾਂ ਦੇ ਬਾਹਰ ਰੋਸ ਪ੍ਰਦਰਸ਼ਨ ਕੀਤੇ ਗਏ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਸਿੱਖ ਇਤਿਹਾਸ ਦੇ ਇਸ ਅਧਿਆਇ ਨੂੰ ਕਦੇ ਵੀ ਵਿਸਾਰਿਆ ਨਹੀਂ ਜਾ ਸਕਦਾ ਅਤੇ ਇਸ ਦੀ ਯਾਦ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਹਰ ਸਿੱਖ ਦਾ ਫ਼ਰਜ਼ ਹੈ। ਯੂਕੇ ਦੇ ਜਲਾਵਤਨੀ ਆਗੂ ਭਾਈ ਪਰਮਜੀਤ ਸਿੰਘ ਪੰਮਾ ਨੇ ਦੋਸ਼ ਲਗਾਇਆ ਕਿ ਵਿਦੇਸ਼ਾਂ ਵਿੱਚ ਰਹਿ ਰਹੇ ਖਾਲਿਸਤਾਨ ਪੱਖੀ ਸਿੱਖਾਂ ਨੂੰ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ ਅਤੇ ਉਨ੍ਹਾਂ ਤੋਂ ਫਿਰੌਤੀ ਦੀਆਂ ਮੰਗਾਂ ਕੀਤੀਆਂ ਜਾਂਦੀਆਂ ਹਨ। ਉਨਾਂ ਏਜੰਸੀਆਂ ਨੂੰ ਲਲਕਾਰਿਆ ਤੇ ਕਿਹਾ ਕਿ ਅਸੀਂ ਤੁਹਾਡੀ ਅੰਬੈਸੀਆਂ ਦੇ ਬਾਹਰ ਖੜੇ ਹਾਂ ਤੇ ਇਨ੍ਹਾਂ ਨੂੰ ਬੇਨਕਾਬ ਕਰਦੇ ਰਹਾਂਗੇ। ਉਨ੍ਹਾਂ ਭਾਰਤੀ ਅੰਬੈਸੀਆਂ ਨੂੰ ਬੰਦ ਕਰਨ ਦੀ ਮੰਗ ਕੀਤੀ। ਵੈਨਕੂਵਰ ਵਿਖੇ ਐਸਐਫਜੇ ਅਤੇ ਟੀਮ ਸ਼ਹੀਦ ਨਿੱਝਰ ਵੱਲੋਂ ਭਾਰਤੀ ਕੌਂਸਲੇਟ ਦੇ ਬਾਹਰ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ ਆਪਣੇ ਸੰਬੋਧਨ ਦੌਰਾਨ ਦੋਸ਼ ਲਗਾਇਆ ਕਿ 4 ਜੁਲਾਈ 1955 ਨੂੰ ਭਾਰਤ ਦੇ ਤਤਕਾਲੀਨ ਪ੍ਰਧਾਨ ਮੰਤਰੀ ਜਵਾਹਰਲਾਲ ਨਹਿਰੂ ਅਤੇ ਪੰਜਾਬ ਦੇ ਤਤਕਾਲੀਨ ਮੁੱਖ ਮੰਤਰੀ ਭੀਮ ਸੈਨ ਸੱਚਰ ਦੇ ਕਾਰਜਕਾਲ ਦੌਰਾਨ ਸ੍ਰੀ ਦਰਬਾਰ ਸਾਹਿਬ ਅੰਦਰ ਪੁਲਿਸ ਕਾਰਵਾਈ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨੂੰ ਭੁਲਾ ਦੇਣਾ ਇਤਿਹਾਸ ਨਾਲ ਬੇਇਨਸਾਫ਼ੀ ਹੋਵੇਗੀ ਅਤੇ ਇਨ੍ਹਾਂ ਬਾਰੇ ਜਾਗਰੂਕਤਾ ਫੈਲਾਉਣਾ ਸਮੇਂ ਦੀ ਮੰਗ ਹੈ। ਬੁਲਾਰਿਆਂ ਨੇ ਕਿਹਾ ਕਿ ਸਿੱਖ ਕੌਮ ਆਪਣੇ ਇਤਿਹਾਸ, ਸ਼ਹਾਦਤਾਂ ਅਤੇ ਗੁਰਧਾਮਾਂ ਦੀ ਮਰਯਾਦਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕਰ ਸਕਦੀ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਨ ਅਤੇ ਪੰਥਕ ਚੇਤਨਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਟੀਮ ਸ਼ਹੀਦ ਨਿੱਝਰ ਦੇ ਨੁਮਾਇੰਦਿਆਂ ਨੇ ਕਿਹਾ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਤੇ ਸਿੱਖ ਪੰਥ ਦੇ ਫ਼ੈਸਲਿਆਂ ਦਾ ਸਤਿਕਾਰ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਬਾਈਕਾਟ ਜਾਰੀ ਰੱਖਣਗੇ। 5 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਰਜਣਾ ਦਿਵਸ ਮੌਕੇ ਸੰਗਤ ਨੂੰ ਵਧਾਈ ਦਿੰਦਿਆਂ ਬੁਲਾਰਿਆਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਵਉੱਚ ਪੰਥਕ ਸੰਸਥਾ ਹੈ, ਜੋ ਹਰ ਯੁੱਗ ਵਿੱਚ ਸੱਚ, ਨਿਆਂ ਅਤੇ ਜ਼ੁਲਮ ਦੇ ਵਿਰੋਧ ਦੀ ਆਵਾਜ਼ ਬਣੀ ਰਹੀ ਹੈ। ਉਨ੍ਹਾਂ ਕਿਹਾ ਕਿ ਪੰਥ ਦੀ ਚੜ੍ਹਦੀ ਕਲਾ ਅਤੇ ਗੁਰਮਰਯਾਦਾ ਦੀ ਰਾਖੀ ਲਈ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹਮੇਸ਼ਾ ਸਰਵੋਪਰੀ ਰਹੇਗੀ। ਪ੍ਰਦਰਸ਼ਨ ਦੌਰਾਨ ਸਮੂਹ ਅੰਬੈਸੀਆਂ ਮੂਹਰੇ ਖਾਲਿਸਤਾਨ ਦੇ ਸਮਰਥਨ ਅਤੇ ਭਾਰਤ ਸਰਕਾਰ ਦੇ ਵਿਰੋਧ ਵਿੱਚ ਭਾਰੀ ਪੱਧਰ 'ਤੇ ਨਾਅਰੇਬਾਜ਼ੀ ਕੀਤੀ ਗਈ। ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਕੁਝ ਵੀਡੀਓਆਂ ਅਤੇ ਤਸਵੀਰਾਂ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਘਸੀਟਦੇ ਦਿਖਾਇਆ ਗਿਆ ਅਤੇ ਭਾਰਤੀ ਤਿਰੰਗੇ ਦੀ ਬੇਹੁਰਮਤੀ ਕੀਤੀ ਗਈ। ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ 16 ਅਗਸਤ ਨੂੰ ਇੰਡੀਆਨਾ ਵਿਖੇ ਹੋਣ ਵਾਲੀਆਂ ਖਾਲਿਸਤਾਨ ਰੈਫਰੈਂਡਮ ਵੋਟਾਂ ਵਿੱਚ ਸਿੱਖ ਸੰਗਤ ਨੂੰ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੌਮੀ ਮਸਲਿਆਂ ਪ੍ਰਤੀ ਜਾਗਰੂਕਤਾ ਅਤੇ ਏਕਤਾ ਹੀ ਪੰਥ ਦੀ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਪ੍ਰਦਰਸ਼ਨ ਵਿੱਚ ਸ਼ਾਮਲ ਹੋਈ ਸਮੂਹ ਸੰਗਤ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਹਰਨੇਕ ਸਿੰਘ, ਭਾਈ ਸੁਲਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਬਰਾੜ, ਭਾਈ ਪਵਨਦੀਪ ਸਿੰਘ, ਭਾਈ ਗੁਰਦੀਪ ਸਿੰਘ ਅਤੇ ਭਾਈ ਬਹਾਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਸਮਰਥਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਦੇ ਅੱਵਲ ਆਏ ਵਿਦਿਆਰਥੀਆਂ ਨੂੰ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਾ ਵੱਲੋਂ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 05 ਜੁਲਾਈ (ਮਨੋਹਰ ਲਾਲ) :— ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਦੇ ਬੋਰਡ ਇਮਤਿਹਾਨਾਂ ਵਿਚੋਂ ਅਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਤਿਕਾਰਯੋਗ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਸਨਮਾਨਿਤ ਕੀਤਾ ਗਿਆ। ਸਕੂਲ ਦੀ ਦਸਵੀਂ ਜਮਾਤ ਦੀਆਂ ਵਿਦਿਆਰਥਣਾ ਖੁਸ਼ਕਰਨਪ੍ਰੀਤ ਕੌਰ, ਹਰਸ਼ਰਨ ਕੌਰ ਅਤੇ ਗੁਰਪਿੰਦਰ ਕੌਰ ਨੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ ਸੀ। ਅਠਵੀਂ ਸਮਾਤ ਦੀ ਸੁਖਪਿੰਦਰ ਕੌਰ, ਏਕਮਜੋਤ ਕੌਰ ਅਤੇ ਸੁਖਪ੍ਰੀਤ ਕੌਰ ਨੇ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ ਸੀ। ਬਾਰਵ੍ਹੀ ਜਮਾਤ ਦੀ ਸਿਮਰਨਜੀਤ ਕੌਰ, ਸੁਖਮਨਪ੍ਰੀਤ ਕੌਰ ਤੇ ਖੁਸ਼ਪ੍ਰੀਤ ਕੌਰ ਨੇ ਪਹਿਲਾ, ਦੂਸਰਾ ਤੇ ਤੀਸਰਾ ਸਥਾਨ ਹਾਸਿਲ ਕੀਤਾ ਸੀ। ਇਨ੍ਹਾਂ ਵਿਦਿਆਰਥੀਆਂ ਦੇ ਅਵਲ ਆਉਣ ਪ੍ਰਤੀ ਖ਼ੁਸ਼ੀ ਜ਼ਾਹਰ ਕਰਦਿਆਂ ਮਹਾਂਪੁਰਖਾਂ ਨੇ ਕਿਹਾ ਕਿ ਇਹ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਦਿੱਤੀ ਹੋਈ ਸੁਚੱਜੀ ਸਿੱਖਿਆ ਦਾ ਨਤੀਜਾ ਹੈ। ਮਹਾਂਪੁਰਖਾਂ ਨੇ ਵਿਦਿਆਰਥੀਆਂ ਨੂੰ ਵਧਾਈਆਂ ਦੇਣ ਦੇ ਨਾਲ ਨਾਲ ਇਨ੍ਹਾਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਅਤੇ ਮਾਤਾ ਪਿਤਾ ਨੂੰ ਵੀ ਵਧਾਈਆਂ ਦਿੱਤੀਆਂ ਅਤੇ ਅੱਗੇ ਤੋਂ ਇਸੇ ਤਰ੍ਹਾਂ ਹੀ ਪੜ੍ਹਾਈ ਵਿਚ ਮੱਲਾਂ ਮਾਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਪ੍ਰਿੰਸੀਪਲ ਡਾ: ਅਰਜੁਨ ਸਿੰਘ ਨੇ ਇਸ ਸਮੇਂ ਦੱਸਿਆ ਕਿ ਹਰ ਸਾਲ ਸਕੂਲ ਦੇ ਇਮਤਿਹਾਨਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਹਿੰਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿੱਥੇ ਵਿਦਿਆਰਥੀ ਸਕੂਲ ਵਿਚ ਦੁਨਿਆਵੀ ਵਿੱਦਿਆ ਹਾਸਲ ਕਰਦੇ ਹਨ ਉੱਥੇ ਧਾਰਮਿਕ ਵਿੱਦਿਆ ਵੀ ਹਾਸਲ ਕਰਦੇ ਹਨ, ਇਸ ਲਈ ਸਕੂਲ ਵਿਚ ਧਰਮ ਦੇ ਉੱਚ ਵਿੱਦਿਅਕ ਅਧਿਆਪਕ ਰੱਖੇ ਹੋਏ ਹਨ। ਪ੍ਰਿੰਸੀਪਲ ਡਾ: ਅਰਜੁਨ ਸਿੰਘ ਨੇ ਇਹ ਵੀ ਦੱਸਿਆ ਕਿ ਇਹ ਮਹਾਂਪੁਰਖਾਂ ਦੀ ਹੀ ਦੇਣ ਹੈ ਕਿ ਇਸ ਇਲਾਕੇ ਵਿੱਚ ਇਹ ਅਦਾਰਾ ਬਾਕੀ ਸਕੂਲਾਂ ਨਾਲੋਂ ਸਭ ਤੋਂ ਘਟ ਫੀਸਾਂ 'ਤੇ ਵਿਦਿਆਰਥੀ ਨੂੰ ਵਧੀਆ ਪੜ੍ਹਾਈ ਦੇ ਨਾਲ ਨਾਲ ਹੋਰ ਵੀ ਕਈ ਗਤੀਵਿਧੀਆਂ ਮੁਹਈਆ ਕਰਵਾ ਰਿਹਾ ਹੈ। ਇਸ ਸਮੇਂ ਮਹਾਂਪੁਰਖਾਂ ਦੇ ਨਾਲ ਗਿਆਨੀ ਸੁਖਦੇਵ ਸਿੰਘ, ਗਿਆਨੀ ਰਛਪਾਲ ਸਿੰਘ, ਪ੍ਰਿੰਸੀਪਲ ਹਰਸ਼ਦੀਪ (ਦਸਮੇਸ਼ ਅਦਾਰੇ) ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ (ਖ਼ਾਲਸਾ ਕਾਲਜ ਮਹਿਤਾ), ਡਾ: ਅਰਜੁਨ ਸਿੰਘ, ਮੈਡਮ ਪ੍ਰਭਜੀਤ ਕੌਰ, ਸੁਖਦੇਵ ਸਿੰਘ ਸਮੁੱਚਾ ਸਟਾਫ਼ ਅਤੇ ਇਲਾਕੇ ਦੀ ਸੰਗਤ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਟਰਸਟ ਵੱਲੋਂ ਪਿਛਲੇ 112 ਸਾਲਾਂ ਤੋਂ ਨਿਸ਼ਕਾਮ ਸੇਵਾ ਕਾਰਜ ਨਿਰੰਤਰ ਜਾਰੀ, ਲੋੜਵੰਦ ਬਜ਼ੁਰਗਾਂ ਦੇ ਘਰ ਜਾ ਕੇ ਵੰਡਿਆ ਜਾ ਰਿਹੈ ਰਾਸ਼ਨ—ਸਮਾਜ ਸੇਵੀਆਂ ਨੇ ਨੇਕ ਕਮਾਈ ਚੋਂ ਹਿੱਸਾ ਪਾਉਣ ਦਾ ਦਿੱਤਾ ਹੋਕਾ



ਫ਼ਿਰੋਜ਼ਪੁਰ, 05 ਜੁਲਾਈ (ਮਨੋਹਰ ਲਾਲ) :— ਪਿਛਲੇ 112 ਸਾਲਾਂ ਤੋਂ ਬਿਨਾਂ ਕਿਸੇ ਲਾਲਚ ਦੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਕਰ ਰਹੀ ਸਮਾਜ ਸੇਵੀ ਸੰਸਥਾ (ਟਰਸਟ) ਵੱਲੋਂ ਆਪਣੀਆਂ ਲੋਕ ਭਲਾਈ ਗਤੀਵਿਧੀਆਂ ਨੂੰ ਨਿਰੰਤਰ ਜਾਰੀ ਰੱਖਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰਸਟ ਦੇ ਜਨਰਲ ਸਕੱਤਰ ਸ਼੍ਰੀ ਪੀ.ਸੀ. ਕੁਮਾਰ ਨੇ ਦੱਸਿਆ ਕਿ ਟਰਸਟ ਹਮੇਸ਼ਾ ਹਰ ਲੋੜਵੰਦ ਪਰਿਵਾਰ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਜੋ ਬਜ਼ੁਰਗ ਚੱਲਣ ਫਿਰਨ ਤੋਂ ਅਸਮਰੱਥ ਹਨ, ਟਰਸਟ ਦੇ ਸੇਵਾਦਾਰ ਖੁਦ ਉਨ੍ਹਾਂ ਦੇ ਘਰਾਂ ਤੱਕ ਜਾ ਕੇ ਰਾਸ਼ਨ ਪਹੁੰਚਾਉਂਦੇ ਹਨ। ਇਸ ਤੋਂ ਇਲਾਵਾ ਟਰਸਟ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ, ਲੋੜਵੰਦ ਪਰਿਵਾਰਾਂ ਦੀਆਂ ਬੇਟੀਆਂ ਦੇ ਵਿਆਹ ਲਈ ਸਾਮਾਨ, ਪਸ਼ੂ ਪੰਛੀਆਂ ਦੀ ਸੇਵਾ ਅਤੇ ਵਾਤਾਵਰਣ ਦੀ ਸੰਭਾਲ ਲਈ ਪੌਦੇ ਲਗਾਉਣ ਵਰਗੇ ਅਨੇਕਾਂ ਭਲਾਈ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਖੇਤਰ ਵਿੱਚ ਸਰਕਾਰ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਸਮਾਜ ਸੁਧਾਰ ਦੇ ਕੰਮ ਕੀਤੇ ਜਾ ਰਹੇ ਹਨ। ਇਸ ਮੌਕੇ ਕੈਸ਼ੀਅਰ ਸ਼੍ਰੀ ਓਮ ਪ੍ਰਕਾਸ਼ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਸਾਡੇ ਬਹੁਤ ਚੰਗੇ ਭਾਗ ਹਨ ਕਿ ਪ੍ਰਮਾਤਮਾ ਨੇ ਸਾਨੂੰ ਲੋੜਵੰਦ ਪਰਿਵਾਰਾਂ ਦੀ ਮਦਦ ਕਰਨ ਦਾ ਇਹ ਸੁਭਾਗ ਬਖਸ਼ਿਆ ਹੈ। ਸਮਾਜ ਸੇਵੀ ਸ਼੍ਰੀ ਡੀ.ਕੇ. ਬਜਾਜ ਨੇ ਸਮਾਜ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਬਿਨਾਂ ਕਿਸੇ ਭੇਦਭਾਵ, ਜਾਤ—ਪਾਤ ਜਾਂ ਧਰਮ ਦੇ ਵਖਰੇਵੇਂ ਤੋਂ ਉੱਪਰ ਉੱਠ ਕੇ ਲੋੜਵੰਦਾਂ ਦੀ ਬਾਂਹ ਫੜਨੀ ਚਾਹੀਦੀ ਹੈ, ਕਿਉਂਕਿ ਮਾਨਵਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ। ਇਸ ਦੌਰਾਨ ਪੰਜਾਬ ਨੈਸ਼ਨਲ ਬੈਂਕ ਦੇ ਸਾਬਕਾ ਮੈਨੇਜਰ ਸ਼੍ਰੀ ਰਜਨੀਸ਼ ਕਪੂਰ ਨੇ ਸਿੱਖਿਆ ਦੇ ਮਹੱਤਵ ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਜ਼ਰੂਰ ਕੱਢਣਾ ਚਾਹੀਦੀ ਹੈ। ਉਨ੍ਹਾਂ ਅਪੀਲ ਕੀਤੀ ਕਿ ਇਸ ਹਿੱਸੇ ਨਾਲ ਗਰੀਬ ਅਤੇ ਲੋੜਵੰਦ ਬੱਚਿਆਂ ਨੂੰ ਕਿਤਾਬਾਂ, ਕਾਪੀਆਂ ਅਤੇ ਸਕੂਲ ਦੀਆਂ ਫੀਸਾਂ ਦੇ ਕੇ ਮਦਦ ਕੀਤੀ ਜਾਵੇ ਤਾਂ ਜੋ ਕੋਈ ਵੀ ਬੱਚਾ ਪੜ੍ਹਾਈ ਤੋਂ ਵਾਂਝਾ ਨਾ ਰਹੇ ਅਤੇ ਪੜ੍ਹ ਲਿਖ ਕੇ ਆਪਣੇ ਪੈਰਾਂ ਤੇ ਖੜ੍ਹਾ ਹੋ ਸਕੇ। ਵਿਸ਼ੇਸ਼ ਤੌਰ ਤੇ ਪਹੁੰਚੇ ਮੈਡਮ ਮੀਨੂੰ ਕਪੂਰ ਨੇ ਔਰਤਾਂ ਦੇ ਦਰਦ ਨੂੰ ਬਿਆਨ ਕਰਦਿਆਂ ਕਿਹਾ ਕਿ ਇੱਕ ਔਰਤ ਹੀ ਦੂਜੀ ਔਰਤ ਦੇ ਦੁੱਖ ਦਰਦ ਨੂੰ ਬਿਹਤਰ ਤਰੀਕੇ ਨਾਲ ਸਮਝ ਸਕਦੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਔਰਤਾਂ ਦੇ ਪਤੀ ਸਵਰਗਵਾਸ ਹੋ ਚੁੱਕੇ ਹਨ, ਉਨ੍ਹਾਂ ਨੂੰ ਸਮਾਜ ਵਿੱਚ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਅਜਿਹੀਆਂ ਵਿਧਵਾ ਔਰਤਾਂ ਦੀ ਵੱਧ ਤੋਂ ਵੱਧ ਆਰਥਿਕ ਤੇ ਸਮਾਜਿਕ ਮਦਦ ਕਰੀਏ ਤਾਂ ਜੋ ਉਹ ਸਨਮਾਨਜਨਕ ਜੀਵਨ ਜੀਅ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

1946 ਵਿੱਚ ਬੀਜਿਆ ਗਿਆ ਸਿੱਖਿਆ ਦਾ ਬੀਜ ਅੱਜ ਵਿਸ਼ਾਲ ਬੋਹੜ ਦਾ ਰੂਪ ਧਾਰ ਚੁੱਕੈ—ਡਾ: ਅਨਿਰੁੱਧ ਗੁਪਤਾ

# 80 ਸਾਲਾਂ ਦੀ ਗੌਰਵਮਈ ਯਾਤਰਾ—ਡੀ.ਸੀ.ਐਮ ਗਰੁੱਪ ਆਫ ਸਕੂਲਜ਼ ਨੇ ਮਨਾਇਆ ਵੈਲੀਡਿਕਟਰੀ ਸਮਾਰੋਹ









ਫ਼ਿਰੋਜ਼ਪੁਰ, 05 ਜੁਲਾਈ (ਮਨੋਹਰ ਲਾਲ) :— ਸਿੱਖਿਆ, ਸੰਸਕਾਰ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਖੇਤਰ ਵਿੱਚ ਅੱਠ ਦਹਾਕਿਆਂ ਤੋਂ ਆਪਣੀ ਵਿਲੱਖਣ ਪਛਾਣ ਬਣਾਈ ਰੱਖਣ ਵਾਲੇ ਡੀ.ਸੀ.ਐਮ ਗਰੁੱਪ ਆਫ ਸਕੂਲਜ਼ ਨੇ ਆਪਣੇ 80 ਸਾਲ ਪੂਰੇ ਹੋਣ ਦੇ ਉਪਲੱਖ ਵਿੱਚ ਸ਼ਾਨਦਾਰ ਵੈਲੀਡਿਕਟਰੀ ਸਮਾਰੋਹ ਦਾ ਆਯੋਜਨ ਕੀਤਾ। ਦਾਸ ਐਂਡ ਬਰਾਊਨ ਵਰਲਡ ਸਕੂਲ ਦੇ ਰਾਏ ਬਹਾਦੁਰ ਵਿਸ਼ਨੁ ਭਗਵਾਨ ਆਡੀਟੋਰੀਅਮ ਵਿੱਚ ਹੋਏ ਇਸ ਸਮਾਗਮ ਦੌਰਾਨ ਸਿੱਖਿਆ, ਸੱਭਿਆਚਾਰ ਅਤੇ ਵਿਰਾਸਤ ਦਾ ਸੁੰਦਰ ਮਿਲਾਪ ਦੇਖਣ ਨੂੰ ਮਿਲਿਆ। ਸਮਾਗਮ ਵਿੱਚ ਸਿੱਖਿਆ, ਪ੍ਰਸ਼ਾਸਨ, ਰਾਜਨੀਤੀ, ਉਦਯੋਗ ਅਤੇ ਸਮਾਜ ਦੇ ਵੱਖ—ਵੱਖ ਖੇਤਰਾਂ ਨਾਲ ਸੰਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

## ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ—ਐਮ.ਆਰ.ਦਾਸ ਮੈਮੋਰੀਅਲ ਦਾ ਹੋਇਆ ਉਦਘਾਟਨ, ਤਿੰਨ ਪੀੜ੍ਹੀਆਂ ਦੇ ਸਟਾਰ ਐਲੂਮਨਾਈ ਸਨਮਾਨਿਤ

ਸਮਾਗਮ ਵਿੱਚ ਪੰਜਾਬ ਦੇ ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਵਿਧਾਇਕ ਰਣਬੀਰ ਸਿੰਘ ਭੁੱਲਰ, ਫੌਜਾ ਸਿੰਘ ਸਰਾਰੀ, ਏ.ਡੀ.ਸੀ (ਵਿਕਾਸ) ਕ੍ਰਿਸ਼ਨ ਪਾਲ ਰਾਜਪੂਤ, ਡੀ.ਆਈ.ਜੀ ਸਨੇਹਦੀਪ ਸ਼ਰਮਾ, ਐਸ.ਐਸ.ਪੀ ਭੂਪਿੰਦਰ ਸਿੰਘ, ਪੰਜਾਬ ਐਗਰੋ ਦੇ ਚੇਅਰਮੈਨ ਸ਼ਿਮੰਦਰ ਸਿੰਘ ਖਿੰਡਾ, ਪਲਾਨਿੰਗ ਬੋਰਡ ਦੇ ਚੇਅਰਮੈਨ ਹਰਜਿੰਦਰ ਸਿੰਘ ਘਾਂਗਾ, ਨੈਸ਼ਨਲ ਇੰਡੀਪੈਂਡੈਂਟ ਸਕੂਲ ਅਲਾਇੰਸ ਦੇ ਚੇਅਰਮੈਨ ਕੁਲਭੂਸ਼ਣ ਸ਼ਰਮਾ ਅਤੇ ਗਰੁੱਪ ਦੀ ਚੇਅਰਪਰਸਨ ਕਾਂਤਾ ਗੁਪਤਾ ਸਮੇਤ ਕਈ ਪ੍ਰਮੁੱਖ ਹਸਤੀਆਂ ਮੌਜੂਦ ਰਹੀਆਂ। ਸਮਾਗਮ ਦੀ ਪ੍ਰਧਾਨਗੀ ਡੀ.ਸੀ.ਐਮ ਗਰੁੱਪ ਦੇ ਸੀ.ਈ.ਓ ਅਤੇ ਪ੍ਰਸਿੱਧ ਸਿੱਖਿਆਵਿਦ ਡਾ: ਅਨਿਰੁੱਧ ਗੁਪਤਾ ਨੇ ਕੀਤੀ। ਐਨ.ਸੀ.ਸੀ ਕੈਡਿਟਾਂ ਨੇ ਮੁੱਖ ਮਹਿਮਾਨਾਂ ਨੂੰ ਗਾਰਡ ਆਫ ਆਨਰ ਦੇ ਕੇ ਸਨਮਾਨਿਤ ਕੀਤਾ। ਇਸ ਉਪਰੰਤ ਡੀ.ਸੀ.ਐਮ ਗਰੁੱਪ ਦੇ ਸੰਸਥਾਪਕ ਤੇ ਮਹਾਨ ਸਿੱਖਿਆਵਿਦ ਐਮ.ਆਰ.ਦਾਸ ਦੀ 111ਵੀਂ ਜਨਮ ਜਯੰਤੀ ਮੌਕੇ ਐਮ.ਆਰ.ਦਾਸ ਮੈਮੋਰੀਅਲ ਦਾ ਵਿਧੀਵਤ ਉਦਘਾਟਨ ਕੀਤਾ ਗਿਆ। ਇਹ ਮੈਮੋਰੀਅਲ ਉਨ੍ਹਾਂ ਦੀ ਦੂਰਅੰਦੇਸ਼ੀ ਸੋਚ, ਸਿੱਖਿਆ ਪ੍ਰਤੀ ਸਮਰਪਣ ਅਤੇ ਅਮੁੱਲੇ ਯੋਗਦਾਨ ਨੂੰ ਸਦੀਵ ਯਾਦਗਾਰ ਬਣਾਈ ਰੱਖੇਗਾ।

ਸਮਾਗਮ ਦੌਰਾਨ ਡਾਇਰੈਕਟਰ ਐਡਮਿਨਿਸਟ੍ਰੇਸ਼ਨ (ਸੇਵਾ ਮੁਕਤ ਬ੍ਰਿਗੇਡੀਅਰ) ਨਵਦੀਪ ਮਾਥੁਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਮਾਂ ਦੁਰਗਾ ਤੇ ਆਧਾਰਿਤ ਮਨਮੋਹਕ ਨ੍ਰਿਤ ਨਾਟਿਕਾ ਪੇਸ਼ ਕੀਤੀ ਗਈ, ਜਿਸ ਨੇ ਪੂਰੇ ਹਾਲ ਨੂੰ ਤਾੜੀਆਂ ਦੀ ਗੂੰਜ ਨਾਲ ਭਰ ਦਿੱਤਾ। ਸਮਾਗਮ ਦਾ ਸਭ ਤੋਂ ਭਾਵੁਕ ਅਤੇ ਆਕਰਸ਼ਕ ਪਲ ਉਹ ਸੀ, ਜਦੋਂ ਆਰਟੀਫਿਸ਼ਲ ਇੰਟੈਲੀਜੈਂਸ (ਏਆਈ) ਦੀ ਮਦਦ ਨਾਲ ਸਾਲ 1946 ਤੋਂ 2026 ਤੱਕ ਡੀਸੀਐਮ ਗਰੁੱਪ ਦੀ 80 ਸਾਲਾਂ ਦੀ ਪ੍ਰੇਰਣਾਦਾਇਕ ਯਾਤਰਾ ਨੂੰ ਵਿਸ਼ਾਲ ਸਕਰੀਨ ਤੇ ਦਰਸਾਇਆ ਗਿਆ। ਇਸ ਪੇਸ਼ਕਾਰੀ ਨੇ ਸੰਸਥਾ ਦੀਆਂ ਇਤਿਹਾਸਕ ਪ੍ਰਾਪਤੀਆਂ, ਵਿਕਾਸ ਯਾਤਰਾ ਅਤੇ ਅਣਗਿਣਤ ਯਾਦਾਂ ਨੂੰ ਮੁੜ ਜੀਵੰਤ ਕਰ ਦਿੱਤਾ। ਹਾਜ਼ਰ ਸਾਬਕਾ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੇ ਆਪਣੇ ਸੁਨਹਿਰੇ ਦਿਨਾਂ ਨੂੰ ਯਾਦ ਕੀਤਾ। ਆਪਣੇ ਸੰਬੋਧਨ ਵਿੱਚ ਡਾ: ਅਨਿਰੁੱਧ ਗੁਪਤਾ ਨੇ ਕਿਹਾ ਕਿ ਜਦੋਂ ਦੇਸ਼ ਅਜੇ ਆਜ਼ਾਦ ਵੀ ਨਹੀਂ ਹੋਇਆ ਸੀ ਅਤੇ ਨਿੱਜੀ ਸਕੂਲ ਦੀ ਕਲਪਨਾ ਕਰਨੀ ਵੀ ਮੁਸ਼ਕਲ ਸੀ, ਉਸ ਵੇਲੇ 1946 ਵਿੱਚ ਦੂਰਅੰਦੇਸ਼ ਸਿੱਖਿਆਵਿਦ ਐਮ.ਆਰ.ਦਾਸ ਨੇ ਡੀ.ਸੀ ਮਾਡਲ ਸਕੂਲ ਦੀ ਸਥਾਪਨਾ ਕਰਕੇ ਸਿੱਖਿਆ ਖੇਤਰ ਵਿੱਚ ਇਨਕਲਾਬੀ ਪਹਿਲ ਕੀਤੀ ਸੀ। ਉਨ੍ਹਾਂ ਕਿਹਾ ਕਿ ਸੰਸਥਾਪਕ ਦਾ ਮਕਸਦ ਸਿਰਫ਼ ਕਿਤਾਬੀ ਸਿੱਖਿਆ ਦੇਣਾ ਨਹੀਂ ਸੀ, ਸਗੋਂ ਵਿਦਿਆਰਥੀਆਂ ਨੂੰ ਅਜਿਹੀ ਵਿਹਾਰਕ, ਮੁੱਲ ਆਧਾਰਿਤ ਅਤੇ ਜੀਵਨ ਉਪਯੋਗੀ ਸਿੱਖਿਆ ਦੇਣੀ ਸੀ ਜੋ ਉਨ੍ਹਾਂ ਨੂੰ ਹਰ ਖੇਤਰ ਵਿੱਚ ਸਫ਼ਲ ਬਣਾਏ। ਉਨ੍ਹਾਂ ਕਿਹਾ ਕਿ ਡੀਸੀਐਮ ਕੇਵਲ ਇੱਕ ਸਿੱਖਿਆ ਸੰਸਥਾ ਨਹੀਂ, ਸਗੋਂ ਇੱਕ ਮਜ਼ਬੂਤ ਪਰਿਵਾਰ ਹੈ, ਜਿਸ ਨੇ ਹਰ ਔਖੇ ਸਮੇਂ ਵਿੱਚ ਸਮਾਜ ਦੇ ਨਾਲ ਖੜ੍ਹ ਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਈ ਹੈ।

ਡਾ: ਗੁਪਤਾ ਨੇ ਕਿਹਾ ਕਿ 1947 ਦੀ ਵੰਡ, 1988 ਦੇ ਭਿਆਨਕ ਹੜ੍ਹ, ਕਾਰਗਿਲ ਯੁੱਧ, ਕੋਵਿਡ 19 ਮਹਾਮਾਰੀ ਅਤੇ ਆਪਰੇਸ਼ਨ ਸਿੰਦੂਰ ਵਰਗੇ ਮੁਸ਼ਕਲ ਸਮਿਆਂ ਦੌਰਾਨ ਵੀ ਡੀ.ਸੀ.ਐਮ ਪਰਿਵਾਰ ਨੇ ਹਮੇਸ਼ਾ ਲੋੜਵੰਦਾਂ ਦੀ ਮਦਦ ਲਈ ਅੱਗੇ ਆ ਕੇ ਕੰਮ ਕੀਤਾ। ਅੱਜ ਡੀਸੀਐਮ ਦੇ ਹਜ਼ਾਰਾਂ ਵਿਦਿਆਰਥੀ ਦੇਸ਼ ਵਿਦੇਸ਼ ਵਿੱਚ ਪ੍ਰਸ਼ਾਸਨ, ਡਾਕਟਰੀ, ਇੰਜੀਨੀਅਰਿੰਗ, ਰੱਖਿਆ, ਉਦਯੋਗ, ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਉੱਚ ਅਹੁਦਿਆਂ ਤੇ ਸੇਵਾਵਾਂ ਨਿਭਾਉਂਦੇ ਹੋਏ ਆਪਣੇ ਸਕੂਲ, ਜ਼ਿਲ੍ਹੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਰਹੇ ਹਨ। ਸਮਾਗਮ ਦੌਰਾਨ ਉਨ੍ਹਾਂ ਸਟਾਰ ਐਲੂਮਨਾਈ ਨੂੰ ਵੀ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਦੇ ਪਰਿਵਾਰਾਂ ਦੀਆਂ ਲਗਾਤਾਰ ਤਿੰਨ ਪੀੜ੍ਹੀਆਂ ਨੇ ਇਸੇ ਸੰਸਥਾ ਤੋਂ ਸਿੱਖਿਆ ਪ੍ਰਾਪਤ ਕੀਤੀ ਹੈ। ਮਹਿਮਾਨਾਂ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਭੇਂਟ ਕੀਤੇ ਗਏ।

ਮੁੱਖ ਮਹਿਮਾਨ ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਰਹੱਦੀ ਜ਼ਿਲ੍ਹੇ ਵਿੱਚ ਸਥਿਤ ਹੋਣ ਦੇ ਬਾਵਜੂਦ ਡੀਸੀਐਮ ਗਰੁੱਪ ਨੇ ਸਿੱਖਿਆ ਦੇ ਖੇਤਰ ਵਿੱਚ ਰਾਸ਼ਟਰੀ ਪੱਧਰ ਤੇ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਸਰਹੱਦ ਤੋਂ ਸਿਰਫ਼ ਸੱਤ ਕਿਲੋਮੀਟਰ ਦੀ ਦੂਰੀ ਤੇ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਐਨਾ ਆਧੁਨਿਕ ਸਿੱਖਿਆ ਸੰਸਥਾਨ ਕਾਇਮ ਕਰਨਾ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਸਿੱਖਿਆ ਖੇਤਰ ਵਿੱਚ ਲਗਾਤਾਰ ਸੁਧਾਰ ਅਤੇ ਆਧੁਨਿਕ ਸਹੂਲਤਾਂ ਦੇ ਵਿਸਥਾਰ ਲਈ ਵਚਨਬੱਧ ਹੈ। ਉਨ੍ਹਾਂ ਵਿਸ਼ੇਸ਼ ਤੌਰ ਤੇ ਡਾ: ਅਨਿਰੁੱਧ ਗੁਪਤਾ ਦੇ ਨੇਤ੍ਰਿਤਵ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਡੀਸੀਐਮ ਗਰੁੱਪ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ, ਸਕਿੱਲ ਡਿਵੈਲਪਮੈਂਟ, ਰੋਬੋਟਿਕਸ, ਆਰਟੀਫਿਸ਼ਲ ਇੰਟੈਲੀਜੈਂਸ ਅਤੇ ਵਿਸ਼ਵ ਪੱਧਰੀ ਮੁਕਾਬਲੇ ਲਈ ਤਿਆਰ ਕਰਨ ਵਿੱਚ ਸ਼ਲਾਘਾਯੋਗ ਕੰਮ ਕਰ ਰਿਹਾ ਹੈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਡੀਸੀਐਮ ਗਰੁੱਪ ਦੀ 80 ਸਾਲਾਂ ਦੀ ਗੌਰਵਮਈ ਯਾਤਰਾ ਤੇ ਆਧਾਰਿਤ ਵਿਸ਼ੇਸ਼ ਕੌਫੀ ਟੇਬਲ ਬੁੱਕ ਦਾ ਵੀ ਲੋਕ ਅਰਪਣ ਕੀਤਾ ਗਿਆ। ਇਸ ਪੁਸਤਕ ਵਿੱਚ ਸੰਸਥਾ ਦੀ ਸਥਾਪਨਾ ਤੋਂ ਲੈ ਕੇ ਅੱਜ ਤੱਕ ਦੀ ਵਿਕਾਸ ਯਾਤਰਾ, ਇਤਿਹਾਸਕ ਪ੍ਰਾਪਤੀਆਂ, ਪ੍ਰੇਰਣਾਦਾਇਕ ਘਟਨਾਵਾਂ ਅਤੇ ਦੇਸ਼ ਵਿਦੇਸ਼ ਵਿੱਚ ਵੱਖ—ਵੱਖ ਖੇਤਰਾਂ ਵਿੱਚ ਆਪਣੀ ਪਹਿਚਣ ਬਣਾਉਣ ਵਾਲੇ ਸਟਾਰ ਐਲੂਮਨਾਈ ਦੀਆਂ ਸਫ਼ਲਤਾਵਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ ਹੈ।

ਸਮਾਗਮ ਦੇ ਅੰਤ ਵਿੱਚ ਗਰੁੱਪ ਦੇ ਚੀਫ਼ ਆਪਰੇਟਿੰਗ ਅਫ਼ਸਰ (ਸੇਵਾ ਮੁਕਤ ਮੇਜਰ ਜਨਰਲ) ਵੀਰ ਭੱਟ ਨੇ ਸਾਰੇ ਮਹਿਮਾਨਾਂ, ਮਾਪਿਆਂ, ਸਾਬਕਾ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ। ਸਮਾਪਤੀ ਮੌਕੇ ਵਿਰਾਸਤ ਏ ਪੰਜਾਬ ਵੱਲੋਂ ਪੇਸ਼ ਕੀਤੇ ਗਏ ਜੋਸ਼ੀਲੇ ਭੰਗੜੇ ਅਤੇ ਲੋਕ ਨਾਚਾਂ ਨੇ ਪੂਰੇ ਮਾਹੌਲ ਨੂੰ ਖ਼ੁਸ਼ੀ ਅਤੇ ਉਤਸ਼ਾਹ ਨਾਲ ਭਰ ਦਿੱਤਾ। ਸਮਾਗਮ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਹੋਇਆ। ਇਸ ਮੌਕੇ ਸੀਨੀਅਰ ਡਾਇਰੈਕਟਰ ਅਕੈਡਮਿਕਸ ਡਾ: ਰਾਗਿਨੀ ਗੁਪਤਾ, ਸਿਵਲ ਸਰਜਨ ਡਾ: ਮੀਨਾਕਸ਼ੀ ਢੀਂਗਰਾ, ਪ੍ਰਿੰਸੀਪਲ ਯਾਚਨਾ ਚਾਵਲਾ, ਡਾ: ਕਮਲ ਬਾਗੀ, ਉਦਯੋਗਪਤੀ ਰਮਨ ਗਰਗ, ਰਾਹੁਲ ਮਿੱਤਲ, ਮੀਨਾਕਸ਼ੀ ਸਿੰਘਲ, ਲਲਿਤ ਮੋਹਨ ਗੋਇਲ, ਪ੍ਰਭਾ ਭਾਸਕਰ, ਡਾ: ਸ਼ੀਲ ਸੇਠੀ, ਡਾ: ਹਰਸ਼ਾ ਭੋਲਾ, ਡਾ: ਸੁਸ਼ਮਾ ਸੇਠੀ, ਡਾ: ਨਿਖਿਲ ਗੁਪਤਾ, ਡਿਪਟੀ ਪ੍ਰਿੰਸੀਪਲ ਮਨੀਸ਼ ਬਾਂਗਾ, ਡਾ: ਵਿਕਾਸ ਅਰੋੜਾ, ਦੀਪਕ ਸ਼ਰਮਾ, ਅਵੀ ਅਵਸਥੀ, ਚੰਦਰਮੋਹਨ ਹਾਂਡਾ, ਸੁਨੀਲ, ਰਿਸ਼ੀ ਸ਼ਰਮਾ, ਵਿਪੁਲ ਨਾਰੰਗ, ਡਾ: ਬੰਨੀ ਨੰਦਾ ਸਮੇਤ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

# ਮਾਨ ਸਰਕਾਰ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ-ਚੇਅਰਮੈਨ ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਹਲਕੇ ਦੇ ਪਿੰਡ ਘਨੌਰ ਖੁਰਦ ਵਿਖੇ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮਾਂ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤੁਰੰਤ ਅਤੇ ਸਮਾਂਬੱਧ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਨੇ ਸਰਕਾਰ ਅਤੇ ਆਮ ਲੋਕਾਂ ਵਿਚਕਾਰ ਸਿੱਧੇ ਸੰਵਾਦ ਨੂੰ ਹੋਰ ਮਜ਼ਬੂਤ ਕੀਤਾ ਹੈ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਧੂਰੀ ਹਲਕੇ ਵਿੱਚ ਸੜਕਾਂ, ਪੀਣ ਵਾਲੇ ਪਾਣੀ, ਸੀਵਰੇਜ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਮੁਕੰਮਲ ਕੀਤੇ ਗਏ ਹਨ, ਜਦਕਿ ਹੋਰ ਕਈ ਪ੍ਰੋਜੈਕਟ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਯੋਗ ਮਹਿਲਾਵਾਂ ਨੂੰ ਹਰ ਮਹੀਨੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਆਰਥਿਕ ਸਥਿਤੀ ਹੋਰ ਮਜ਼ਬੂਤ ਹੋ ਰਹੀ ਹੈ।

ਚੇਅਰਮੈਨ ਢਿੱਲੋਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਕਿਸੇ ਵੀ ਸਮੱਸਿਆ ਲਈ ਬਿਨਾਂ ਝਿਜਕ 'ਲੋਕ ਮਿਲਣੀ' ਪ੍ਰੋਗਰਾਮਾਂ ਵਿੱਚ ਆਪਣੀ ਗੱਲ ਰੱਖਣ। ਉਨ੍ਹਾਂ ਭਰੋਸਾ ਦਿੱਤਾ ਕਿ ਧੂਰੀ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ , ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਬਲਾਕ ਪ੍ਰਧਾਨ ਸੁਰਜੀਤ ਸਿੰਘ, ਸਮਾਜ ਸੇਵੀ ਜਗਰੂਪ ਸਿੰਘ ਧਾਦਰਾਂ , ਸਰਪੰਚ ਅਮਨ ਘਨੌਰ, ਨਾਜਰ ਸਿੰਘ ਪੰਚ, ਗੁਰਦਿਪ ਸਿੰਘ ਪੰਚ, ਹਰਪਾਲ ਸਿੰਘ ਪੰਚ, ਨਿਰਮਲ ਸਿੰਘ ਪੰਚ, ਦਰਸ਼ਨ ਸਿੰਘ ਪੰਚ, ਮਮਤਾ ਬੇਗਮ ਪੰਚ, ਅਮਰੀਕ ਸਿੰਘ ਪੰਚ, ਇੰਦਰਜੀਤ ਸਿੰਘ ਪੰਚ, ਜਗਵਿੰਦਰ ਸਿੰਘ ਪੰਚ, ਠੇਕੇਦਾਰ ਦਰਸ਼ਨ ਸਿੰਘ ਜਗਦੀਪ ਸਿੰਘ ਮੈਂਬਰ ਬਲਾਕ ਸੰਮਤੀ ਹਾਜ਼ਰ ਸਨ।

# ਤੀਜਾ ਸ੍ਰੀ ਵੀ.ਕੇ. ਜੋਸ਼ੀ ਬਰਨਾਲਾ ਜ਼ਿਲ੍ਹਾ ਸ਼ਤਰੰਜ ਟੂਰਨਾਮੈਂਟ ਕਰਵਾਇਆ ਗਿਆਜ਼ਿਲ੍ਹੇ ਭਰ ਤੋਂ ਬੱਚਿਆਂ ਨੇ ਲਿਆ ਹਿੱਸਾ, ਜੇਤੂ ਬੱਚਿਆਂ ਨੂੰ ਮਿਲੇਗੀ ਮੁਫ਼ਤ ਕੋਚਿੰਗ

ਬਰਨਾਲਾ, 5 ਜੁਲਾਈ (ਆਵਾਜ਼ਿ ਕੌਮ ਬਿਊਰੋ): ਸ੍ਰੀ ਵੀ.ਕੇ. ਜੋਸ਼ੀ ਬਰਨਾਲਾ ਜ਼ਿਲ੍ਹਾ ਚੈੱਸ ਐਸੋਸੀਏਸ਼ਨ ਵੱਲੋਂ ਬਰਨਾਲਾ ਕਲੱਬ ਵਿਖੇ ਤੀਜੇ ਅੰਡਰ-11, ਅੰਡਰ-15, ਅੰਡਰ-19 ਅਤੇ ਓਪਨ ਸ਼ਤਰੰਜ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਜ਼ਿਲ੍ਹੇ ਭਰ ਤੋਂ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਅੰਤਰਰਾਸ਼ਟਰੀ ਨੈਟਬਾਲ ਖਿਡਾਰੀ ਤੇ ਸੀਆਈਡੀ ਇੰਸਪੈਕਟਰ ਰਾਜਪਾਲ ਸਿੰਘ ਅਤੇ ਜੀਆਰਪੀ ਦੇ ਸਬ-ਇੰਸਪੈਕਟਰ ਸੁਖਪਾਲ ਸਿੰਘ ਨੇ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਖੇਡਾਂ ਬੱਚਿਆਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਦੀਆਂ ਹਨ ਅਤੇ ਉਨ੍ਹਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਸਕਾਰਾਤਮਕ ਸੋਚ ਦਾ ਵਿਕਾਸ ਕਰਦੀਆਂ ਹਨ। ਉਨ੍ਹਾਂ ਖਿਡਾਰੀਆਂ ਨੂੰ ਹਾਰ-ਜਿੱਤ ਦੀ ਪਰਵਾਹ ਕੀਤੇ ਬਿਨਾਂ ਖੇਡ ਭਾਵਨਾ ਨਾਲ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਐਸੋਸੀਏਸ਼ਨ ਦੇ ਅਹੁਦੇਦਾਰਾਂ ਸਕੁਲ ਕੌਸ਼ਲ, ਸੌਰਭ ਗੋਇਲ, ਮੋਹਿਤ ਬਾਂਸਲ, ਹਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਆਸ਼ੂਤੋਸ਼ ਕੌਸ਼ਲ, ਰਾਹੁਲ ਗਰਗ ਅਤੇ ਜੈਨੇਂਦਰ ਜੋਸ਼ੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸ਼ਤਰੰਜ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਬਰਨਾਲਾ ਤੋਂ ਵੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਹੋ ਸਕਣ ਉਨ੍ਹਾਂ ਜਾਣਕਾਰੀ ਦਿੱਤੀ ਕਿ 11 ਅਤੇ 12 ਜੁਲਾਈ ਨੂੰ ਵਾਈ.ਐੱਸ. ਸਕੂਲ, ਬਰਨਾਲਾ ਵਿਖੇ ਦੋ ਰੋਜ਼ਾ ਅੰਤਰਰਾਸ਼ਟਰੀ ਪੱਧਰ ਦਾ ਸ਼ਤਰੰਜ ਸਿਖਲਾਈ ਕੈਂਪ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਫਿਡੇ ਮਾਸਟਰ ਰਾਮ ਪ੍ਰਕਾਸ਼ ਖਿਡਾਰੀਆਂ ਨੂੰ ਵਿਸ਼ੇਸ਼ ਸਿਖਲਾਈ ਦੇਣਗੇ। ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਖਿਡਾਰੀਆਂ ਨੂੰ ਇਸ ਕੋਚਿੰਗ ਕੈਂਪ ਵਿੱਚ ਮੁਫ਼ਤ ਸਿਖਲਾਈ ਦਿੱਤੀ ਜਾਵੇਗੀ।





## ਜਨਮ ਦਿਨ ਮੁਬਾਰਕ

**ਹਰਸ਼ਿਲ ਸੋਨੀ**
ਪਿਤਾ ਦਿਨੇਸ਼ ਸੋਨੀ ਮਾਤਾ ਬਬੀਤਾ ਸੋਨੀ ਵਾਸੀ ਅੰਮ੍ਰਿਤਸਰ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਫ਼ਿਰੋਜ਼ਪੁਰ ਦੇ ਪਿੰਡਾਂ ਦਾ ਦੌਰਾ

# ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ ਨੇ ਮਹਾਂ ਪੁਰਖਾ ਦਾ ਕੀਤਾ ਸਨਮਾਨ







ਫ਼ਿਰੋਜ਼ਪੁਰ, 05 ਜੁਲਾਈ (ਮਨੋਹਰ ਲਾਲ) :– ਸਿੱਖ ਪੰਥ ਦੀ ਸਿਰਮੌਰ ਅਤੇ ਇਤਿਹਾਸਕ ਸੰਸਥਾ ਦਮਦਮੀ ਟਕਸਾਲ ਦੇ ਮੁਖੀ ਮਹਾਂਪੁਰਖ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਵੱਖ–ਵੱਖ ਪਿੰਡਾਂ ਦਾ ਇੱਕ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਇਲਾਕੇ ਦੀਆਂ ਪ੍ਰਮੁੱਖ ਧਾਰਮਿਕ, ਸਮਾਜਿਕ ਅਤੇ ਸਤਿਕਾਰਯੋਗ ਸ਼ਖਸੀਅਤਾਂ ਨਾਲ ਮੁਲਾਕਾਤ ਕੀਤੀ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਮਹਾਂਪੁਰਖਾਂ ਦੇ ਇਸ ਦੌਰੇ ਨੂੰ ਲੈ ਕੇ ਇਲਾਕੇ ਦੀਆਂ ਸੰਗਤਾਂ ਅਤੇ ਸਥਾਨਕ ਆਗੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਆਪਣੇ ਇਸ ਵਿਸ਼ੇਸ਼ ਦੌਰੇ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਫ਼ਿਰੋਜ਼ਪੁਰ ਦੇ ਵੱਖ–ਵੱਖ ਪਿੰਡਾਂ ਸਾਦੇ ਹਾਸ਼ਮ, ਮਧਰੇ ਅਤੇ ਬੁਰਜ ਮੱਖਣ ਸਿੰਘ ਵਾਲਾ ਵਿਖੇ ਪਹੁੰਚੇ। ਇਨ੍ਹਾਂ ਸਾਰੀਆਂ ਥਾਵਾਂ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਮਹਾਂਪੁਰਖਾਂ ਦਾ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਮਹਾਂਪੁਰਖਾਂ ਵੱਲੋਂ ਇਲਾਕੇ ਦੀਆਂ ਸਤਿਕਾਰਯੋਗ ਸ਼ਖਸੀਅਤਾਂ ਨੂੰ ਪੰਥ ਅਤੇ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਬਿਹਤਰ ਸੇਵਾਵਾਂ ਬਦਲੇ ਸਤਿਕਾਰ ਵਜੋਂ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ ਅਤੇ ਉਨ੍ਹਾਂ ਨੂੰ ਗੁਰੂ ਘਰ ਦੀਆਂ ਖੁਸ਼ੀਆਂ ਬਖਸ਼ੀਆਂ। ਇਸ ਦੌਰੇ ਦੌਰਾਨ ਇੱਕ ਵਿਸ਼ੇਸ਼ ਧਾਰਮਿਕ ਅਤੇ ਸਮਾਜਿਕ ਸਮਾਗਮ ਵੀ ਦੇਖਣ ਨੂੰ ਮਿਲਿਆ, ਜਿੱਥੇ ਭਾਈ ਰਸਪਾਲ ਸਿੰਘ ਝੋਕ ਮੋਹੜੇ ਦੀ ਕੋਠੀ ਦਾ ਨੀਂਹ ਪੱਥਰ ਖੁਦ ਮਹਾਂਪੁਰਖਾਂ ਵੱਲੋਂ ਆਪਣੇ ਕਰ ਕਮਲਾਂ ਨਾਲ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨੇ ਪਰਿਵਾਰ ਨੂੰ ਚੜ੍ਹਦੀ ਕਲਾ ਦੀ ਅਸੀਸ ਦਿੱਤੀ। ਇਸ ਦੇ ਨਾਲ ਹੀ ਸੰਤ ਗਿਆਨੀ ਕਰਤਾਰ ਸਿੰਘ ਸੀਨੀਅਰ ਪਬਲਿਕ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਸਕੂਲ ਵਿੱਚੋਂ ਪਹਿਲੇ ਸਥਾਨ ਤੇ ਆਉਣ ਵਾਲੇ ਹੋਣਹਾਰ ਬੱਚਿਆਂ ਨੂੰ ਬਾਬਾ ਜੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਬੱਚਿਆਂ ਨੂੰ ਸਨਮਾਨਿਤ ਕਰਦਿਆਂ ਮਹਾਂਪੁਰਖਾਂ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਵਿੱਦਿਆ ਬਹੁਤ ਜ਼ਰੂਰੀ ਹੈ ਅਤੇ ਬੱਚਿਆਂ ਨੂੰ ਉੱਚ ਸਿੱਖਿਆ ਦੇ ਨਾਲ–ਨਾਲ ਆਪਣੇ ਅਮੀਰ ਵਿਰਸੇ ਤੇ ਗੁਰਮਤਿ ਸਿਧਾਂਤਾਂ ਨਾਲ ਜੁੜਨਾ ਚਾਹੀਦਾ ਹੈ। ਇਸ ਸਮੁੱਚੇ ਦੌਰੇ ਤੇ ਸਮਾਗਮਾਂ ਦੌਰਾਨ ਦਮਦਮੀ ਟਕਸਾਲ ਦੇ ਮੁਖੀ ਦੇ ਨਾਲ ਕਈ ਪ੍ਰਮੁੱਖ ਪੰਥਕ ਸ਼ਖਸੀਅਤਾਂ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜਿਨ੍ਹਾਂ ਵਿੱਚ ਮੁੱਖ ਤੌਰ ਤੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ, ਜਥੇਦਾਰ ਬਾਬਾ ਬਲਵਿੰਦਰ ਸਿੰਘ ਮਹਾਲਮ। ਭਾਈ ਪ੍ਰਭਜੋਤ ਸਿੰਘ, ਮਹਾਂਪੁਰਖਾਂ ਦੇ ਪੀ.ਏ. ਭਾਈ ਸਰਵਣ ਸਿੰਘ ਮੱਲਾਂਵਾਲਾ, ਜਸਵੀਰ ਸਿੰਘ ਅਸਮਾਨ ਵਾਲਾ, ਭਾਈ ਜੋਗਿੰਦਰ ਸਿੰਘ ਮਧਰੇ, ਭਾਈ ਅਮਰ ਸਿੰਘ (ਸਰਪੰਚ, ਮਧਰੇ), ਭਾਈ ਪ੍ਰਕਾਸ਼ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਕ੍ਰਿਪਾਲ ਸਿੰਘ ਤੋਂ ਇਲਾਵਾ ਇਲਾਕੇ ਦੇ ਹੋਰ ਵੀ ਬਹੁਤ ਸਾਰੇ ਸਿੰਘ, ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ, ਜਿਨ੍ਹਾਂ ਨੇ ਮਹਾਂਪੁਰਖਾਂ ਦੇ ਵਿਚਾਰਾਂ ਨੂੰ ਸਰਵਣ ਕੀਤਾ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਹ ਦੌਰਾ ਇਲਾਕੇ ਵਿੱਚ ਧਾਰਮਿਕ ਚੇਤਨਾ ਅਤੇ ਵਿੱਦਿਅਕ ਉਤਸ਼ਾਹ ਵਧਾਉਣ ਲਈ ਬਹੁਤ ਸਾਰਥਕ ਸਿੱਧ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਪੀਕਰ ਸੰਧਵਾਂ ਵੱਲੋਂ ਪਿੰਡ ਰੱਬੋਂ ਉੱਚੀ ਵਿਖੇ ਬਾਬਾ ਮਹਾਰਾਜ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ

**ਖੰਨਾ, 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਐਤਵਾਰ ਨੂੰ ਪਿੰਡ ਰੱਬੋਂ ਉੱਚੀ ਵਿਖੇ ਮਹਾਨ ਸਿੱਖ ਕ੍ਰਾਂਤੀਕਾਰੀ ਅਤੇ ਆਜ਼ਾਦੀ ਘੁਲਾਟੀਏ ਬਾਬਾ ਮਹਾਰਾਜ ਸਿੰਘ ਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ’ਤੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਵਿਸ਼ੇਸ਼ ਤੌਰ ਤੇ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਪਿੰਡ ਰੱਬੋ ਉੱਚੀ, ਪਾਇਲ, (ਲੁਧਿਆਣਾ) ਵਿਖੇ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨਾਲ ਹਲਕਾ ਪਾਇਲ ਦੇ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ, ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ, ਸੰਤ ਬਾਬਾ ਭੁਪਿੰਦਰ ਸਿੰਘ ਰਾੜਾ ਸਾਹਿਬ ਜਰਗ, ਸੰਤ ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਬਾ ਮਹਾਰਾਜ ਸਿੰਘ ਜੀ ਜੰਗ-ਏ-ਆਜ਼ਾਦੀ ਦੇ ਪਹਿਲੇ ਸ਼ਹੀਦ ਸਨ। ਉਨ੍ਹਾਂ ਕਿਹਾ ਕਿ ਬਾਬਾ ਮਹਾਰਾਜ ਸਿੰਘ ਨੇ ਪਹਿਲੀ ਸਿੱਖ-ਅੰਗਰੇਜ਼ ਜੰਗ ਪਿੱਛੋਂ ਪੰਜਾਬ ਵਿੱਚ ਅੰਗਰੇਜ਼ ਵਿਰੋਧੀ ਲਹਿਰ ਦੀ ਅਗਵਾਈ ਕੀਤੀ ਅਤੇ ਲੋਕਾਂ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਜੂਝਣ ਹਿੱਤ ਪ੍ਰੇਰਦੇ ਹੋਏ ਆਜ਼ਾਦੀ ਸੰਗਰਾਮ ਦੇ ਪਹਿਲੇ ਸ਼ਹੀਦ ਦੁਆਰਾ ਦਰਸਾਏ ਰਸਤੇ ’ਤੇ ਚੱਲਣ ਦਾ ਸੱਦਾ ਦਿੱਤਾ। ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਗੇ ਦੱਸਿਆ ਕਿ ਬਾਬਾ ਮਹਾਰਾਜ ਸਿੰਘ ਜੀ ਮਹਾਨ ਦੇਸ਼ ਭਗਤ ਸਨ, ਜਿਨ੍ਹਾਂ ਨੇ ਦੇਸ਼ ਦੀ ਅਜ਼ਾਦੀ ਦੀ ਖਾਤਰ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾਂ ਕਿਹਾ ਕਿ 1857 ਦੇ ਵਿਦ੍ਰੋਹ ਨੂੰ ਦੇਸ਼ ਦੀ ਆਜ਼ਾਦੀ ਦੀ ਜੰਗ ਦੀ ਸ਼ੁਰੂਆਤ ਵਜੋਂ ਪੇਸ਼ ਕਰਨ ਦੀਆਂ ਕੋਸ਼ਿਸ਼ਾਂ ਹੋਈਆਂ ਪਰ ਇਤਿਹਾਸ ਨੇ ਇਹ ਸਾਬਿਤ ਕਰ ਦਿੱਤਾ ਕਿ ਬਾਬਾ ਮਹਾਰਾਜ ਸਿੰਘ ਨੇ ਉਸੇ ਸਮੇਂ ਦੇਸ਼ ਨੂੰ ਆਜ਼ਾਦ ਕਰਾਉਣ ਲਈ ਸੰਘਰਸ਼ ਸ਼ੁਰੂ ਕਰ ਦਿੱਤਾ ਸੀ ਜਦੋਂ ਉਨ੍ਹਾਂ ਨੇ ਆਖਰੀ ਸਿੱਖ ਹੁਕਮਰਾਨ ਮਹਾਰਾਜਾ ਦਲੀਪ ਸਿੰਘ ਨੂੰ ਅੰਗਰੇਜ਼ਾਂ ਦੇ ਚੁੰਗਲ ਤੋਂ ਛੁਡਾਉਣ ਦੀ ਕੋਸ਼ਿਸ ਕੀਤੀ ਸੀ। ਪਰ, ਅੰਗਰੇਜ਼ਾਂ ਨੂੰ ਬਾਬਾ ਮਹਾਰਾਜ ਸਿੰਘ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਕੀਤੀ ਗਈ ਯੋਜਨਾਬੰਦੀ ਦੀ ਸੂਹ ਮਿਲ ਗਈ ਜਿਸ ਦੇ ਸਿੱਟੇ ਵਜੋਂ ਉਨ੍ਹਾਂ ਨੇ ਬਾਬਾ ਮਹਾਰਾਜ ਸਿੰਘ ਨੂੰ ਕੈਦ ਕਰ ਕੇ ਸਿੰਗਾਪੁਰ ਭੇਜ ਦਿੱਤਾ ਜਿੱਥੇ ਬਾਬਾ ਮਹਾਰਾਜ ਸਿੰਘ ਕਈ ਤੰਗੀਆਂ ਨਾਲ ਜੂਝਦੇ ਹੋਏ 05 ਜੁਲਾਈ, 1856 ਨੂੰ ਸ਼ਹੀਦ ਹੋ ਗਏ। ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਪਾਇਲ ਹਲਕੇ ਦੇ ਸਰਵਪੱਖੀ ਵਿਕਾਸ ਕਰਵਾਉਣ ਲਈ ਵਚਨਬੱਧ ਹੈ ਅਤੇ ਪਿੰਡ ਰੱਬੋਂ ਉੱਚੀ ਦੇ ਵਿਕਾਸ ਲਈ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਵਿਧਾਨ ਸਭਾ ਹਲਕਾ ਪਾਇਲ ਦੇ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਨੇ ਸਹੀਦ ਬਾਬਾ ਮਹਾਰਾਜ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਬਾਬਾ ਜੀ ਨੇ ਨਾਮ ਸਿਮਰਨ ਦੇ ਆਸਰੇ ਉਨ੍ਹਾਂ ਕਾਲ ਕੋਠੜੀ ਵਿੱਚ 6 ਸਾਲ ਕੱਟੇ ਜਿਥੇ ਉਹਨਾਂ ਦੀਆਂ ਅੱਖਾਂ ਦੀ ਰੋਸ਼ਨੀ ਜਾਂਦੀ ਰਹੀ ਅਤੇ ਕੈਂਸਰ ਵਰਗੀ ਨਾ-ਮੁਰਾਦ ਬਿਮਾਰੀ ਦਾ ਸ਼ਿਕਾਰ ਹੋ ਗਏ ਪਰੰਤੂ ਰੂਹਾਨੀ ਸ਼ਕਤੀ ਆਸਰੇ ਹਮੇਸ਼ਾ ਚੜ੍ਹਦੀ ਕਲਾ ’ਚ ਰਹੇ। ਅੰਗਰੇਜ਼ਾਂ ਦੀ ਈਨ ਨਾ ਮੰਨੀ ਅਤੇ 5 ਜੁਲਾਈ, 1856 ਨੂੰ ਸਿੰਘਾਪੁਰ ਦੀ ਜੇਲ੍ਹ ਵਿੱਚ ਹੀ ਅੰਤਮ ਦਿਨ ਤੱਕ ਰਹੇ। ਉਹਨਾਂ ਕਿਹਾ ਕਿ ਇੱਥੇ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਸਲਾਘਾ ਕਰਨੀ ਬਣਦੀ ਹੈ ਜਿਨ੍ਹਾਂ ਨੇ ਉਹਨਾਂ ਦੇ ਜਨਮ ਨਗਰ ਪਿੰਡ ਰੱਬੋਂ ਉੱਚੀ ਵਿਖੇ ਉਹਨਾਂ ਦੀ ਯਾਦ ’ਚ ਇੱਕ ਆਲੀਸ਼ਾਨ ਗੁਰਦੁਆਰਾ ਬਣਾਇਆ ਹੈ। ਉਹਨਾਂ ਕਿਹਾ ਕਿ ਉਹ ਬਾਬਾ ਜੀ ਦੇ ਜਨਮ ਸਥਾਨ ਪਿੰਡ ਰੱਬੋ ਉੱਚੀ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਸ. ਗਿਆਸਪੁਰਾ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਦਾ ਪਿੰਡ ਰੱਖੋ ਉੱਚੀ ਵਿਖੇ ਬਾਬਾ ਮਹਾਰਾਜ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਹੁੰਚਣ ਲਈ ਵਿਸ਼ੇਸ਼ ਤੌਰ ਤੇ ਧੰਨਵਾਦ ਵੀ ਕੀਤਾ। ਇਸ ਉਪਰੰਤ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਅਤੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦਾ ਵਿਸ਼ੇਸ਼ ਤੌਰ ’ਤੇ ਸਨਮਾਨ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਪੰਚਾਇਤ ਮਲੌਦ ਦੇ ਪ੍ਰਧਾਨ ਸ੍ਰੀਮਤੀ ਸੋਨੀਆ ਗੋਇਲ, ਨਗਰ ਕੌਂਸਲ ਦੋਰਾਹਾ ਦੇ ਸਾਬਕਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਮਰਹੂਮ ਸ਼ਾਇਰ ਰਣਜੀਤ ਸਿੰਘ ‘ਬਾਬਲ’ ਦਾ ਕਾਵਿ ਸੰਗ੍ਰਹਿ ’ਤੇਰੇ ਜਾਣ ਪਿੱਛੋਂ’ ਲੋਕ ਅਰਪਿਤ ਸਮਾਗਮ



**ਬਾਬਾ ਬਕਾਲਾ ਸਾਹਿਬ, 5 ਜਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲੰਦਿਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਮਾਝਾ ਜਨਵਾਦੀ ਲੇਖਕ ਸਭਾ ਦੇ ਜਨਰਲ ਸਕੱਤਰ ਸ: ਹਰਦਰਸ਼ਨ ਸਿੰਘ ਕਮਲ, ਮਝੈਲਾਂ ਦੀ ਸੱਥ ਦੇ ਪ੍ਰਧਾਨ ਡਾ: ਗਗਨਦੀਪ ਸਿੰਘ, ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ., ਸ੍ਰੀ ਮੁਨੀਸ਼ ਕੁਮਾਰ ਭੱਠੇ ਵਾਲੇ, ਸ੍ਰੀਮਤੀ ਜਸਬੀਰ ਕੌਰ (ਸੁਪਤਨੀ ਸਵਰਗੀ ਰਣਜੀਤ ਸਿੰਘ ਬਾਬਲ), ਸੁਖਵੰਤ ਕੌਰ ਵੱਸੀ ਪ੍ਰਧਾਨ ਮਹਿਲਾ ਵਿੰਗ, ਪੰਜਾਬ ਸਾਹਿਤਕ ਮੰਚ ਜਲੰਧਰ ਵੱਲੋਂ ਨਾਨਕ ਚੰਦ ਵਿਰਲੀ, ਸੁਖਦੇਵ ਸਿੰਘ ਗੰਡਵਾਂ, ਸ਼ਬਦ ਨਾਦ ਮੰਚ ਤੋਂ ਪ੍ਰੋ: ਬਖਤਾਵਰ ਧਾਲੀਵਾਲ, ਕੰਵਲਜੀਤ ਸਿੰਘ ਭੁੱਲਰ, ਅਤੇ ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ ਆਦਿ ਸ਼ੁਸ਼ੋਭਿਤ ਹੋਏ । ਇਸ ਮੌਕੇ ਸਭਾ ਦੇ ਮੀਤ ਪ੍ਰਧਾਨ ਸ: ਰਣਜੀਤ ਸਿੰਘ ਬਾਬਲ ਦੀ ਮੌਤ ਪਿੱਛੋਂ ਉਨ੍ਹਾਂ ਦਾ ਕਾਵਿ ਸੰਗ੍ਰਹਿ ’ਤੇਰੇ ਜਾਣ ਪਿੱਛੋਂ’, ਜੋ ਕਿ ਸਭਾ ਦੇ ਮੁੱਖ ਸੰਚਾਲਕ ਸ਼ੇਲੰਦਿਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ ਕੀਤਾ ਗਿਆ ਹੈ, ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਮੈਡਮ ਅਨੂਪਮਾ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਗੁਰਮੀਤ ਕੌਰ ਬੱਲ ਜੋਧੇ, ਹਰਵਿੰਦਰਜੀਤ ਕੌਰ ਬਾਠ, ਸਿਮਰਨਜੀਤ ਕੌਰ ਮਾਹਲਾ, ਜਸਮਿੰਦਰਜੀਤ ਕੌਰ, ਨਵਦੀਪ ਸਿੰਘ ਬਦੇਸ਼ਾ, ਅਸ਼ੋਕ ਟਾਂਡੀ, ਜਗਦੀਸ਼ ਸਿੰਘ ਬਮਰਾਹ, ਮਾ: ਧਰਮ ਸਿੰਘ ਧਿਆਨਪੁਰ, ਰਮੇਸ਼ ਕੁਮਾਰ ਜਾਨੂੰ, ਸੁਲਤਾਨ ਭਾਰਤੀ, ਮਨਦੀਪ ਸਿੰਘ ਬੋਪਰਾਏ, ਸੂਬੇਦਾਰ ਹਰਜੀਤ ਸਿੰਘ, ਅਮਨਿੰਦਰ ਸਿੰਘ ਵਡਾਲਾ, ਕੁਲਵੰਤ ਸਿੰਘ ਗਿੱਲ ਠੱਠੀਆਂ, ਸੋਨੂੰ ਸੁਲਤਾਨ, ਨਿਸ਼ਾਨ ਸਿੰਘ (ਮਜਲਸ), ਡਾ: ਸਰਬਜੀਤ ਸਿੰਘ ਬਿੱਲਾ, ਮਾ: ਬਲਬੀਰ ਸਿੰਘ ਬੀਰ, ਡਾ: ਅਮਨਦੀਪ ਸਿੰਘ ਬਿਆਸ, ਬਲਵਿੰਦਰ ਸਿੰਘ ਅਠੌਲਾ, ਜਗਦੀਸ਼ ਸਿੰਘ ਬਮਰਾਹ, ਅਜੀਤ ਸਿੰਘ ਸਠਿਆਲਵੀ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਰਾਜਵਿੰਦਰ ਸਿੰਘ ਵੜੈਚ, ਕੈਪਟਨ ਸਿੰਘ ਮਹਿਤਾ, ਜਤਿੰਦਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ । ਇਸ ਮੌਕੇ ਮਰਹੂਮ ਸ਼ਾਇਰ ਰਣਜੀਤ ਸਿੰਘ ਬਾਬਲ ਦੇ ਪਰਿਵਾਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਮੈਡਮ ਸੁਖਵੰਤ ਕੌਰ ਵੱਸੀ ਦੇ ਭੈਣ ਜੀ ਬੀਬੀ ਮਨਜੀਤ ਕੌਰ ਦੀ ਮੌਤ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਸ਼ੇਲੰਦਿਰਜੀਤ ਸਿੰਘ ਰਾਜਨ ਨੇ ਨਿਭਾਏ ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਨੀਤੀ ਨੂੰ ਮੁੜ ਅੱਗੇ ਵਧਾ ਕੇ ਕਿਸਾਨਾਂ ਅਤੇ ਪੰਜਾਬ ਦੇ ਹੱਕਾਂ ’ਤੇ ਕੀਤਾ ਵੱਡਾ ਹਮਲਾ : ਅਕਾਲੀ ਦਲ ਵਾਰਿਸ ਪੰਜਾਬ ਦੇ

## ‘ਮਾਵਾਂ-ਧੀਆਂ ਸਤਿਕਾਰ ਯੋਜਨਾ’’ ਦੇ ਰੌਲੇ ਦੀ ਆੜ ਵਿੱਚ ਲੋਕਾਂ ਦਾ ਧਿਆਨ ਭਟਕਾ ਕੇ ਨੀਤੀ ਨੂੰ ਮਨਜ਼ੂਰੀ ਦਿੱਤੀ ਗਈ

**ਅੰਮ੍ਰਿਤਸਰ 5 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਨੂੰ ਸੋਧਾਂ ਦੇ ਨਾਂ ’ਤੇ ਮੁੜ ਅੱਗੇ ਵਧਾਉਣ ਦੇ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਹੈ ਕਿ ਇਹ ਪੰਜਾਬ ਦੇ ਕਿਸਾਨਾਂ, ਪਿੰਡਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਹੱਕਾਂ ’ਤੇ ਇੱਕ ਵੱਡਾ ਹਮਲਾ ਹੈ। ਪਾਰਟੀ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਜਿਸ ਨੀਤੀ ਨੂੰ ਪਹਿਲਾਂ ਪੰਜਾਬ ਭਰ ਦੇ ਕਿਸਾਨਾਂ, ਪਿੰਡਾਂ, ਸਮਾਜਿਕ ਜਥੇਬੰਦੀਆਂ ਅਤੇ ਸਿਆਸੀ ਧਿਰਾਂ ਦੇ ਭਾਰੀ ਵਿਰੋਧ ਕਾਰਨ ਸਰਕਾਰ ਨੂੰ ਵਾਪਸ ਲੈਣਾ ਪਿਆ ਸੀ, ਉਸੇ ਨੀਤੀ ਨੂੰ ਹੁਣ ਨਵੇਂ ਲਿਬਾਸ ਵਿੱਚ ਮੁੜ ਅੱਗੇ ਵਧਾਇਆ ਜਾ ਰਿਹਾ ਹੈ। ਪਾਰਟੀ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਨੇ “ਮਾਵਾਂ-ਧੀਆਂ ਸਤਿਕਾਰ ਯੋਜਨਾ” ਦਾ ਪੂਰੇ ਸੂਬੇ ਵਿੱਚ ਵੱਡੇ ਪੱਧਰ ’ਤੇ ਪ੍ਰਚਾਰ ਕਰਕੇ ਲੋਕਾਂ ਦਾ ਧਿਆਨ ਉਸ ਪਾਸੇ ਲਾਇਆ ਅਤੇ ਇਸੇ ਦੌਰਾਨ ਚੁੱਪ-ਚਾਪ ਲੈਂਡ ਪੂਲਿੰਗ ਨੀਤੀ ਨੂੰ ਕੈਬਨਿਟ ਤੋਂ ਮਨਜ਼ੂਰੀ ਦਿਵਾ ਦਿੱਤੀ। ਪਾਰਟੀ ਨੇ ਕਿਹਾ ਕਿ ਇਹ ਲੋਕਾਂ ਨਾਲ ਸਿੱਧਾ ਧੋਖਾ ਹੈ ਅਤੇ ਸਰਕਾਰ ਦੀ ਨੀਅਤ ’ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਪੰਜਾਬ ਦੀ ਉਪਜਾਊ ਜ਼ਮੀਨ ਕਿਸੇ ਵੀ ਸਰਕਾਰ ਦੀ ਜਾਇਦਾਦ ਨਹੀਂ, ਸਗੋਂ ਇਹ ਕਿਸਾਨਾਂ ਦੀ ਵਿਰਾਸਤ ਅਤੇ ਪੰਜਾਬ ਦੀ ਆਰਥਿਕ ਰੀੜ੍ਹ ਦੀ ਹੱਡੀ ਹੈ। ਜੇਕਰ ਸਰਕਾਰ ਵਿਕਾਸ ਦੇ ਨਾਂ ’ਤੇ ਉਪਜਾਊ ਜ਼ਮੀਨ ਨੂੰ ਰੀਅਲ ਅਸਟੇਟ ਪ੍ਰੋਜੈਕਟਾਂ ਅਤੇ ਸ਼ਹਿਰੀ ਕਲੋਨੀਆਂ ਵਿੱਚ ਤਬਦੀਲ ਕਰਨ ਦਾ ਰਾਹ ਖੋਲ੍ਹਦੀ ਹੈ ਤਾਂ ਇਸ ਦੇ ਸਭ ਤੋਂ ਵੱਡੇ ਨੁਕਸਾਨੀਏ ਕਿਸਾਨ ਅਤੇ ਪੰਜਾਬ ਦਾ ਭਵਿੱਖ ਹੋਣਗੇ। ਪਾਰਟੀ ਨੇ ਕਿਹਾ ਕਿ ਵਿਸ਼ਵ ਬੈਂਕ ਦੇ ਮੁਖੀ ਅਜੈ ਬੰਗਾ ਨੇ ਵੀ ਹਾਲ ਹੀ ਵਿੱਚ ਚਿੰਤਾ ਜਤਾਈ ਸੀ ਕਿ ਪੰਜਾਬ ਦੇ ਕਈ ਨੌਜਵਾਨ ਪਰਿਵਾਰਕ ਖੇਤੀ ਵਾਲੀ ਜ਼ਮੀਨ ਵੇਚ ਕੇ ਥੋੜ੍ਹੇ ਸਮੇਂ ਵਿੱਚ ਪੈਸਾ ਖਰਚ ਕਰ ਦਿੰਦੇ ਹਨ ਅਤੇ ਬਾਅਦ ਵਿੱਚ ਰੁਜ਼ਗਾਰ ਲਈ ਭਟਕਣ ਲਈ ਮਜਬੂਰ ਹੋ ਜਾਂਦੇ ਹਨ। ਅਜਿਹੇ ਹਾਲਾਤਾਂ ਵਿੱਚ ਪੰਜਾਬ ਸਰਕਾਰ ਨੂੰ ਖੇਤੀ ਵਾਲੀ ਜ਼ਮੀਨ ਬਚਾਉਣ ਦੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ, ਨਾ ਕਿ ਇਸ ਨੂੰ ਹੋਰ ਖ਼ਤਰੇ ਵਿੱਚ ਪਾਉਣ ਵਾਲੇ ਫ਼ੈਸਲੇ ਕਰਨੇ ਚਾਹੀਦੇ ਹਨ। ਅੱਜ ਪੰਜਾਬ ਪਹਿਲਾਂ ਹੀ ਨਸ਼ਿਆਂ, ਬੇਰੁਜ਼ਗਾਰੀ, ਕਰਜ਼ੇ ਅਤੇ ਕਿਸਾਨੀ ਦੀ ਮੰਦਹਾਲੀ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਸਰਕਾਰ ਦਾ ਪਹਿਲਾ ਫ਼ਰਜ਼ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦਾ ਹੱਲ ਕਰਨਾ ਸੀ, ਨਾ ਕਿ ਜ਼ਮੀਨਾਂ ਸੰਬੰਧੀ ਅਜਿਹੇ ਫ਼ੈਸਲੇ ਕਰਨਾ ਜਿਨ੍ਹਾਂ ਨਾਲ ਪਿੰਡਾਂ ਵਿੱਚ ਨਵਾਂ ਟਕਰਾਅ ਪੈਦਾ ਹੋਵੇ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਸਰਕਾਰ ਭਾਵੇਂ ਨੀਤੀ ਵਿੱਚ ਸੋਧਾਂ ਕਰਨ ਦੇ ਦਾਅਵੇ ਕਰ ਰਹੀ ਹੈ, ਪਰ ਅਸਲ ਸਵਾਲ ਇਹ ਹੈ ਕਿ ਕੀ ਪੰਜਾਬ ਦੇ ਕਿਸਾਨਾਂ, ਪੰਚਾਇਤਾਂ ਅਤੇ ਪ੍ਰਭਾਵਿਤ ਪਿੰਡਾਂ ਨਾਲ ਸੱਚੇ ਅਰਥਾਂ ਵਿੱਚ ਸਲਾਹ-ਮਸ਼ਵਰਾ ਕੀਤਾ ਗਿਆ ? ਜੇ ਲੋਕਾਂ ਦਾ ਭਰੋਸਾ ਹੀ ਨਹੀਂ ਲਿਆ ਗਿਆ ਤਾਂ ਇਸ ਨੀਤੀ ਨੂੰ ਲੋਕ-ਹਿਤੈਸ਼ੀ ਕਿਵੇਂ ਕਿਹਾ ਜਾ ਸਕਦਾ ਹੈ ? ਪਾਰਟੀ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਕਿਸਾਨਾਂ ਦੀ ਇੱਛਾ ਦੇ ਵਿਰੁੱਧ ਇਸ ਨੀਤੀ ਨੂੰ ਜ਼ਬਰਦਸਤੀ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅਕਾਲੀ ਦਲ ਵਾਰਿਸ ਪੰਜਾਬ ਦੇ ਹਰ ਲੋਕਤੰਤਰੀ ਅਤੇ ਸੰਵਿਧਾਨਕ ਤਰੀਕੇ ਨਾਲ ਕਿਸਾਨਾਂ ਅਤੇ ਪੰਜਾਬ ਦੇ ਲੋਕਾਂ ਦੇ ਨਾਲ ਡਟ ਕੇ ਖੜ੍ਹੇਗਾ ਅਤੇ ਪੰਜਾਬ ਦੀ ਧਰਤੀ ਨੂੰ ਕਿਸੇ ਵੀ ਕੀਮਤ ’ਤੇ ਕਾਰਪੋਰੇਟ ਹਿੱਤਾਂ ਦੀ ਭੇਟ ਨਹੀਂ ਚੜ੍ਹਨ ਦੇਵੇਗਾ।

## ਦੇਗ ਤੇਗ ਫ਼ਤਹਿ
## ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

### ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

### ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

## ਸਿੱਖ ਫੈਡਰੇਸ਼ਨ, ਯੂ. ਕੇ.

| ਪਰਮਿੰਦਰ ਸਿੰਘ ਬੱਲ | ਅਜੀਤਪਾਲ ਸਿੰਘ ਸਹੋਤਾ | ਹਰਮੇਲ ਸਿੰਘ ਖਾਲਸਾ |
|---|---|---|
| ਪ੍ਰਧਾਨ | ਜਨਰਲ ਸਕੱਤਰ | ਆਰਗੇਨਾਈਜ਼ਰ |

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243